19-MAR-PAGE-1.qxd 3/18/2024 10:37 PM Page 1

ਮੰਗਲਵਾਰ, 19 ਮਾਰਚ, 2024
6 ਚੇਤ { ਨਾਨਕਸ਼ਾਹੀ 556 / ਬਿਕਰਮੀ 2080
ਜਿਲਦ/VOL. : 72
ਅੰਕ/NO. : 289

ਨਵਾਂ ਜ਼ਮਾਨਾ

DAILY NAWAN ZAMANA • TUESDAY, 19 MARCH, 2024 ਜਲੰਧਰ

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

You Tube nawan zamana TV

ਸਟੇਟ ਬੈਂਕ 21 ਤੱਕ ਚੋਣ ਬਾਂਡਾਂ ਦੇ ਸਾਰੇ ਵੇਰਵੇ ਦੇਵੇ : ਸੁਪਰੀਮ ਕੋਰਟ

ਨਵੀਂ ਦਿੱਲੀ : ਸੁਪਰੀਮ ਕੋਰਟ ਨੇ ਸੋਮਵਾਰ ਕਿਹਾ ਕਿ ਭਾਰਤੀ ਸਟੇਟ ਬੈਂਕ (ਐੱਸ ਬੀ ਆਈ) ਚੋਣਾਵੀ ਪਹੁੰਚ ਨਹੀਂ ਅਪਣਾ ਸਕਦੀ ਅਤੇ ਉਸ ਨੂੰ ਚੋਣ ਬਾਂਡਾਂ ਬਾਰੇ ਸਾਰੀਆਂ ਸੰਭਵ ਜਾਣਕਾਰੀਆਂ ਦਾ 21 ਮਾਰਚ ਤੱਕ ਖੁਲਾਸਾ ਕਰਨਾ ਹੋਵੇਗਾ, ਜਿਸ 'ਚ ਵਿਲੱਖਣ ਬਾਂਡ ਨੰਬਰ ਸ਼ਾਮਲ ਹਨ, ਜਿਸ ਨਾਲ ਖਰੀਦਦਾਰ ਅਤੇ ਪ੍ਰਾਪਤਕਰਤਾ ਸਿਆਸੀ ਪਾਰਟੀਆਂ ਦੇ ਆਪਸੀ ਸੰਬੰਧਾਂ ਦਾ ਖੁਲਾਸਾ ਹੋਵੇਗਾ। ਸਟੇਟ ਬੈਂਕ ਦੇ ਚੇਅਰਮੈਨ ਨੂੰ ਇਸ ਹੁਕਮ ਦੀ ਪਾਲਣਾ ਕਰਕੇ 21 ਮਾਰਚ ਸ਼ਾਮ 5 ਵਜੇ ਤੱਕ ਹਲਫਨਾਮਾ ਦਾਇਰ ਕਰਨਾ ਹੋਵੇਗਾ। ਚੀਫ ਜਸਟਿਸ ਡੀ ਵਾਈ ਚੰਦਰਚੂੜ ਦੀ ਅਗਵਾਈ ਵਾਲੀ ਪੰਜ ਜੱਜਾਂ ਦੀ ਬੈਂਚ ਨੇ ਕਿਹਾ ਕਿ ਸੁਪਰੀਮ ਕੋਰਟ ਨੇ ਚੋਣ ਬਾਂਡ ਮਾਮਲੇ 'ਚ ਆਪਣੇ ਫੈਸਲੇ 'ਚ ਬੈਂਕ ਨੂੰ ਬਾਂਡਾਂ ਦੇ ਸਾਰੇ ਵੇਰਵਿਆਂ ਦਾ ਖੁਲਾਸਾ ਕਰਨ ਲਈ ਕਿਹਾ ਸੀ ਅਤੇ ਉਸ ਨੂੰ ਇਸ ਸੰਬੰਧੀ ਹੋਰ ਹੁਕਮਾਂ ਦੀ ਉਡੀਕ ਨਹੀਂ ਕਰਨੀ ਚਾਹੀਦੀ। ਬੈਂਚ 'ਚ ਜਸਟਿਸ ਸੰਜੀਵ ਖੰਨਾ, ਜਸਟਿਸ ਬੀ ਆਰ ਗਵਈ, ਜਸਟਿਸ ਜੇ ਬੀ ਪਾਰਦੀਵਾਲਾ ਅਤੇ ਜਸਟਿਸ ਮਨੋਜ ਮਿਸ਼ਰਾ ਵੀ ਸ਼ਾਮਲ ਹਨ।

ਬੈਂਚ ਨੇ ਇਹ ਵੀ ਕਿਹਾ ਕਿ ਚੋਣ ਕਮਿਸ਼ਨ ਬੈਂਕ ਤੋਂ ਸੂਚਨਾ ਮਿਲਣ ਤੋਂ ਬਾਅਦ ਤੁਰੰਤ ਵੇਰਵੇ ਆਪਣੀ ਵੈੱਬਸਾਈਟ 'ਤੇ ਅਪਲੋਡ ਕਰੇਗਾ। ਇਸ ਦੌਰਾਨ ਅਦਾਲਤ ਨੂੰ ਦੱਸਿਆ ਗਿਆ ਕਿ ਇਸ ਮਾਮਲੇ 'ਚ ਸੋਸ਼ਲ ਮੀਡੀਆ 'ਤੇ ਕਈ ਗਲਤ ਗੱਲਾਂ ਕਹੀਆਂ ਜਾ ਰਹੀਆਂ ਹਨ। ਬੈਂਚ ਨੇ ਕਿਹਾ—ਅਸੀਂ ਕਾਨੂੰਨ ਦੇ ਤਹਿਤ ਕੰਮ ਕਰ ਰਹੇ ਹਾਂ ਅਤੇ ਸਾਨੂੰ ਇਸ ਨਾਲ ਕੋਈ ਫਰਕ ਨਹੀਂ ਪੈਂਦਾ ਕਿ ਸੋਸ਼ਲ ਮੀਡੀਆ 'ਤੇ ਕੀ ਚੱਲ ਰਿਹਾ ਹੈ।

ਪਿਛਲੇ ਹਫਤੇ ਸੁਪਰੀਮ ਕੋਰਟ ਨੇ ਦੇਸ਼ ਦੀ ਸਭ ਤੋਂ ਵੱਡੀ ਬੈਂਕ ਨੂੰ ਇਸ ਦੇ ਨਿਰਦੇਸ਼ਾਂ ਦੀ ਪਾਲਣਾ 'ਚ ਵਿਲੱਖਣ ਅੱਖਰ ਅੰਕਾਂ ਦਾ ਖੁਲਾਸਾ ਨਾ ਕਰਨ ਲਈ ਕਾਰਨ ਦੱਸੋ ਨੋਟਿਸ ਜਾਰੀ ਕੀਤਾ ਸੀ ਅਤੇ ਕਿਹਾ ਸੀ ਕਿ ਬੈਂਕ ਨੂੰ ਇਹ ਦੱਸਣਾ ਹੋਵੇਗਾ।

ਮੋਦੀ ਸਰਕਾਰ ਦੇ ਰਾਜ ਦੌਰਾਨ ਗਰੀਬਾਂ ਸਿਰ ਕਰਜ਼ਾ ਵਧਿਆ : ਧਾਲੀਵਾਲ/ਅਰਸ਼ੀ

ਮਾਈਕਰੋ ਫਾਇਨਾਂਸ ਕੰਪਨੀਆਂ ਦੀ ਧੱਕੇਸ਼ਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ : ਆਸਲ

ਫਰੀਦਕੋਟ (ਐਲਿਗਜ਼ੈਂਡਰ ਡਿਸੂਜਾ) 'ਮੋਦੀ ਸਰਕਾਰ ਦੇ ਪਿਛਲੇ 10 ਸਾਲ ਦੇ ਕਾਰਜਕਾਲ ਦੌਰਾਨ ਜਿੱਥੇ ਕਾਰਪੋਰੇਟ ਘਰਾਣਿਆਂ ਨੇ ਦੌਲਤ ਦੇ ਪਹਾੜ ਖੜੇ ਕਰ ਲਏ ਹਨ, ਉੱਥੇ ਦੇਸ਼ ਦੀ ਬਹੁ-ਗਿਣਤੀ ਗਰੀਬ ਜਨਤਾ ਦਾ ਹਾਲ ਹੋਰ ਮੰਦਾ ਹੋਇਆ ਹੈ ਅਤੇ ਉਨ੍ਹਾਂ ਦਾ ਵਾਲ-ਵਾਲ ਕਰਜ਼ੇ ਨਾਲ ਵਿੰਨ੍ਹਿਆ ਗਿਆ ਹੈ।' ਇਹ ਸ਼ਬਦ ਸੋਮਵਾਰ ਸਥਾਨਕ ਮਿੰਨੀ ਸਕੱਤਰੇਤ ਸਾਹਮਣੇ 'ਘਰੇਲੂ ਮਜ਼ਦੂਰ ਏਕਤਾ ਯੂਨੀਅਨ' ਸੰਬੰਧਤ ਏਟਕ ਦੀ ਪ੍ਰਭਾਵਸ਼ਾਲੀ ਰੈਲੀ ਨੂੰ ਸੰਬੋਧਨ ਕਰਦੇ ਹੋਏ ਏਟਕ ਦੇ ਸੂਬਾ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ ਅਤੇ ਡਿਪਟੀ ਸਕੱਤਰ ਅਮਰਜੀਤ ਸਿੰਘ ਆਸਲ ਨੇ ਮਜ਼ਦੂਰ ਵਿਰੋਧੀ ਸਰਕਾਰਾਂ ਨੂੰ ਲੋਕ ਸਭਾ ਚੋਣਾਂ ਵਿੱਚ ਸਬਕ ਸਿਖਾਉਣ ਦਾ ਸੱਦਾ ਦਿੱਤਾ। ਰੈਲੀ ਨੂੰ ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਅਤੇ ਸਾਬਕਾ ਵਿਧਾਇਕ ਹਰਦੇਵ ਸਿੰਘ ਅਰਸ਼ੀ ਨੇ ਸੰਬੋਧਨ ਕਰਦੇ ਹੋਏ ਦੱਸਿਆ ਕਿ ਉਨ੍ਹਾ ਵੱਲੋਂ ਭਾਰਤੀ ਰਿਜ਼ਰਵ ਬੈਂਕ ਤੋਂ ਸੂਚਨਾ ਅਧਿਕਾਰ ਐਕਟ ਤਹਿਤ ਮੰਗੀ ਜਾਣਕਾਰੀ ਤੋਂ ਪਤਾ ਲੱਗਿਆ ਹੈ ਕਿ ਪੰਜਾਬ ਵਿੱਚ ਗਰੀਬ ਔਰਤਾਂ ਨੂੰ ਕਰਜ਼ੇ ਦੇਣ ਦਾ ਧੰਦਾ ਕਰਨ ਵਾਲੀਆਂ ਬਹੁਤੀਆਂ ਪ੍ਰਾਈਵੇਟ ਕੰਪਨੀਆਂ ਰਜਿਸਟਰਡ ਨਹੀਂ ਹਨ ਅਤੇ ਨਾ ਹੀ ਇਨ੍ਹਾਂ ਵੱਲੋਂ ਵਸੂਲੇ ਜਾ ਰਹੇ ਵਿਆਜ ਦੀ ਦਰ ਨਿਸਚਿਤ ਕੀਤੀ ਗਈ ਹੈ, ਜਿਸ ਕਾਰਨ ਇਨ੍ਹਾਂ ਲੁੱਟ ਮਚਾਈ ਹੋਈ ਹੈ।

ਘਰੇਲੂ ਮਜ਼ਦੂਰ ਏਕਤਾ ਯੂਨੀਅਨ ਦੀ ਸੂਬਾਈ ਆਗੂ ਦਸਵਿੰਦਰ ਕੌਰ ਨੇ ਔਰਤਾਂ ਨੂੰ ਇਕਮੁੱਠ ਹੋ ਕੇ ਫਾਇਨਾਂਸ ਕੰਪਨੀਆਂ ਦੀ ਧੱਕੇਸ਼ਾਹੀ ਅਤੇ ਲੁੱਟ ਦਾ ਮੁਕਾਬਲਾ ਕਰਨ ਲਈ 26 ਅਪ੍ਰੈਲ ਨੂੰ ਵੱਡੀ ਰੈਲੀ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ। ਰੈਲੀ ਨੂੰ ਟਰੇਡ ਯੂਨੀਅਨ ਆਗੂ ਅਸ਼ੋਕ ਕੌਸ਼ਲ, ਗੁਰਨਾਮ ਸਿੰਘ ਜ਼ਿਲਾ ਪ੍ਰਧਾਨ ਪੰਜਾਬ ਖੇਤ ਮਜ਼ਦੂਰ ਸਭਾ ਅਤੇ ਕਿਸਾਨ ਆਗੂ ਸੁਖਜਿੰਦਰ ਸਿੰਘ ਤੂੰਬੜਭੰਨ ਨੇ ਸੰਬੋਧਨ ਕਰਦੇ ਹੋਏ ਸਰਕਾਰਾਂ ਤੋਂ ਮੰਗ ਕੀਤੀ ਕਿ ਮਜ਼ਦੂਰ ਔਰਤਾਂ ਸਿਰ ਚੜ੍ਹਿਆ ਕਰਜ਼ਾ ਮੁਆਫ ਕੀਤਾ ਜਾਵੇ।

ਰੈਲੀ ਦੇ ਅੰਤ 'ਤੇ ਡਿਪਟੀ ਕਮਿਸ਼ਨਰ ਫਰੀਦਕੋਟ ਵੱਲੋਂ ਤਹਿਸੀਲਦਾਰ ਨੇ ਰੈਲੀ ਵਿੱਚ ਪਹੁੰਚ ਕੇ 1004 ਔਰਤਾਂ ਦੀਆਂ ਮੁੱਖ ਮੰਤਰੀ ਪੰਜਾਬ ਦੇ ਨਾਂਅ ਕਰਜਾ ਮੁਆਫ਼ੀ ਲਈ ਦਿੱਤੀਆਂ ਦਰਖਾਸਤਾਂ ਦੇ ਬੰਡਲ ਸਮੇਤ ਮੰਗ ਪੱਤਰ ਪ੍ਰਾਪਤ ਕੀਤਾ।

ਹੋਰਨਾਂ ਤੋਂ ਇਲਾਵਾ ਗੁਰਚਰਨ ਸਿੰਘ ਮਾਨ, ਚਰਨਜੀਤ ਸਿੰਘ ਚੰਬੇਲੀ, ਜਗਤਾਰ ਸਿੰਘ ਭਾਣਾ, ਭੋਲਾ ਸਿੰਘ ਭਾਣਾ, ਮੁਖਤਿਆਰ ਸਿੰਘ, ਸੁਖਦਰਸ਼ਨ ਰਾਮ, ਭਲਵਿੰਦਰ ਸਿੰਘ ਔਲਖ, ਗੋਰਾ ਸਿੰਘ ਪਿਪਲੀ, ਪੀ ਆਰ ਟੀ ਸੀ ਦੇ ਸੁਖਚਰਨ ਸਿੰਘ, ਸੁਖਦੇਵ ਸਿੰਘ ਮੱਲ੍ਹੀ, ਗੁਰਦੀਪ ਭੋਲਾ, ਹਰਮੀਤ ਸਿੰਘ ਅਤੇ ਬਿਜਲੀ ਨਿਗਮ ਦੇ ਪੈਨਸ਼ਨਰ ਆਗੂ ਇੰਦਰਜੀਤ ਸਿੰਘ ਗਿੱਲ ਤੋਂ ਇਲਾਵਾ ਮਦਨ ਲਾਲ ਸ਼ਰਮਾ ਆਦਿ ਹਾਜ਼ਰ ਸਨ।

ਪੰਜਾਬੀਓ ! ਗੌਡਸੇਵਾਦੀ ਆਰ ਐੱਸ ਐੱਸ ਦੀਆਂ ਦੰਗੇਬਾਜ਼ ਨੀਤੀਆਂ ਤੋਂ ਸਾਵਧਾਨ ਰਹੋ : ਸੀ ਪੀ ਆਈ

ਚੰਡੀਗੜ੍ਹ : ਪੰਜਾਬ ਸੀ ਪੀ ਆਈ ਨੇ ਆਰ ਐੱਸ ਐੱਸ ਦੇ ਉਸ ਬਿਆਨ, ਜਿਸ ਵਿਚ ਕਿਸਾਨ ਅੰਦੋਲਨ ਨੂੰ ਖਾਲਿਸਤਾਨੀ ਗਰਦਾਨਿਆ ਗਿਆ, 'ਤੇ ਸੋਮਵਾਰ ਤਿੱਖਾ ਪ੍ਰਤੀਕਰਮ ਕਰਦਿਆਂ ਕਿਹਾ ਕਿ ਜਦੋਂ ਉਸ ਦੀ ਅਗਵਾਈ ਵਾਲੀ ਭਾਜਪਾ ਸਰਕਾਰ 'ਚੋਣ ਬਾਂਡ' ਦੇ ਸੁਆਲ 'ਤੇ ਬੁਰੀ ਤਰ੍ਹਾਂ ਨੰਗੀ ਹੋ ਗਈ ਹੈ ਤਾਂ ਠੀਕ ਉਸ ਵਕਤ ਲੋਕਾਂ ਦਾ ਧਿਆਨ ਹਟਾਉਣ ਵਾਸਤੇ ਆਰ ਐੱਸ ਐੱਸ ਆਪਣਾ ਘਟੀਆ ਵੰਡ-ਪਾਊ ਫਿਰਕੂ ਏਜੰਡਾ ਸਾਹਮਣੇ ਲੈ ਆਇਆ ਹੈ ਅਤੇ ਦੇਸ਼-ਵਿਆਪੀ ਸ਼ਾਨਦਾਰ ਕਿਸਾਨ ਅੰਦੋਲਨ ਨੂੰ ਉਗਰਵਾਦੀ ਅਤੇ ਖਾਲਿਸਤਾਨੀ ਕਹਿ ਕੇ ਦੰਗੇ ਕਰਾਉਣ ਦੀ ਗੰਦੀ ਖੇਡ ਖੇਡਣ ਦੀ ਤਿਆਰੀ ਕਰ ਰਿਹਾ ਹੈ। ਪੰਜਾਬ ਸੀ ਪੀ ਆਈ ਦੇ ਸਕੱਤਰ ਬੰਤ ਸਿੰਘ ਬਰਾੜ ਨੇ ਆਖਿਆ ਕਿ ਇਹ ਨਵੀਂ ਗੱਲ ਨਹੀਂ, ਜਦੋਂ ਵੀ ਭਾਜਪਾ ਸਰਕਾਰ ਵਿਚ ਲੋਕਾਂ ਦਾ ਗੁੱਸਾ ਫੈਲਦਾ ਹੈ ਤਾਂ ਆਰ ਐੱਸ ਐੱਸ ਮੋਦੀ ਸਰਕਾਰ ਨੂੰ ਹਦਾਇਤ ਕਰਕੇ ਫਿਰਕੂ ਏਜੰਡੇ ਅੱਗੇ ਲਿਆ ਕੇ ਸੀ ਏ ਏ (ਨਾਗਰਿਕ ਸੋਧ ਕਾਨੂੰਨ) ਜਾਂ ਫਿਰ ਕਿਸਾਨ ਅੰਦੋਲਨ ਨੂੰ ਖਾਲਿਸਤਾਨੀ, ਜਾਟ ਅੰਦੋਲਨ ਜਾਂ ਪੰਜਾਬ, ਹਰਿਆਣਾ ਦਾ ਅੰਦੋਲਨ ਕਹਿ ਕੇ ਭੰਡਣ ਦਾ ਕੰਮ ਕਰਦਾ ਹੈ। ਉਹਨਾ ਦੋਸ਼ ਲਾਇਆ ਕਿ ਆਰ ਐੱਸ ਐੱਸ ਅਤੇ ਹਿੰਦੂ ਮਹਾਂ ਸਭਾ ਵਰਗੀਆਂ ਏਜੰਸੀਆਂ ਆਜ਼ਾਦੀ ਦੀ ਜੰਗ ਵਿਚ ਅੰਗਰੇਜ਼ਾਂ ਦੇ ਪਿੱਠੂ ਬਣ ਕੇ ਗਦਾਰੀ ਕਰਦੀਆਂ ਆ ਰਹੀਆਂ ਤੇ ਹੁਣ ਫੇਰ ਉਸੇ ਨੀਤੀਆਂ 'ਤੇ ਚੱਲ ਕੇ ਕਾਰਪੋਰੇਟ ਘਰਾਣਿਆਂ ਦੇ ਪਿੱਠੂਆਂ ਦੀ ਭੂਮਿਕਾ ਅਦਾ ਕਰਦੀਆਂ ਹੋਈਆਂ ਘੱਟ ਗਿਣਤੀਆਂ ਵਿਚ ਦੰਗੇ ਭੜਕਾ ਕੇ, ਮਜ਼ਦੂਰਾਂ, ਕਿਸਾਨਾਂ ਦੇ ਅੰਦੋਲਨਾਂ ਦਾ ਵਿਰੋਧ ਕਰਕੇ, ਸੰਵਿਧਾਨ ਅਤੇ ਜਮਹੂਰੀਅਤ ਦਾ ਮਜ਼ਾਕ ਉਡਾਉਂਦੀਆਂ ਹੋਈਆਂ ਫੈਡਰਲ ਢਾਂਚੇ ਨੂੰ ਬਰਬਾਦ ਕਰਨ 'ਤੇ ਤੁਲੀਆਂ ਹੋਈਆਂ ਹਨ। ਉਹਨਾ ਪੰਜਾਬੀਆਂ ਨੂੰ ਸ਼ਾਂਤ ਰਹਿ ਕੇ ਅੰਦੋਲਨ ਜਾਰੀ ਰੱਖ ਕੇ ਭੜਕਾਹਟ ਵਿਚ ਆਏ ਬਿਨਾਂ ਪੰਜਾਬ ਅਤੇ ਫੈਡਰਲ ਢਾਂਚੇ ਦੀਆਂ ਇਹਨਾਂ ਦੁਸ਼ਮਣ ਏਜੰਸੀਆਂ ਦੀਆਂ ਚਾਲਾਂ ਤੋਂ ਪੂਰੀ ਤਰ੍ਹਾਂ ਸੁਚੇਤ ਰਹਿਣ ਦੀ ਅਪੀਲ ਕੀਤੀ ਹੈ।

ਬੰਗਾਲ ਦੇ ਡੀ ਜੀ ਪੀ ਤੇ ਛੇ ਗ੍ਰਹਿ ਸਕੱਤਰਾਂ ਨੂੰ ਹਟਾਉਣ ਦੇ ਆਦੇਸ਼

ਨਵੀਂ ਦਿੱਲੀ : ਆਜ਼ਾਦ, ਨਿਰਪੱਖ ਅਤੇ ਪਾਰਦਰਸ਼ੀ ਚੋਣਾਂ ਕਰਾਉਣ ਲਈ ਭਾਰਤੀ ਚੋਣ ਕਮਿਸ਼ਨ ਨੇ ਗੁਜਰਾਤ, ਉੱਤਰ ਪ੍ਰਦੇਸ਼, ਬਿਹਾਰ, ਝਾਰਖੰਡ, ਹਿਮਾਚਲ ਅਤੇ ਉੱਤਰਾਖੰਡ ਦੇ ਗ੍ਰਹਿ ਸਕੱਤਰਾਂ ਨੂੰ ਹਟਾਉਣ ਦੇ ਆਦੇਸ਼ ਜਾਰੀ ਕੀਤੇ ਹਨ। ਇਸ ਤੋਂ ਇਲਾਵਾ ਮਿਜ਼ੋਰਮ ਅਤੇ ਹਿਮਾਚਲ 'ਚ ਆਮ ਪ੍ਰਸ਼ਾਸਨਿਕ ਵਿਭਾਗ ਦੇ ਸਕੱਤਰ ਨੂੰ ਵੀ ਹਟਾ ਦਿੱਤਾ ਗਿਆ ਹੈ। ਇਸ ਦੇ ਨਾਲ ਪੱਛਮੀ ਬੰਗਾਲ ਦੇ ਪੁਲਸ ਮੁਖੀ ਨੂੰ ਵੀ ਹਟਾਉਣ ਦਾ ਹੁਕਮ ਦਿੱਤਾ ਹੈ। ਕਮਿਸ਼ਨ ਨੇ ਬੀ ਐੱਮ ਸੀ ਦੇ ਕਮਿਸ਼ਨਰ ਇਕਬਾਲ ਸਿੰਘ ਚਾਹਲ ਤੇ ਡਿਪਟੀ ਕਮਿਸ਼ਨਰਾਂ ਨੂੰ ਫਾਰਗ ਕਰਨ ਲਈ ਕਿਹਾ ਹੈ।

ਹਿਮਾਚਲ ਦੇ ਬਾਗੀ ਵਿਧਾਇਕਾਂ ਨੂੰ ਸਟੇਅ ਨਹੀਂ ਮਿਲਿਆ

ਨਵੀਂ ਦਿੱਲੀ : ਸੁਪਰੀਮ ਕੋਰਟ ਨੇ ਕਾਂਗਰਸ ਦੇ ਛੇ ਬਾਗੀ ਵਿਧਾਇਕਾਂ ਦੀ ਅਯੋਗਤਾ ਵਿਰੁੱਧ ਦਾਇਰ ਪਟੀਸ਼ਨ 'ਤੇ ਸੋਮਵਾਰ ਸਟੇਅ ਨਹੀਂ ਦਿੱਤਾ, ਪਰ ਹਿਮਾਚਲ ਪ੍ਰਦੇਸ਼ ਵਿਧਾਨ ਸਭਾ ਸਪੀਕਰ ਦੇ ਦਫਤਰ ਤੋਂ ਜਵਾਬ ਮੰਗਿਆ ਹੈ। ਅਦਾਲਤ ਨੇ ਕਿਹਾ ਕਿ ਬਾਗੀ ਕਾਂਗਰਸੀ ਵਿਧਾਇਕਾਂ ਦੀ ਪਟੀਸ਼ਨ 'ਤੇ ਫੈਸਲਾ ਹੋਣ ਤੱਕ ਉਨ੍ਹਾਂ ਨੂੰ ਵਿਧਾਨ ਸਭਾ 'ਚ ਵੋਟਿੰਗ ਜਾਂ ਸਦਨ ਦੀ ਕਾਰਵਾਈ 'ਚ ਹਿੱਸਾ ਲੈਣ ਦੀ ਇਜਾਜ਼ਤ ਨਹੀਂ ਹੋਵੇਗੀ।

ਤਿਲੰਗਾਨਾ ਦੀ ਰਾਜਪਾਲ ਦਾ ਅਸਤੀਫਾ

ਹੈਦਰਾਬਾਦ : ਤਿਲੰਗਾਨਾ ਦੀ ਰਾਜਪਾਲ ਤਾਮਿਲੀਸਾਈ ਸੁੰਦਰਰਾਜਨ ਨੇ ਅਸਤੀਫਾ ਦੇ ਦਿੱਤਾ ਹੈ। ਤਾਮਿਲੀਸਾਈ, ਜੋ ਪੁਡੂਚੇਰੀ ਦੀ ਉਪ ਰਾਜਪਾਲ ਵੀ ਹੈ, ਨੇ ਰਾਸ਼ਟਰਪਤੀ ਦਰੋਪਦੀ ਮੁਰਮੂ ਨੂੰ ਆਪਣਾ ਅਸਤੀਫਾ ਸੌਂਪ ਦਿੱਤਾ ਹੈ। ਉਨ੍ਹਾ ਦੇ ਤਾਮਿਲਨਾਡੂ ਤੋਂ ਭਾਜਪਾ ਦੀ ਟਿਕਟ 'ਤੇ ਲੋਕ ਸਭਾ ਚੋਣ ਲੜਨ ਦੀ ਸੰਭਾਵਨਾ ਹੈ।

ਕੇਜਰੀਵਾਲ ਪੇਸ਼ ਨਹੀਂ ਹੋਏ

ਨਵੀਂ ਦਿੱਲੀ : ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਸੋਮਵਾਰ ਦਿੱਲੀ ਜਲ ਬੋਰਡ 'ਚ ਕਥਿਤ ਬੇਨਿਯਮੀਆਂ ਨਾਲ ਸੰਬੰਧਤ ਮਨੀ ਲਾਂਡਰਿੰਗ ਮਾਮਲੇ 'ਚ ਸੰਮਨ ਜਾਰੀ ਕਰਨ 'ਤੇ ਈ ਡੀ ਅੱਗੇ ਪੇਸ਼ ਨਹੀਂ ਹੋਏ। ਆਮ ਆਦਮੀ ਪਾਰਟੀ ਨੇ ਵੀ ਸੰਮਨ ਨੂੰ ਗੈਰ-ਕਾਨੂੰਨੀ ਕਰਾਰ ਦਿੱਤਾ ਅਤੇ ਕੇਂਦਰ ਦੀ ਭਾਜਪਾ ਸਰਕਾਰ 'ਤੇ ਕੇਜਰੀਵਾਲ ਨੂੰ ਨਿਸ਼ਾਨਾ ਬਣਾਉਣ ਲਈ ਈ ਡੀ ਦੀ ਵਰਤੋਂ ਕਰਨ ਦਾ ਦੋਸ਼ ਲਾਇਆ। ਕੇਂਦਰੀ ਏਜੰਸੀ ਨੇ ਕੇਜਰੀਵਾਲ ਨੂੰ 18 ਮਾਰਚ ਨੂੰ ਪੁੱਛ-ਪੜਤਾਲ ਲਈ ਤਲਬ ਕੀਤਾ ਸੀ।

ਸਤਿੰਦਰ ਜੈਨ ਦੀ ਜ਼ਮਾਨਤ ਰੱਦ

ਨਵੀਂ ਦਿੱਲੀ : ਸੁਪਰੀਮ ਕੋਰਟ ਨੇ ਮਨੀ ਲਾਂਡਰਿੰਗ ਮਾਮਲੇ ਵਿਚ ਆਮ ਆਦਮੀ ਪਾਰਟੀ ਦੇ ਨੇਤਾ ਤੇ ਸਾਬਕਾ ਮੰਤਰੀ ਸਤਿੰਦਰ ਜੈਨ ਦੀ ਨਿਯਮਤ ਜ਼ਮਾਨਤ ਪਟੀਸ਼ਨ ਨੂੰ ਸੋਮਵਾਰ ਰੱਦ ਕਰ ਦਿੱਤਾ। ਜਸਟਿਸ ਬੇਲਾ ਐੱਮ ਤ੍ਰਿਵੇਦੀ ਅਤੇ ਜਸਟਿਸ ਪੰਕਜ ਮਿਥਲ ਦੀ ਬੈਂਚ ਨੇ ਜੈਨ ਨੂੰ ਤੁਰੰਤ ਆਤਮ-ਸਮਰਪਣ ਕਰਨ ਲਈ ਕਿਹਾ। ਜੈਨ ਫਿਲਹਾਲ ਅੰਤਰਮ ਜ਼ਮਾਨਤ 'ਤੇ ਬਾਹਰ ਹੈ। ਅਦਾਲਤ ਨੇ ਜੈਨ ਦੇ ਵਕੀਲ ਦੀ ਉਸ ਦੇ ਮੁਵੱਕਲ ਨੂੰ ਆਤਮ-ਸਮਰਪਣ ਕਰਨ ਲਈ ਹਫਤੇ ਦਾ ਸਮਾਂ ਦੇਣ ਦੀ ਜ਼ੁਬਾਨੀ ਬੇਨਤੀ ਨੂੰ ਰੱਦ ਕਰ ਦਿੱਤਾ।

ਨੇਪਾਲ ਦਾ ਸਾਬਕਾ ਸਪੀਕਰ ਸੋਨਾ ਤਸਕਰੀ 'ਚ ਗ੍ਰਿਫਤਾਰ

ਕਠਮੰਡੂ : ਨੇਪਾਲ ਦੀ ਸੰਸਦ ਦੇ ਹੇਠਲੇ ਸਦਨ ਦੇ ਸਾਬਕਾ ਸਪੀਕਰ ਕ੍ਰਿਸ਼ਨ ਬਹਾਦੁਰ ਮਹਾਰਾ ਨੂੰ ਸੋਨੇ ਦੀ ਤਸਕਰੀ ਦੇ ਮਾਮਲੇ 'ਚ ਗ੍ਰਿਫਤਾਰ ਕੀਤਾ ਗਿਆ ਹੈ। ਪੁਲਸ ਨੇ ਦੱਸਿਆ ਕਿ ਮਹਾਰਾ, ਜੋ ਨੇਪਾਲ ਦੀ ਕਮਿਊਨਿਸਟ ਪਾਰਟੀ (ਮਾਓਵਾਦੀ ਕੇਂਦਰ) ਦੇ ਉਪ ਪ੍ਰਧਾਨ ਹਨ, ਨੂੰ ਕਪਿਲਵਸਤੂ ਜ਼ਿਲ੍ਹੇ ਤੋਂ ਗ੍ਰਿਫਤਾਰ ਕੀਤਾ ਗਿਆ।

ਪਾਕਿਸਤਾਨ ਏਅਰਲਾਈਨਜ਼ ਨੂੰ ਜੁਰਮਾਨਾ

ਇਸਲਾਮਾਬਾਦ : ਪਾਕਿਸਤਾਨ ਇੰਟਰਨੈਸ਼ਨਲ ਏਅਰਲਾਈਨਜ਼ ਨੂੰ ਇਸ ਦੀ ਏਅਰ ਹੋਸਟੈੱਸ ਦੇ ਬਿਨਾਂ ਪਾਸਪੋਰਟ ਦੇ ਕੈਨੇਡਾ ਪਹੁੰਚਣ 'ਤੇ 250 ਡਾਲਰ ਜੁਰਮਾਨਾ ਲਗਾਇਆ ਗਿਆ ਹੈ। ਏਅਰ ਹੋਸਟੈੱਸ ਇਸਲਾਮਾਬਾਦ ਤੋਂ ਟੋਰਾਂਟੋ ਜਾਣ ਵਾਲੀ ਫਲਾਈਟ ਪੀ ਕੇ-781 'ਤੇ ਡਿਊਟੀ ਲਈ ਸੀ, ਜਦੋਂ ਇਹ ਅਣਕਿਆਸੀ ਘਟਨਾ ਵਾਪਰੀ। ਏਅਰਲਾਈਨਜ਼ ਦੇ ਬੁਲਾਰੇ ਨੇ ਉਨ੍ਹਾਂ ਦਾਅਵਿਆਂ ਦਾ ਖੰਡਨ ਕੀਤਾ, ਜਿਸ 'ਚ ਕਿਹਾ ਗਿਆ ਕਿ ਏਅਰ ਹੋਸਟੈੱਸ ਦਾ ਕੈਨੇਡਾ ਪਹੁੰਚਣ 'ਤੇ ਸਿਆਸੀ ਪਨਾਹ ਲੈਣ ਦਾ ਇਰਾਦਾ ਸੀ। ਇਹ ਧਿਆਨ ਦੇਣ ਯੋਗ ਹੈ ਕਿ ਪਿਛਲੇ ਦੋ ਸਾਲਾਂ 'ਚ ਪਾਕਿਸਤਾਨ ਦੀਆਂ 10 ਤੋਂ ਵੱਧ ਏਅਰ ਹੋਸਟੈੱਸ ਕੈਨੇਡਾ 'ਚ ਲਾਪਤਾ ਹੋ ਚੁੱਕੀਆਂ ਹਨ। ਇਕ ਮਾਰਚ ਨੂੰ ਜਹਾਜ਼ ਦੇ ਅਮਲੇ ਦਾ ਇਕ ਮੈਂਬਰ ਕੈਨੇਡਾ 'ਚ ਲਾਪਤਾ ਹੋ ਗਿਆ ਸੀ।

ਚੰਨੀ ਨੂੰ ਧਮਕਾਉਣ ਵਾਲਾ ਫੜ ਲੈਣ ਦਾ ਦਾਅਵਾ

ਰੂਪਨਗਰ : ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੂੰ ਦੋ ਕਰ

19-MAR-PAGE-1.qxd 3/18/2024 10:38 PM Page 2

ਨਗਰ ਕੌਂਸਲ ਦੇ ਈ ਓ ਤੇ ਪ੍ਰਧਾਨ ਵੱਲੋਂ ਐਸੋਸੀਏਸ਼ਨ ਦੇ ਨੁਮਾਇੰਦਿਆਂ ਨਾਲ ਮੀਟਿੰਗ

ਜਲਾਲਾਬਾਦ (ਜੰਗੀਰ ਕੌਰ ਫਲੀਆਂਵਾਲਾ)-ਪੰਜਾਬ ਮਿਉਂਸਪਲ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਬ੍ਰਾਂਚ ਜਲਾਲਾਬਾਦ ਦੇ ਸੀਨੀਅਰ ਮੀਤ ਪ੍ਰਧਾਨ ਸੁਖਦੇਵ ਸਿੰਘ ਦੀ ਪ੍ਰਧਾਨਗੀ ਹੇਠ ਨਗਰ ਕੌਂਸਲ ਦੇ ਕਾਰਜ ਸਾਧਕ ਅਫਸਰ ਤੇ ਨਗਰ ਕੌਂਸਲ ਦੇ ਪ੍ਰਧਾਨ ਨਾਲ ਪੈਨਸ਼ਨਰਜ਼ ਦੀਆਂ ਮੰਗਾਂ ਸਬੰਧੀ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਫਾਜ਼ਿਲਕਾ ਤੋਂ ਬ੍ਰਾਂਚ ਪ੍ਰਧਾਨ ਰਾਜ ਕੁਮਾਰ, ਜਨਰਲ ਸਕੱਤਰ ਕੁਲਵੰਤ ਰਾਏ ਗਾਬਾ, ਚੇਅਰਮੈਨ ਪ੍ਰਦੀਪ ਧਵਨ, ਅਰਜਨ ਦੇਵ ਤੇ ਸਤੀਸ਼ ਗਾਂਧੀ ਸ਼ਾਮਲ ਹੋਏ। ਨਗਰ ਕੌਂਸਲ ਦੇ ਪ੍ਰਧਾਨ ਵਿਕਾਸਦੀਪ ਚੌਧਰੀ ਤੇ ਕਾਰਜ ਸਾਧਕ ਅਫਸਰ ਨੇ ਜਥੇਬੰਦੀ ਦੇ ਆਗੂਆਂ ਨੂੰ ਵਿਸ਼ਵਾਸ ਦਿਵਾਇਆ ਕਿ ਐਸੋਸੀਏਸ਼ਨ ਦੀਆਂ ਮੰਗਾਂ ਜਿਵੇਂ ਕਿ ਪੈਨਸ਼ਨਰਜ਼ ਦੇ ਰਹਿੰਦੇ ਬਕਾਏ 31 ਮਾਰਚ 2024 ਤੱਕ ਦਿੱਤੇ ਜਾਣਗੇ ਤੇ ਕਿਸੇ ਵੀ ਰਿਟਾਇਰ ਮੁਲਾਜ਼ਮ ਦਾ ਬਕਾਇਆ ਪੈਂਡਿੰਗ ਨਹੀਂ ਰਹਿਣ ਦਿੱਤਾ ਜਾਵੇਗਾ, ਜਿਸ ਕਰਕੇ ਜਥੇਬੰਦੀ ਨੇ ਉਨ੍ਹਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਮੀਟਿੰਗ ਵਧੀਆ ਮਾਹੌਲ ਵਿੱਚ ਕੀਤੀ ਗਈ ਹੈ ਅਤੇ ਮੰਗਾਂ ਮੰਨਣ ਦਾ ਭਰੋਸਾ ਦਿੱਤਾ ਗਿਆ ਹੈ। ਮੀਟਿੰਗ ਵਿੱਚ ਸੂਰਤ ਸਿੰਘ ਸੋਢੀ, ਰਾਮ ਚੰਦ, ਅਸ਼ਵਨੀ ਕੁਮਾਰ ਮਦਾਨ, ਦੇਸ ਰਾਜ, ਤਰਲੋਕ ਸਿੰਘ, ਕ੍ਰਿਸ਼ਨ ਕੁਮਾਰ, ਮਹਿੰਦਰ ਕੁਮਾਰ, ਬਲਵੰਤ ਸਿੰਘ, ਹਰਗੋਬਿੰਦ, ਖਰੈਤ ਲਾਲ, ਮੋਹਨ ਲਾਲ ਸ਼ਾਮਲ ਸਨ।

ਜਵਾਨੀ ਬਚਾਉਣ ਲਈ ਪਿੰਡ-ਪਿੰਡ ਖੇਡ ਮੇਲੇ ਆਯੋਜਿਤ ਕਰਨਾ ਸਮੇਂ ਦੀ ਮੁੱਖ ਲੋੜ

ਮਮਦੋਟ (ਜਸਬੀਰ ਸਿੰਘ ਕੰਬੋਜ)-ਪਿੰਡ ਰਾਉ ਕੇ ਵਿਖੇ ਵਿਲੇਜ ਡਿਫੈਂਸ ਕਮੇਟੀ ਵੱਲੋਂ ਕਰਾਏ ਗਏ ਫੁੱਟਬਾਲ ਟੂਰਨਾਮੈਂਟ ਵਿੱਚ ਅਮਰਦੀਪ ਸਿੰਘ (ਆਸ਼ੂ) ਬੰਗੜ ਹਲਕਾ ਇੰਚਾਰਜ ਕਾਂਗਰਸ ਪਾਰਟੀ ਫ਼ਿਰੋਜ਼ਪੁਰ ਦਿਹਾਤੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਸਾਨੂੰ ਆਪਣੇ-ਆਪਣੇ ਪਿੰਡ ਪੱਧਰ 'ਤੇ ਖੇਡ ਮੇਲਿਆਂ ਵਰਗੇ ਉਪਰਾਲੇ ਸਮੇਂ-ਸਮੇਂ 'ਤੇ ਕਰਨੇ ਪੈਣਗੇ ਤੇ ਇਹ ਸਮੇਂ ਦੀ ਮੁੱਖ ਲੋੜ ਵੀ ਹੈ ਤਾਂ ਜੁ ਪੰਜਾਬ ਦੀ ਜਵਾਨੀ ਨੂੰ ਖੇਡਾਂ ਨਾਲ ਜੋੜਿਆ ਜਾ ਸਕੇ। ਇਸ ਮੌਕੇ ਆਸ਼ੂ ਬੰਗੜ ਵੱਲੋਂ ਅਪਣੇ ਨਿੱਜੀ ਫੰਡ ਵਿੱਚੋਂ 5100/- ਰੁਪਏ ਦੀ ਨਕਦ ਰਾਸ਼ੀ ਵੀ ਪ੍ਰਬੰਧਕਾਂ ਨੂੰ ਭੇਟ ਕੀਤੀ। ਇਸ ਮੌਕੇ ਖੰਡਾ ਸਿੰਘ ਜ਼ਿਲ੍ਹਾ ਜਰਨਲ ਸੈਕਟਰੀ ਕਾਂਗਰਸ ਕਮੇਟੀ ਫ਼ਿਰੋਜ਼ਪੁਰ, ਮੋਹਣ ਸਿੰਘ, ਡਾਕਟਰ ਕਾਲਾ ਸਿੰਘ, ਚੰਦ ਸਿੰਘ ਨੰਬਰਦਾਰ, ਮੱਖਣ ਸਿੰਘ, ਰਾਜਿੰਦਰ ਸਿੰਘ, ਸਰਪੰਚ ਜੋਗਿੰਦਰ ਸਿੰਘ, ਕੁਲਦੀਪ ਸਿੰਘ, ਬੂੜ ਸਿੰਘ, ਮਨਪ੍ਰੀਤ ਸਿੰਘ ਭੁੱਲਰ, ਅੰਗਰੇਜ਼ ਸਿੰਘ, ਗੁਰਪ੍ਰੀਤ ਸੋਨੀ ਨਿੱਜੀ ਸਕੱਤਰ ਤੇ ਬਲਜੀਤ ਕੌਰ ਬੰਗੜ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

ਲੰਪੀ ਸਕਿਨ ਤੋਂ ਬਚਾਓ ਲਈ ਪਸ਼ੂਆਂ ਨੂੰ ਲਾਈ ਜਾ ਰਹੀ ਵੈਕਸੀਨ

ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਪਸ਼ੂ ਪਾਲਣ ਵਿਭਾਗ ਵੱਲੋਂ ਲੰਪੀ ਸਕਿਨ ਬਿਮਾਰੀ ਤੋਂ ਪਸ਼ੂਆਂ ਨੂੰ ਬਚਾਉਣ ਲਈ ਪੰਜਾਬ ਸਰਕਾਰ ਦੁਆਰਾ ਭੇਜੀ ਮੁਫ਼ਤ ਵੈਕਸੀਨ ਡਾਕਟਰਾਂ ਦੀ ਟੀਮ ਦੁਆਰਾ ਘਰ- ਘਰ ਜਾ ਕੇ ਪਸ਼ੂਆਂ ਦੇ ਲਾਈ ਜਾ ਰਹੀ ਹੈ। ਵੈਕਸੀਨ ਪਸ਼ੂ ਹਸਪਤਾਲ ਦੇ ਵੈਟਨਰੀ ਅਫਸਰ ਡਾ. ਸ਼ਿਲਪੀਪਾਂਡੇ ਅਤੇ ਉਨ੍ਹਾਂ ਨਾਲ ਹੈਲਪਰ ਜਗਸੀਰ ਸਿੰਘ ਵੱਲੋਂ ਪਿਛਲੇ ਦਿਨਾਂ ਤੋਂ ਡੋਰ-ਟੂ-ਡੋਰ ਮੁਹਿਮ ਤਹਿਤ ਪਸ਼ੂ ਪਾਲਕਾਂ ਦੇ ਘਰਾਂ ਵਿੱਚ ਜਾ ਕੇ ਵੈਕਸੀਨ ਲਾਈ ਜਾ ਰਹੀ ਹੈ। ਕਾਕਾ ਸਿੰਘ ਲਹਿਰਾ ਮੁਹੱਬਤ ਦੇ ਡੇਅਰੀ ਫਾਰਮ ਵਿਖੇ ਪਸ਼ੂਆਂ ਨੂੰ ਵੈਕਸੀਨ ਲਾਉਣ ਪਹੁੰਚੇ ਡਾ. ਸ਼ਿਲਪੀਪਾਂਡ ਨੇ ਆਪਣੇ ਸੁਨੇਹੇ ਵਿੱਚ ਪਸ਼ੂ ਪਾਲਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਸ਼ੂਆਂ ਨੂੰ ਇਹ ਵੈਕਸੀਨ ਜ਼ਰੂਰ ਲਵਾਉਣ, ਜੋ ਪੰਜਾਬ ਸਰਕਾਰ ਵੱਲੋਂ ਬਿਲਕੁਲ ਮੁਫ਼ਤ ਦਿੱਤੀ ਜਾ ਰਹੀ ਹੈ ਤਾਂ ਕਿ ਪਿੰਡਾਂ ਵਿੱਚ ਪਸ਼ੂਆਂ ਨੂੰ ਤੰਦਰੁਸਤ ਰੱਖਿਆ ਜਾ ਸਕੇ।

ਪਰਮਿੰਦਰ ਸਿੰਘ ਢੀਂਡਸਾ ਹੋਏ ਗੁਰੂਘਰ ਨਤਮਸਤਕ

ਚੀਮਾ ਮੰਡੀ (ਰਵਿੰਦਰ ਚੀਮਾ)-ਸ਼੍ਰੀਮਾਨ ਸੰਤ ਬਾਬਾ ਅਤਰ ਸਿੰਘ ਜੀ ਮਸਤੂਆਣੇ ਵਾਲਿਆਂ ਦੇ 158ਵੇਂ ਜਨਮ ਦਿਹਾੜੇ ਦੀ ਖੁਸ਼ੀ 'ਚ ਗੁਰਦੁਆਰਾ ਜਨਮ ਅਸਥਾਨ ਤੇ ਗੁਰਦੁਆਰਾ ਨਾਨਕਸਰ ਸਾਹਿਬ ਚੀਮਾ ਵਿਖੇ ਮਹਾਨ ਗੁਰਮਤ ਸਮਾਗਮ ਕਰਾਇਆ ਗਿਆ।ਇਸ ਮੌਕੇ ਵੱਖ-ਵੱਖ ਸੰਤਾਂ ਮਹਾਂਪੁਰਸ਼ਾਂ, ਧਾਰਮਿਕ, ਸਮਾਜਿਕ, ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ। ਇਸ ਮੌਕੇ ਸਾਬਕਾ ਵਿੱਤ ਮੰਤਰੀ ਸਰਦਾਰ ਪਰਮਿੰਦਰ ਸਿੰਘ ਢੀਂਡਸਾ ਨੇ ਗੁਰਦੁਆਰਾ ਜਨਮ ਸਥਾਨ ਵਿਖੇ ਮੱਥਾ ਟੇਕਿਆ। ਉਨ੍ਹਾਂ ਕਿਹਾ ਕਿ ਸੰਤ ਅਤਰ ਸਿੰਘ ਜੀ ਮਹਾਰਾਜ ਮਸਤੂਆਣੇ ਵਾਲਿਆਂ ਵੱਲੋਂ ਦਰਸਾਏ ਸਿੱਖੀ ਦੇ ਮਾਰਗ 'ਤੇ ਚੱਲਣਾ ਚਾਹੀਦਾ ਹੈ ਅਤੇ ਵੱਧ ਤੋਂ ਵੱਧ ਸੰਗਤਾਂ ਨੂੰ ਅੰਮ੍ਰਿਤ ਛੱਕ ਕੇ ਗੁਰੂ ਦੇ ਲੜ ਲੱਗਣਾ ਚਾਹੀਦਾ ਹੈ। ਇਸ ਮੌਕੇ ਉਨ੍ਹਾਂ ਨੂੰ ਗੁਰਦੁਆਰਾ ਜਨਮ ਸਥਾਨ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

ਰਾਮ ਬਾਗ ਪ੍ਰਬੰਧਕ ਕਮੇਟੀ ਵੱਲੋਂ ਪ੍ਰਧਾਨ ਮੋਹਿਤ ਕੁੰਦਰਾ ਦਾ ਸਨਮਾਨ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਸਥਾਨਕ ਰਾਮ ਬਾਗ ਵਿਖੇ ਪ੍ਰਬੰਧਕ ਕਮੇਟੀ ਵੱਲੋਂ ਆੜ੍ਹਤੀ ਐਸੋਸੀਏਸ਼ਨ ਮਾਛੀਵਾੜਾ ਦੇ ਨਵ-ਨਿਯੁਕਤ ਪ੍ਰਧਾਨ ਮੋਹਿਤ ਕੁੰਦਰਾ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਐਸੋਸੀਏਸ਼ਨ ਦਾ ਪ੍ਰਧਾਨ ਬਣਨ ਉਪਰੰਤ ਪ੍ਰਮਾਤਮਾ ਦਾ ਸ਼ੁਕਰਾਨਾ ਕਰਨ ਲਈ ਮੋਹਿਤ ਕੁੰਦਰਾ ਵਿਸ਼ੇਸ਼ ਤੌਰ 'ਤੇ ਰਾਮ ਬਾਗ ਵਿਖੇ ਪੁੱਜੇ ਜਿੱਥੇ ਰਾਮਲੀਲ੍ਹਾ ਕਮੇਟੀ ਦੇ ਪ੍ਰਧਾਨ ਅਸ਼ੋਕ ਸੂਦ ਵੱਲੋਂ ਉਨ੍ਹਾਂ ਦਾ ਚੁੰਨਰੀ ਭੇਟ ਕਰ ਸਨਮਾਨ ਕੀਤਾ ਗਿਆ। ਇਸ ਮੌਕੇ ਪ੍ਰਧਾਨ ਸੂਦ ਨੇ ਕਿਹਾ ਕਿ ਬੜੇ ਮਾਣ ਵਾਲੀ ਗੱਲ ਹੈ ਕਿ ਸਾਡੀ ਸੰਸਥਾ ਦੇ ਚੇਅਰਮੈਨ ਮੋਹਿਤ ਕੁੰਦਰਾ ਨੂੰ ਆੜ੍ਹਤੀ ਐਸੋਸੀਏਸ਼ਨ ਦਾ ਪ੍ਰਧਾਨ ਚੁਣ ਲਿਆ ਗਿਆ ਹੈ, ਜਿਸ ਨਾਲ ਇਲਾਕੇ ਦੇ ਲੋਕਾਂ ਵਿੱਚ ਖੁਸ਼ੀ ਦੀ ਲਹਿਰ ਹੈ। ਇਸ ਮੌਕੇ ਮੋਹਿਤ ਕੁੰਦਰਾ ਨੇ ਕਿਹਾ ਕਿ ਉਹ ਪ੍ਰਮਾਤਮਾ ਦੇ ਆਸ਼ੀਰਵਾਦ ਤੇ ਲੋਕਾਂ ਦੀਆਂ ਦੁਆਵਾਂ ਸਦਕਾ ਅੱਜ ਇਸ ਮੁਕਾਮ 'ਤੇ ਪੁੱਜੇ ਹਨ। ਉਨ੍ਹਾ ਕਿਹਾ ਕਿ ਉਹ ਧਾਰਮਿਕ ਦੇ ਨਾਲ-ਨਾਲ ਸਮਾਜ ਸੇਵੀ ਕਾਰਜਾਂ ਵਿੱਚ ਵੀ ਹਮੇਸ਼ਾ ਵਧ ਚੜ੍ਹ ਕੇ ਸ਼ਮੂਲੀਅਤ ਕਰਨਗੇ। ਇਸ ਮੌਕੇ ਪ੍ਰਿੰਸੀਪਲ ਡੀ. ਡੀ. ਵਰਮਾ, ਸੁਭਾਸ਼ ਗੋਇਲ, ਕ੍ਰਿਸ਼ਨ ਲਾਲ ਚੋਪੜਾ, ਰਾਜੀਵ ਕੌਸ਼ਲ, ਜਿੰਮੀ ਜੈਨ, ਰਾਜੂ ਸੋਢੀ, ਅਸ਼ੋਕ ਬਾਹਰੀ, ਡਾ. ਧਰਮਵੀਰ, ਯਸ਼ਪਾਲ ਸਰੀਨ ਆਦਿ ਮੌਜੂਦ ਸਨ।

ਬੀ ਕੇ ਯੂ ਏਕਤਾ ਆਜ਼ਾਦ ਬਲਾਕ ਸੰਗਰੂਰ ਤੇ ਧੂਰੀ ਦੀ ਮੀਟਿੰਗ

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)-ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਦੀ ਸੂਬੇ ਦੀ ਮੀਟਿੰਗ ਪਿੰਡ ਉੱਭਾਵਾਲ ਵਿਖੇ ਬਲਾਕ ਸੰਗਰੂਰ ਤੇ ਧੂਰੀ ਦੀ ਮੀਟਿੰਗ ਜ਼ਿਲ੍ਹਾ ਕਾਰਜਕਾਰੀ ਆਗੂ ਕੁਲਵਿੰਦਰ ਸੋਨੀ ਲੌਂਗੋਵਾਲ ਤੇ ਸੰਤ ਰਾਮ ਸਿੰਘ ਛਾਜਲੀ ਦੀ ਪ੍ਰਧਾਨਗੀ ਵਿੱਚ ਕੀਤੀ ਗਈ।ਮੀਟਿੰਗ ਵਿੱਚ ਸਾਰੇ ਪਿੰਡਾਂ ਦੇ ਪ੍ਰਧਾਨ ਸਕੱਤਰ ਹਾਜ਼ਰ ਹੋਏ।ਮੀਟਿੰਗ ਵਿੱਚ ਸ਼ੰਭੂ ਬਾਰਡਰ ਤੇ ਖਨੌਰੀ ਬਾਰਡਰ 'ਤੇ ਚੱਲ ਰਹੇ ਅੰਦੋਲਨ ਵਾਰੇ ਜਥੇਬੰਦੀ ਦੇ ਪ੍ਰਬੰਧਾਂ ਤੇ ਆਉਣ ਵਾਲੇ ਪ੍ਰੋਗਰਾਮਾਂ ਬਾਰੇ ਸਮੀਖਿਆ ਕੀਤੀ ਗਈ।

ਮੀਟਿੰਗ ਵਿੱਚ ਬੋਲਦਿਆਂ ਕੁਲਵਿੰਦਰ ਸੋਨੀ ਲੌਂਗੋਵਾਲ ਨੇ ਕਿਹਾ ਕਿ ਮੰਗਾਂ ਨੂੰ ਲਾਗੂ ਕਰਵਾਉਣ ਲਈ ਚੱਲ ਰਿਹਾ ਮੋਰਚਾ ਪੂਰੀ ਚੜ੍ਹਦੀ ਕਲਾ ਵਿੱਚ ਅੱਗੇ ਵਧ ਰਿਹਾ ਹੈ।ਆਉਣ ਵਾਲੇ ਦਿਨਾਂ ਵਿੱਚ ਸਮੁੱਚੇ ਭਾਰਤ ਦੇ ਲੋਕਾਂ ਦੇ ਸ਼ਹੀਦ ਸ਼ੁਭਕਰਨ ਸਿੰਘ ਦੀ ਕਲਸ਼ ਯਾਤਰਾ ਵੱਖੋ-ਵੱਖਰੇ ਸੂਬਿਆਂ ਵਿੱਚ ਜਾ ਰਹੀ ਹੈ ਤੇ ਮੋਦੀ ਸਰਕਾਰ ਤੋਂ ਸਵਾਲ ਭਾਰਤ ਦੇ ਲੋਕਾਂ ਵੱਲੋਂ ਪੁੱਛਿਆ ਜਾ ਰਿਹਾ ਹੈ ਕਿ ਆਪਣੇ ਹੱਕ ਮੰਗ ਰਹੇ ਸਾਡੇ ਇਸ ਨੌਜਵਾਨ ਦੇ ਸਿੱਧੀਆਂ ਗੋਲੀਆਂ ਮਾਰ ਕੇ ਕਿਉਂ ਸ਼ਹੀਦ ਕੀਤਾ ਗਿਆ ਤੇ 23 ਮਾਰਚ ਨੂੰ ਸ਼ਹੀਦ ਭਗਤ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਦੋਵੇਂ ਬਾਰਡਰਾਂ ਉੱਪਰ ਨੌਜਵਾਨਾਂ ਦੇ ਵੱਡੇ ਇਕੱਠ ਕੀਤੇ ਜਾਣਗੇ। ਉਨ੍ਹਾਂ ਆਗੂਆਂ ਨੂੰ ਅੱਜ ਤੋਂ ਉਸ ਦੀ ਤਿਆਰੀ ਵਿੱਚ ਜੁਟ ਜਾਣ ਲਈ ਕਿਹਾ।ਇਸ ਮੌਕੇ ਸੰਤ ਰਾਮ ਛਾਜਲੀ, ਹਰਦੇਵ ਕੁਲਾਰ, ਗੁਰਦੀਪ ਮੰਡੇਰ ਖੁਰਦ, ਬਾਰਾ ਮੰਗਵਾਲ, ਬਲਦੇਵ ਮੰਗਵਾਲ, ਕੁਲਵਿੰਦਰ ਤੁੰਗਾਂ, ਜੰਗੀਰ ਸਿੰਘ ਉੱਭਾਵਾਲ, ਸੁਖਦੇਵ ਸਿੰਘ ਕਿਲਾ ਭਰੀਆਂ, ਕੁਲਵੀਰ ਸਿੰਘ ਗੱਗੜਪੁਰ, ਬਲਜਿੰਦਰ ਲੌਂਗੋਵਾਲ ਆਦਿ ਹਾਜ਼ਰ ਸਨ।

ਰਾਜਸੀ ਤਾਕਤ ਪ੍ਰਾਪਤ ਕਰਨ ਲਈ ਤਲਵਾਰ ਦੀ ਨਹੀਂ, ਕਲਮ ਦੀ ਲੋੜ : ਗਾਬੜੀਆ

ਮੋਗਾ (ਇਕਬਾਲ ਸਿੰਘ ਖਹਿਰਾ)-ਮੋਗਾ ਵਿਖੇ ਰਾਮਗੜ੍ਹੀਆ ਭਾਈਚਾਰੇ ਨੂੰ ਇਕੱਠਾ ਕਰਨ ਦੇ ਮਨੋਰਥ ਨੂੰ ਲੈ ਕੇ ਰਾਮਗੜ੍ਹੀਆ ਸੰਗਠਨ ਤੇ ਸਹਿਯੋਗੀ ਰਾਮਗੜ੍ਹੀਆ ਸੁਸਾਇਟੀਆਂ ਵੱਲੋਂ ਸਾਂਝੇ ਯਤਨਾਂ ਨਾਲ ਰਾਜ ਪੱਧਰੀ ਰਾਮਗੜ੍ਹੀਆ ਸੰਮੇਲਨ ਕਰਵਾਇਆ ਗਿਆ, ਜਿਸ ਵਿੱਚ ਪੰਜਾਬ ਦੇ ਵੱਖ ਵੱਖ ਜ਼ਿਲ੍ਹਿਆਂ ਦੇ ਸ਼ਹਿਰਾਂ, ਕਸਬਿਆਂ ਤੇ ਪਿੰਡਾਂ ਦੇ ਬਰਾਦਰੀ ਦੇ ਲੋਕਾਂ ਨੇ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਹਿੱਸਾ ਲਿਆ। ਇਸ ਮੌਕੇ ਸਗੰਠਨ ਦੇ ਚੇਅਰਮੈਨ ਕੁਲਵੰਤ ਸਿੰਘ ਰਾਮਗੜ੍ਹੀਆ ਨੇ ਸਵਾਗਤ ਕੀਤਾ ਤੇ ਚਰਨਜੀਤ ਸਿੰਘ ਝੰਡੇਆਣਾ ਨੇ ਰਾਮਗੜ੍ਹੀਆ ਸੰਮੇਲਨ ਕਰਵਾਉਣ ਦੇ ਮੰਤਵ ਬਾਰੇ ਚਾਨਣਾ ਪਾਇਆ। ਇਸ ਰਾਜਪੱਧਰੀ ਸੰਮੇਲਨ ਦਾ ਮੁੱਖ ਮੰਤਵ ਕੇਦਰ/ਰਾਜ ਪੱਧਰ ਤੇ ਵੱਖ ਵੱਖ ਪ੍ਰਸ਼ਾਸਨਕ ਸੰਸਥਾਵਾਂ ਵਿਚ ਬਣਦਾ ਹਿੱਸਾ ਲੈਣ ਲਈ ਏਕਤਾ ਤੇ ਬੀ.ਸੀ/ਓ.ਬੀ. ਸੀ. ਭਾਈਚਾਰੇ ਲਈ ਮੰਡਲ ਕਮਿਸ਼ਨ ਦੀ ਰਿਪੋਰਟ ਇਨ-ਬਿਨ ਲਾਗੂ ਕਰਵਾਉਣਾ ਹੈ। ਇਸ ਮੌਕੇ ਸਾਬਕਾ ਮੰਤਰੀ ਸ੍ਰ. ਹੀਰਾ ਸਿੰਘ ਗਾਬੜੀਆ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਾਡੀ ਬਰਾਦਰੀ ਨੂੰ ਰਾਮਗੜ੍ਹੀਆ ਦਾ ਖਿਤਾਬ ਗੁਰੂਘਰ ਦੀ ਬਖਸ਼ਿਸ਼ ਹੈ। ਉਨ੍ਹਾ ਕਿਹਾ ਕਿ ਕੋਈ ਵੇਲਾ ਸੀ ਤਾਕਤ ਪ੍ਰਪਤ ਕਰਨ ਲਈ ਤਲਵਾਰ ਦੀ ਵਰਤੋਂ ਕਰਨੀ ਪੈਂਦੀ ਸੀ, ਪਰ ਅੱਜ ਤਾਕਤ ਕਲਮ ਤੇ ਲੋਕਾਂ ਦੇ ਹੱਥਾਂ ਵਿੱਚ ਹੈ। ਸਾਨੂੰ ਆਪਣੀ ਤਾਕਤ ਨੂੰ ਇਕੱਠੇ ਕਰਕੇ ਰਾਜਸੀ/ਪ੍ਰਸ਼ਾਸਕੀ ਤੇ ਧਾਰਮਿਕ ਸੰਗਠਨਾਂ ਵਿੱਚ ਬਣਦਾ ਹਿੱਸਾ ਪ੍ਰਾਪਤ ਕਰਨ ਲਈ ਯਤਨ ਕਰਨ ਦੀ ਲੋੜ ਹੈ। ਸਾਬਕਾ ਵਧਾਇਕ ਸੁਰਜੀਤ ਸਿੰਘ ਧੀਮਾਨ ਨੇ ਸੰਬੋਧਨ ਕਰਦਿਆਂ ਕਿਹਾ ਕਿ ਰਾਜਸੀ ਤਾਕਤ ਮਿਲੇ ਤਾਂ ਆਪਣੇ ਸਮਾਜ ਤੇ ਭਾਈਚਾਰੇ ਲਈ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ। ਸਾਬਕਾ ਵਧਾਇਕ ਡਾਕਟਰ ਹਰਜੋਤ ਕਮਲ ਨੇ ਕਿਹਾ ਕਿ ਚੁਣੇ ਹੋਏ ਨੁਮਾਇੰਦਿਆਂ ਵੱਲੋਂ ਕੀਤੇ ਕੰਮਾਂ ਦੀ ਨੁਕਤਾਚੀਨੀ ਦੀ ਬਜਾਏ ਸ਼ਲਾਘਾ ਕਰਨ ਦੀ ਲੋੜ ਹੈ। ਇਸ ਮੌਕੇ ਸਾਬਕਾ ਰਾਸ਼ਟਰਪਤੀ ਗਿਆਨੀ ਜ਼ੈਲ ਸਿੰਘ ਤੇ ਪੋਤਰੇ ਇੰਦਰਜੀਤ ਸਿੰਘ ਬੱਬੂ ਨੇ ਕਿਹਾ ਕਿ ਸਾਨੂੰ ਰਾਜਸੀ ਤਾਕਤ ਪ੍ਰਾਪਤ ਕਰਨ ਲਈ ਸਾਂਝੀ ਕਮੇਟੀ ਬਣਾਉਣ ਦੀ ਲੋੜ ਹੈ। ਉਨ੍ਹਾਂ ਅਗਲਾ ਰਾਜਪੱਧਰੀ ਸੰਮੇਲਨ ਲੁਧਿਆਣਾ ਵਿਖੇ ਕਰਵਾਉਣ ਲਈ ਸੱਦਾ ਦਿੱਤਾ। ਕੈਨੇਡਾ ਤੋਂ ਆਏ ਹਿਸਟੋਰੀਅਨ ਕੇਹਰ ਸਿੰਘ ਮਠਾੜੂ ਨੇ ਦਿਆ ਕਿਹਾ ਕਿ ਰਾਮਗੜ੍ਹੀਆ ਦਾ ਇਤਿਹਾਸ ਨੂੰ ਮੁੜ ਘੋਖ ਕਰਨ ਦੀ ਲੋੜਝ ਹੈ। ਉਨ੍ਹਾਂ ਭਾਈਚਾਰੇ ਨੂੰ ਏਕੇ ਦਾ ਸੱਦਾ ਦਿੱਤਾ। ਇਸ ਮੌਕੇ ਹਰੀ ਸਿੰਘ ਐੱਮ. ਡੀ. ਪ੍ਰੀਤ ਟਰੈਕਟਰ ਨਾਭਾ, ਜਸਵਿੰਦਰ ਸਿੰਘ ਧੀਮਾਨ, ਗਿਆਨੀ ਅਮਰ ਸਿੰਘ ਐੱਮ. ਡੀ. ਦਸਮੇਸ਼ ਕੰਬਾਇਨ ਮਲੇਰ ਕੋਟਲਾ, ਭਗਵੰਤ ਸਿੰਘ ਮਣਕੂ, ਅਵਤਾਰ ਸਿੰਘ ਤਰਨ ਤਾਰਨ, ਸ਼ਮਿੰਦਰ ਸਿੰਘ ਮੁਕਤਸਰ ਸਾਹਿਬ, ਭੂਪਿੰਦਰ ਸਿੰਘ ਸੱਗੂ, ਮਨਜੀਤ ਸਿੰਘ ਮੁਕਤਸਰ ਸਾਹਿਬ ਨੇ ਕਿਹਾ ਕਿ ਰਾਮਗੜ੍ਹੀਆ ਭਾਈਚਾਰੇ ਨੂੰ ਇਕ ਮੰਚ 'ਤੇ ਇਕੱਠਾ ਹੋਣ ਦੀ ਲੋੜ ਹੈ ਤਾਂ ਹੀ ਅਸੀ ਆਪਣੇ ਹੱਕਾਂ ਲਈ ਆਵਾਜ਼ ਬੁਲੰਦ ਕਰ ਸਕਦੇ ਹਾਂ। ਇਸ ਮੌਕੇ ਸੰਗਠਨ ਦੇ ਚੇਅਰਮੈਨ ਕੁਲਵੰਤ ਸਿੰਘ ਰਾਮਗੜ੍ਹੀਆ ਨੇ ਧੰਨਵਾਦ ਕਰਦਿਆਂ ਕਿਹਾ ਕਿ ਅੱਜ ਦੇ ਸੰਮੇਲਨ ਨਾਲ ਰਾਮਗੜ੍ਹੀਆ ਭਾਈਚਾਰਾ ਮਜ਼ਬੂਤ ਹੋਵੇਗਾ ਤੇ ਭਵਿੱਖ ਵਿਚ ਭਾਈਚਾਰੇ ਦੀ ਇਕਜੁੱਟਤਾ ਲਈ ਪੰਜਾਬ ਦੇ ਹਰੇਕ ਸ਼ਹਿਰ ਤੇ ਪਿੰਡ ਵਿੱਚ ਯੂਨਿਟ ਸਥਾਪਤ ਕੀਤੇ ਜਾਣਗੇ। ਸਟੇਜ ਦੀ ਕਾਰਵਾਈ ਗੁਰਪ੍ਰੀਤਮ ਸਿੰਘ ਚੀਮਾ ਨੇ ਚਲਾਈ।

ਇਸ ਮੌਕੇ ਮੇਅਰ ਬਲਜੀਤ ਸਿੰਘ ਚਾਨੀ, ਜਸਪਾਲ ਸਿੰਘ ਸੱਗੂ, ਪੁਨੀਤਪਾਲ ਸਿੰਘ ਸੱਗੂ, ਮੁਹਿੰਦਰ ਸਿੰਘ ਕਲਸੀ, ਰਛਪਾਲ ਸਿੰਘ ਖਾਲਸਾ, ਚਰਨ ਸਿੰਘ ਅਮਰੀਕਾ ਵਾਲੇ, ਲਖਵੀਰ ਸਿੰਘ ਪ੍ਰਿੰਸ ਗੈ

19-MAR-PAGE-3.qxd 3/18/2024 10:52 PM Page 1

ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਜ਼ਿਲ੍ਹਾ ਤਰਨ ਤਾਰਨ ਵੱਲੋਂ ਵਿਸ਼ਾਲ ਕਨਵੈਨਸ਼ਨ

ਸੰਘਰਸ਼ੀ ਮਿਹਨਤਕਸ਼ ਲੋਕਾਂ ਦੇ ਦਿੱਲੀ ਅੰਦੋਲਨ-ਦੋ ਨੂੰ ਲੈ ਕੇ ਲਏ ਗਏ ਵੱਡੇ ਫੈਸਲੇ

ਚੋਹਲਾ ਸਾਹਿਬ (ਚੱਢਾ)—ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਜ਼ਿਲਾ ਤਰਨ ਤਾਰਨ ਦੇ ਚਾਰ ਜ਼ੋਨ ਅਗਾੜਾ ਪਿਛਾੜਾ, ਬਾਬਾ ਦੀਪ ਸਿੰਘ, ਬਾਬਾ ਬੁੱਢਾ ਸਾਹਿਬ ਜੀ, ਬਾਬਾ ਸੈਣ ਭਗਤ ਜੀ ਦੀ ਕਨਵੈਨਸ਼ਨ ਦੀ ਜ਼ਿਲ੍ਹਾ ਇੰਚਾਰਜ ਹਰਪ੍ਰੀਤ ਸਿੰਘ ਸਿੱਧਵਾਂ ਦੀ ਪ੍ਰਧਾਨਗੀ ਹੇਠ ਬਾਬਾ ਸਧਾਣਾ ਜੀ ਦੇ ਸਥਾਨਾਂ ਤੇ ਕੀਤੀ ਗਈ ਜਿਸ ਵਿੱਚ ਸੂਬਾ ਆਗੂ ਸਤਨਾਮ ਸਿੰਘ ਪੰਨੂੰ ਵਿਸ਼ੇਸ਼ ਤੌਰ 'ਤੇ ਪਹੁੰਚੇ। ਕਨਵੈਨਸ਼ਨ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰੈੱਸ ਸਕੱਤਰ ਰਣਯੋਧ ਸਿੰਘ ਗੱਗੋਬੂਹਾ, ਜ਼ੋਨ ਪ੍ਰਧਾਨ ਪਰਮਜੀਤ ਸਿੰਘ ਛੀਨਾ, ਕੁਲਵਿੰਦਰ ਸਿੰਘ ਕੈਰੋਵਾਲ, ਮਨਜਿੰਦਰ ਸਿੰਘ ਗੋਹਲਵੜ, ਕਰਮਜੀਤ ਸਿੰਘ ਗੱਗੋਬੂਹਾ ਨੇ ਕਿਹਾ ਕਿ ਕੇਂਦਰ ਵਿੱਚ ਮੋਦੀ ਦੀ ਭਾਜਪਾ ਸਰਕਾਰ ਅਤੇ ਪੰਜਾਬ ਵਿੱਚ ਭਗਵੰਤ ਮਾਨ ਦੀ ਆਪ ਸਰਕਾਰ ਦਾ ਦੋਗਲਾ ਚਿਹਰਾ ਜੱਗ ਜ਼ਾਹਿਰ ਹੋ ਗਿਆ ਹੈ। ਇੱਕ ਪਾਸੇ ਕਿਸਾਨਾਂ ਦੇ ਹੱਕ ਵਿੱਚ ਵੱਡੇ ਵੱਡੇ ਬਿਆਨ ਦੇਣੇ ਅਤੇ ਦੂਜੇ ਪਾਸੇ ਕਿਸਾਨਾਂ 'ਤੇ ਹੋ ਰਹੇ ਤਸ਼ੱਦਦ ਤੇ ਪੰਜਾਬ ਸਰਕਾਰ ਦਾ ਚੁੱਪ ਰਹਿਣਾ। ਪੰਜਾਬ ਦੀ ਹੱਦ ਵਿੱਚ ਆ ਕੇ ਵੱਡੇ ਵੱਡੇ ਬੈਰੀਕੇਡ ਕਰਨੇ, ਫੋਰਸਾਂ ਵੱਲੋਂ ਪੰਜਾਬ ਦੇ ਨੌਜਵਾਨਾਂ ਨੂੰ ਗੋਲੀ ਮਾਰ ਕੇ ਸ਼ਹੀਦ ਕਰਨਾ ਅਤੇ ਕੁੱਟਮਾਰ ਕਰਨੀ। ਪਰ ਸਰਕਾਰ ਦਾ ਚੁੱਪ ਰਹਿਣਾ ਇਹ ਜ਼ਾਹਿਰ ਕਰਦਾ ਹੈ ਕਿ ਇਹ ਸਭ ਕੁਝ ਮਿਲੀਭੁਗਤ ਨਾਲ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਦਿੱਲੀ ਅੰਦੋਲਨ ਦੋ ਦੇ ਚਲਦਿਆਂ ਸਰਕਾਰ ਵੱਲੋਂ ਆਮ ਲੋਕਾਂ ਤੇ ਅੰਨਾ ਤਸ਼ੱਦਦ ਢਾਉਣਾ। ਕਿਸਾਨੀ ਮੰਗਾਂ ਨੂੰ ਅਨਗੌਲਿਆਂ ਕਰਨਾ ਤੇ ਭਾਜਪਾ ਸਰਕਾਰ ਵੱਲੋਂ ਮੰਗਾਂ ਨੂੰ ਵਿਚਾਰਨ ਦੀ ਬਜਾਏ ਆਪਣੀਆਂ ਰਾਜਨੀਤਕ ਰੈਲੀਆਂ ਕਰਨੀਆਂ ਕਿਸਾਨਾਂ ਦੀ ਸਾਰ ਨਾ ਲੈਣ ਕਰਕੇ ਕਿਸਾਨਾਂ ਵੱਲੋਂ ਵੱਡਾ ਫੈਸਲਾ ਕੀਤਾ ਗਿਆ ਜਿਸ ਵਿੱਚ ਭਾਜਪਾ ਅਤੇ ਭਾਜਪਾ ਗਠਜੋੜ ਦੀ ਸਰਕਾਰ ਕੋਲੋਂ ਮੰਗਾਂ ਨੂੰ ਲੈ ਕੇ ਸਵਾਲ ਪੁੱਛੇ ਜਾਣਗੇ। ਜੇਕਰ ਸਵਾਲਾਂ ਤੋਂ ਆਗੂ ਭੱਜਣਗੇ ਜਾ ਜਾਂ ਕੋਈ ਜਬਰ ਕਰਨਗੇ ਤਾਂ ਉਨ੍ਹਾਂ ਨੂੰ ਕਾਲੀਆਂ ਝੰਡੀਆਂ ਦਿਖਾ ਕੇ ਕਿਸਾਨਾਂ/ਮਜ਼ਦੂਰਾਂ/ਨੌਜਵਾਨ/ਬੀਬੀਆਂ ਤੇ ਆਮ ਲੋਕਾਂ ਵੱਲੋਂ ਵਿਰੋਧ ਕੀਤਾ ਜਾਏਗਾ। ਕਿਸਾਨ ਆਗੂਆਂ ਨੇ ਕਿਹਾ ਕਿ ਇਹ ਅੰਦੋਲਨ ਕੇਵਲ ਕਿਸਾਨਾਂ ਦਾ ਨਹੀਂ ਹੈ, ਹਰ ਉਸ ਵਰਗ ਦਾ ਹੈ ਜਿਸ ਨੂੰ ਖਤਮ ਕਰਕੇ ਮੋਦੀ ਦੀ ਭਾਜਪਾ ਸਰਕਾਰ ਕਾਰਪੋਰੇਟ ਘਰਾਣਿਆਂ ਨੂੰ ਕਾਬਜ਼ ਕਰਨ ਲਈ ਟਿੱਲੇ ਦਾ ਜ਼ੋਰ ਲਾਈ ਬੈਠੀ ਹੈ। ਕਾਰਪੋਰੇਟ ਘਰਾਣਿਆਂ ਦੇ ਵੱਡੇ-ਵੱਡੇ ਕਰਜ਼ਿਆਂ ਨੂੰ ਮਾਫ ਕਰਨਾ। ਉਨ੍ਹਾਂ ਨੂੰ ਸਹੂਲਤਾਂ ਦੇਣੀਆਂ। ਉਨ੍ਹਾਂ ਦੀ ਟੈਕਸ ਦੀ ਕਟੌਤੀ ਘੱਟ ਕਰਨੀ ਅਤੇ ਦੂਸਰੇ ਪਾਸੇ ਛੋਟੇ ਵਪਾਰੀਆਂ/ਦੁਕਾਨਦਾਰਾਂ ਤੇ ਵੱਡੇ ਵੱਡੇ ਬੋਝ ਪਾਏ ਜਾ ਰਹੇ ਹਨ। ਇਸ ਤੋਂ ਇਹ ਸਾਬਤ ਹੁੰਦਾ ਹੈ ਕਿ ਭਾਜਪਾ ਸਰਕਾਰ ਦਾ ਕੇਵਲ ਇੱਕ ਹੀ ਮਕਸਦ ਹੈ ਕਾਰਪੋਰੇਟ ਘਰਾਣਿਆਂ ਨੂੰ ਹਰ ਹੀਲੇ ਕਾਬਜ਼ ਕਰਨਾ। ਇਸ ਕਰਕੇ ਇਹ ਅੰਦੋਲਨ ਹਰ ਉਸ ਵਰਗ ਦਾ ਹੈ ਜਿਸ ਨੂੰ ਭਾਜਪਾ ਦੀ ਸਰਕਾਰ ਖਤਮ ਕਰਨਾ ਚਾਹੁੰਦੀ ਹੈ। ਕਿਸਾਨ ਆਗੂਆਂ ਵੱਲੋਂ ਵੱਡੀ ਅਪੀਲ ਕੀਤੀ ਗਈ ਕਿ ਇਸ ਅੰਦੋਲਨ ਵਿੱਚ ਹਰ ਵਰਗ ਸ਼ਾਮਿਲ ਹੋਵੇ। ਇਹ ਅੰਦੋਲਨ ਭਾਰਤ ਨੂੰ ਬਚਾਉਣ ਲਈ ਇੱਕੋ ਇੱਕ ਉਮੀਦ ਹੈ। ਇਸ ਮੌਕੇ ਹਰਦੀਪ ਸਿੰਘ ਜੌਹਲ, ਬਲਜੀਤ ਸਿੰਘ ਝਬਾਲ, ਦਲਬੀਰ ਸਿੰਘ ਮੱਲ੍ਹੀ, ਬੀਬੀ ਉਪਜੀਤ ਕੌਰ ਝਬਾਲ, ਕਸ਼ਮੀਰ ਕੌਰ ਛੀਨਾ, ਸਰਬਜੀਤ ਕੌਰ ਕੋਟ, ਕੁਲਵੰਤ ਕੌਰ ਭੋਜੀਆਂ, ਰਾਜਵੰਤ ਕੌਰ, ਸਵਿੰਦਰ ਕੌਰ ਭੂਸੇ ਆਦਿ ਹਾਜ਼ਰ ਸਨ।

ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਵੱਲੋਂ ਚੋਣਾਂ ਲਈ ਵੱਖ-ਵੱਖ ਪਰਮੀਸ਼ਨਾਂ ਲਈ ਸਿੰਗਲ ਵਿੰਡੋ ਪ੍ਰਣਾਲੀ ਸਥਾਪਿਤ

ਧਾਰੀਵਾਲ/ਡੇਰਾ ਬਾਬਾ ਨਾਨਕ/ਗੁਰਦਾਸਪੁਰ (ਮਨਦੀਪ ਸਿੰਘ ਵਿੱਕੀ/ਰਮੇਸ਼ ਸ਼ਰਮਾ/ਜਨਕ ਮਹਾਜਨ)-ਲੋਕ ਸਭਾ ਚੋਣਾਂ ਦੌਰਾਨ ਰਾਜਸੀ ਪਾਰਟੀਆਂ/ਉਮੀਦਵਾਰਾਂ ਨੂੰ ਚੋਣ ਪ੍ਰਚਾਰ ਸਬੰਧੀ ਵੱਖ-ਵੱਖ ਕਿਸਮਾਂ ਦੀਆਂ ਪਰਮੀਸ਼ਨਾਂ ਦੇਣ ਦੀ ਪ੍ਰਕਿਰਿਆ ਨੂੰ ਸੁਖਾਲਾ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਗੁਰਦਾਸਪੁਰ ਵਿਖੇ ਸੁਪਰਡੈਂਟ ਮਾਲ ਦੇ ਦਫ਼ਤਰ ਵਿਖੇ ਸਿੰਗਲ ਵਿੰਡੋ ਪ੍ਰਣਾਲੀ ਸਥਾਪਿਤ ਕੀਤੀ ਗਈ ਹੈ।ਜ਼ਿਲ੍ਹਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਗੁਰਦਾਸਪੁਰ ਡਾ. ਹਿਮਾਂਸ਼ੂ ਅਗਰਵਾਲ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਰਮੀਸ਼ਨਾਂ ਸਬੰਧੀ ਐੱਨਓਸੀ ਲੈਣ ਦੀ ਪ੍ਰਕਿਰਿਆ ਨੂੰ ਸੁਖਾਲਾ ਬਣਾਉਣ ਲਈ ਲੋਕ ਪ੍ਰਤੀਨਿਧਤਾ ਐਕਟ, 1951 ਦੀ ਧਾਰਾ 26 ਅਧੀਨ ਜ਼ਿਲ੍ਹਾ ਪੱਧਰ ਪੱਧਰ ਅਤੇ ਹਲਕਾ ਪੱਧਰ ਤੇ ਸਿੰਗਲ ਵਿੰਡੋ ਪ੍ਰਣਾਲੀ ਸਥਾਪਿਤ ਕਰਕੇ ਵੱਖ-ਵੱਖ ਟੀਮਾਂ ਦਾ ਗਠਨ ਕੀਤਾ ਗਿਆ ਹੈ।ਜ਼ਿਲ੍ਹਾ ਚੋਣ ਅਧਿਕਾਰੀ ਨੇ ਦੱਸਿਆ ਕਿ ਜ਼ਿਲ੍ਹਾ ਪੱਧਰੀ ਸਿੰਗਲ ਵਿੰਡੋ ਟੀਮ ਦੇ ਇੰਚਾਰਜ ਜ਼ਿਲ੍ਹਾ ਮਾਲ ਅਫ਼ਸਰ ਗੁਰਦਾਸਪੁਰ ਨੂੰ ਲਗਾਇਆ ਗਿਆ।ਇਸ ਟੀਮ ਵਿੱਚ ਗੁਰਨਾਮ ਸਿੰਘ, ਸੁਪਰਡੈਂਟ ਡੀ. ਸੀ. ਦਫ਼ਤਰ, ਗੁਰਦਾਸਪੁਰ, ਸਰਬਜੀਤ ਸਿੰਘ ਮੁਲਤਾਨੀ ਸੀਨੀਅਰ ਸਹਾਇਕ, ਡੀ. ਸੀ. ਦਫ਼ਤਰ ਗੁਰਦਾਸਪੁਰ, ਰਵੀ ਸ਼ਰਮਾ ਡੀ. ਐੱਸ. ਐੱਮ. ਗੁਰਦਾਸਪੁਰ, ਪਰਮਦੀਪ ਸਿੰਘ, ਏ. ਐੱਸ. ਐੱਮ. ਗੁਰਦਾਸਪੁਰ, ਮਨਦੀਪ ਸਿੰਘ, ਏ. ਐੱਸ. ਐੱਮ. ਨੌਸ਼ਹਿਰਾ ਮੱਝਾ ਸਿੰਘ, ਅਮਰਿੰਦਰ ਸਿੰਘ ਜ਼ਿਲ੍ਹਾ ਈ-ਕੋਆਰਡੀਨੇਟਰ ਗੁਰਦਾਸਪੁਰ ਅਤੇ ਵਰੁਣ ਕੁਮਾਰ, ਜ਼ਿਲ੍ਹਾ ਈ-ਕੋਆਰਡੀਨੇਟਰ ਗੁਰਦਾਸਪੁਰ ਸ਼ਾਮਿਲ ਹਨ।ਉਨ੍ਹਾਂ ਦੱਸਿਆ ਕਿ ਉਕਤ ਟੀਮ ਇੰਚਾਰਜ ਉਮੀਦਵਾਰ/ਬਿਨੈਕਾਰ ਨੂੰ ਪਰਮੀਸ਼ਨ ਦੇਣ ਲਈ ਵੱਖ-ਵੱਖ ਕਮੇਟੀਆਂ ਦੇ ਨੋਡਲ ਅਫ਼ਸਰਾਂ ਨਾਲ ਤਾਲਮੇਲ ਕਰਕੇ ਲੋੜੀਂਦੀਆਂ ਸ਼ਰਤਾਂ ਪੂਰੀਆਂ ਕਰਵਾਉਣਗੇ ਅਤੇ ਸਿੰਗਲ ਵਿੰਡੋ ਰਾਹੀਂ ਪਰਮੀਸ਼ਨ ਜਾਰੀ ਕਰਵਾਉਣ ਦੇ ਜ਼ਿੰਮੇਵਾਰ ਹੋਣਗੇ।ਜ਼ਿਲ੍ਹਾ ਚੋਣ ਅਧਿਕਾਰੀ ਨੇ ਦੱਸਿਆ ਕਿ ਸਮੂਹ ਨੋਡਲ ਅਫ਼ਸਰ ਜ਼ਿਲ੍ਹਾ ਪੱਧਰ ਸਥਾਪਿਤ ਸਿੰਗਲ ਵਿੰਡੋ ਟੀਮ ਨੂੰ ਆਪਣੇ-ਆਪਣੇ ਵਿਭਾਗ ਦਾ ਐਨ. ਓ. ਸੀ. ਭੇਜਣਗੇ ਅਤੇ ਇਸੇ ਤਰ੍ਹਾਂ ਏ. ਆਰ. ਓ. ਪੱਧਰ ਤੇ ਸਥਾਪਿਤ ਸਿੰਗਲ ਵਿੰਡੋ ਟੀਮ ਨਾਲ ਆਪਣੇ ਦਫ਼ਤਰ ਦੇ ਅਧਿਕਾਰੀਆਂ/ਕਰਮਚਾਰੀਆਂ ਨੂੰ ਨਿਯੁਕਤ ਕਰਨਗੇ।ਜ਼ਿਲ੍ਹਾ ਚੋਣ ਅਧਿਕਾਰੀ ਨੇ ਦੱਸਿਆ ਕਿ ਜ਼ਿਲ੍ਹਾ ਪੱਧਰ ਤੇ ਸਿੰਗਲ ਵਿੰਡੋ ਸਥਾਪਤ ਕਰਨ ਦੇ ਨਾਲ ਵਿਧਾਨ ਸਭਾ ਹਲਕਾ ਪੱਧਰ 'ਤੇ ਵੀ ਸਿੰਗਲ ਵਿੰਡੋ ਸਥਾਪਤ ਕੀਤੀਆਂ ਗਈਆਂ ਹਨ।ਉਨ੍ਹਾਂ ਕਿਹਾ ਕਿ ਸਮੂਹ ਟੀਮ ਅਧਿਕਾਰੀਆਂ/ਕਰਮਚਾਰੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਰਾਜਸੀ ਪਾਰਟੀਆਂ/ਉਮੀਦਵਾਰਾਂ ਵੱਲੋਂ ਦਰਖਾਸਤ ਪ੍ਰਾਪਤ ਹੋਣ 'ਤੇ ਮਿਥੇ ਸਮੇਂ ਅੰਦਰ ਪਰਮੀਸ਼ਨ ਜਾਰੀ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਦੇਰੀ/ਦਰਖਾਸਤ ਦਾ ਨਿਪਟਾਰਾ ਸਮੇਂ ਸਿਰ ਨਾ ਹੋਣ ਦੀ ਸੂਰਤ ਵਿਚ ਸਬੰਧਿਤ ਅਧਿਕਾਰੀ/ਕਰਮਚਾਰੀ ਖ਼ਿਲਾਫ਼ ਚੋਣ ਨਿਯਮਾਂ ਤਹਿਤ ਕਾਰਵਾਈ ਕੀਤੀ ਜਾਵੇਗੀ।

'ਮਿਸ਼ਨ ਸਮਰੱਥ' ਤਹਿਤ ਚੱਲ ਰਹੇ ਸੈਮੀਨਾਰਾਂ ਦਾ ਜ਼ਿਲ੍ਹਾ ਸਿੱਖਿਆ ਅਫਸਰਾਂ ਵੱਲੋਂ ਨਰੀਖਣ

ਪਠਾਨਕੋਟ, ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਜ਼ਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਹਰਭਗਵੰਤ ਸਿੰਘ ਅਤੇ ਉੱਪ ਜ਼ਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਡੀਜੀ ਸਿੰਘ ਵੱਲੋਂ ਜ਼ਿਲ੍ਹਾ ਪਠਾਨਕੋਟ ਦੇ ਵੱਖ ਵੱਖ ਬਲਾਕਾਂ ਵਿੱਚ ਮਿਸ਼ਨ ਸਮਰਥ ਤਹਿਤ ਚੱਲ ਰਹੇ ਸੈਮੀਨਾਰਾਂ ਦਾ ਦੌਰਾ ਕੀਤਾ ਗਿਆ ਅਤੇ ਤਸੱਲੀ ਦਾ ਪ੍ਰਗਟਾਵਾ ਕੀਤਾ। ਜ਼ਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਹਰਭਗਵੰਤ ਸਿੰਘ ਵੱਲੋਂ ਬਲਾਕ ਧਾਰ-1 ਅਤੇ ਉੱਪ ਜ਼ਿਲ੍ਹਾ ਸਿੱਖਿਆ ਅਫਸਰ ਡੀਜੀ ਸਿੰਘ ਵੱਲੋਂ ਬਲਾਕ ਨਰੋਟ ਜੈਮਲ ਸਿੰਘ ਅਤੇ ਬਲਾਕ ਬਮਿਆਲ ਵਿਖੇ ਚੱਲ ਰਹੇ ਸੈਮੀਨਾਰਾਂ ਵਿੱਚ ਪਹੁੰਚ ਕੇ ਅਧਿਆਪਕਾਂ ਨਾਲ ਜ਼ਰੂਰੀ ਨੁਕਤੇ ਸਾਂਝੇ ਕੀਤੇ ਅਤੇ ਉਨ੍ਹਾਂ ਕਿਹਾ ਕਿ ਮਿਸ਼ਨ ਸਮਰੱਥ ਨਾਲ ਤੁਸੀਂ ਵਿਦਿਆਰਥੀਆਂ ਦੇ ਸਿੱਖਣ ਦਾ ਪੱਧਰ ਹੋਰ ਵਧੀਆ ਤਰੀਕੇ ਨਾਲ ਉੱਚਾ ਚੁੱਕ ਸਕਦੇ ਹੋ। ਉਨ੍ਹਾਂ ਅਧਿਅਪਕਾਂ ਨੂੰ ਅਪੀਲ ਕੀਤੀ ਕਿ ਨਵੇਂ ਵਿੱਦਿਅਕ ਸੈਸ਼ਨ ਦੌਰਾਨ ਵੱਧ ਤੋਂ ਵੱਧ ਵਿਦਿਆਰਥੀਆਂ ਨੂੰ ਦਾਖਲ ਕਰਨ ਅਤੇ ਮਾਪਿਆਂ ਨੂੰ ਦੱਸਣ ਕਿ ਸਰਕਾਰੀ ਸਕੂਲਾਂ ਵਿੱਚ ਨਵੀਆਂ ਆਧੁਨਿਕ ਤਕਨੀਕਾਂ ਨਾਲ ਵਿੱਦਿਆ ਦਾ ਦਾਨ ਵੰਡਿਆ ਜਾ ਰਿਹਾ ਹੈ। ਜ਼ਿਲ੍ਹਾ ਅਧਿਕਾਰੀਆਂ ਨੇ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਸਾਰੀਆਂ ਅਤਿਆਧੁਨਿਕ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ ਹਨ। ਇਸ ਲਈ ਮਾਪੇ ਵੱਧ ਤੋਂ ਵੱਧ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਓ। ਉਨ੍ਹਾਂ ਅਧਿਆਪਕਾਂ ਨੂੰ ਵੀ ਅਪੀਲ ਕੀਤੀ ਕਿ ਵਿਦਿਆਰਥੀਆਂ ਨੂੰ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਉਣ ਲਈ ਜੁੱਟ ਜਾਓ ਅਤੇ ਸਰਕਾਰੀ ਸਕੂਲਾਂ ਵਿੱਚ ਮਿਲ ਰਹੀਆਂ ਸਹੂਲਤਾ ਬਾਰੇ ਮਾਪਿਆਂ ਨੂੰ ਜਾਣੂ ਕਰਵਾਇਆ ਜਾਵੇ। ਇਸ ਮੌਕੇ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਰਾਕੇਸ਼ ਕੁਮਾਰ, ਸੈਂਟਰ ਹੈੱਡਟੀਚਰ ਪਵਨ ਕੁਮਾਰ, ਸਟੇਟ ਰਿਸੋਰਸਪਰਸਨ ਵਨੀਤ ਮਹਾਜਨ, ਸਮਾਰਟ ਸਕੂਲ ਕੋਆਰਡੀਨੇਟਰ ਸੰਜੀਵ ਮਨੀ, ਬਲਕਾਰ ਅੱਤਰੀ ਆਦਿ ਵੀ ਹਾਜ਼ਰ ਸਨ।

ਰਸੂਲਪੁਰ ਕਲਾਂ ਦੇ ਲੋਕ ਡਿੱਪੂ ਵਾਲੀ ਕਣਕ ਨੂੰ ਤਰਸੇ !

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)—ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਅਤੇ ਬਲਾਕ ਤਰਸਿੱਕਾ ਦੇ ਪਿੰਡ ਰਸੂਲਪੁਰ ਕਲਾਂ ਵਿਖੇ ਕਈ ਦਿਨ ਹੋ ਗਏ ਲਾਈਨਾਂ ਲਗਾ ਕੇ ਖੜ੍ਹੇ ਲੋਕਾਂ ਨੂੰ ਡਿਪੂ ਵਾਲੀ ਕਣਕ ਨਹੀਂ ਮਿਲ ਰਹੀ, ਜਿਸ ਕਾਰਨ ਪਿੰਡ ਦੇ ਲੋਕਾਂ ਨੂੰ ਭਾਰੀ ਖੱਜਲ-ਖੁਆਰੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਲਈ ਪਿੰਡ ਵਾਸੀਆਂ ਨੇ ਭਗਵੰਤ ਮਾਨ ਸਰਕਾਰ ਖਾਸ ਕਰਕੇ ਹਲਕਾ ਜੰਡਿਆਲਾ ਗੁਰੂ ਤੋਂ ਚੁਣੇ ਗਏ ਵਿਧਾਇਕ ਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਤੋਂ ਮੰਗ ਕੀਤੀ ਹੈ ਕਿ ਉਨ੍ਹਾਂ ਨੂੰ ਡਿੱਪੂ ਵਾਲੀ ਕਣਕ ਦੀ ਸਪਲਾਈ ਜਾਰੀ ਕੀਤੀ ਜਾਵੇ। ਇਸ ਮੌਕੇ ਪਿੰਡ ਵਾਸੀਆਂ ਨੇ ਦੱਸਿਆ ਕਿ ਉਨ੍ਹਾਂ ਨੂੰ ਕਣਕ ਲੈਣ ਲਈ ਜੋ ਜੱਦੋਜਹਿਦ ਕਰਨੀ ਪੈਂਦੀ ਹੈ। ਉਸ ਹਿਸਾਬ ਨਾਲ ਇੱਕ ਤਰ੍ਹਾਂ ਉਨ੍ਹਾਂ ਨੂੰ ਇਹ ਮੁਫਤ ਵਾਲੀ ਕਣਕ ਮੁੱਲ ਦੇ ਰੂਪ ਵਿੱਚ ਹੀ ਮਿਲਦੀ ਹੈ ਕਿਉਂਕਿ ਜਿੰਨੇ ਦੀ ਕਣਕ ਹੁੰਦੀ ਹੈ ਉਨੇ ਦਿਨ ਤਾਂ ਕਣਕ ਲੈਣ ਲਈ ਲੱਗ ਜਾਂਦੇ ਹਨ ਤੇ ਇਥੋਂ ਤੱਕ ਕਿ ਕਈ ਵਾਰ ਤਾਂ ਦਿਹਾੜੀਦਾਰ ਕਾਮਿਆਂ ਨੂੰ ਦਿਹਾੜੀ ਭੰਨ ਕੇ ਵੀ ਕਣਕ ਨਹੀਂ ਮਿਲਦੀ। ਇਸ ਮੌਕੇ ਡਿੱਪੂ ਹੋਲਡਰ ਜਗੀਰ ਸਿੰਘ ਯੂਪੀ ਵਾਲੇ, ਜਥੇਦਾਰ ਗੁਲਜ਼ਾਰ ਸਿੰਘ, ਡਾਕਟਰ ਬਲਜੀਤ ਸਿੰਘ, ਦਲਜੀਤ ਸਿੰਘ, ਸੁੱਚਾ ਸਿੰਘ, ਅਜੈਬ ਸਿੰਘ, ਹਰਵਿੰਦਰ ਸਿੰਘ ਸਾਹ, ਬਲਕਾਰ ਸਿੰਘ, ਜਸਪਾਲ ਸਿੰਘ, ਬਲਜੀਤ ਸਿੰਘ, ਬਲਵਿੰਦਰ ਸਿੰਘ, ਰਾਮ ਸਿੰਘ ਸ਼ਾਹ, ਮਨਜੀਤ ਸਿੰਘ, ਗੁਰਪ੍ਰੀਤ ਸਿੰਘ, ਗੁਰਨਾਮ ਸਿੰਘ, ਗੱਜਣ ਸਿੰਘ ਤੇ ਹੋਰ ਪਿੰਡ ਵਾਸੀਆਂ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਉਨ੍ਹਾਂ ਨੂੰ ਕਣਕ ਦਿੱਤੀ ਜਾਵੇ ਤਾਂ ਕਿ ਪਿੰਡ ਵਾਸੀ ਹੋ ਰਹੀ ਖੱਜਲ-ਖੁਆਰੀ ਤੋਂ ਨਿਜਾਤ ਪਾ ਸਕਣ।

ਨਿਯਮਾਂ ਤੋਂ ਵੱਧ ਪੈਸਿਆਂ ਦੇ ਲੈਣ-ਦੇਣ 'ਤੇ ਰੱਖੀ ਜਾਵੇਗੀ ਤਿੱਖੀ ਨਜ਼ਰ : ਜ਼ਿਲ੍ਹਾ ਚੋਣ ਅਫਸਰ

ਅੰਮ੍ਰਿਤਸਰ, (ਨਰਿੰਦਰਜੀਤ ਸਿੰਘ)-ਸੂਬੇ ਦੇ ਵਿੱਚ ਆਦਰਸ਼ ਚੋਣ ਜ਼ਾਬਤੇ ਦੇ ਲਾਗੂ ਹੋਣ ਤੋਂ ਬਾਅਦ ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਅੰਮ੍ਰਿਤਸਰ ਘਨਸ਼ਾਮ ਥੋਰੀ ਵੱਲੋਂ ਜ਼ਿਲਾ ਅੰਮ੍ਰਿਤਸਰ ਦੇ ਵੱਖ-ਵੱਖ ਸਰਕਾਰੀ ਅਤੇ ਪ੍ਰਾਈਵੇਟ ਬੈਂਕਾਂ ਦੇ ਨੁਮਾਇੰਦਿਆਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਜ਼ਿਲੇ ਵਿੱਚ ਆਦਰਸ਼ ਚੋਣ ਜ਼ਾਬਤੇ ਦੇ ਨਿਯਮਾਂ ਦੀ ਪਾਲਣਾ ਨੂੰ ਬੈਂਕ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਵੀ ਯਕੀਨੀ ਬਣਾਇਆ ਜਾਵੇ।ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵੀ ਬੈਂਕ ਵੱਲੋਂ ਖਾਤਿਆਂ ਵਿੱਚੋਂ ਕਿਸੇ ਤਰ੍ਹਾਂ ਦੇ ਸ਼ੱਕੀ ਲੈਣ ਦੇਣ ਤੋਂ ਇਲਾਵਾ ਨਿਯਮਾਂ ਤੋਂ ਵੱਧ ਪੈਸੇ ਦਾ ਲੈਣ ਦੇਣ ਪਾਇਆ ਜਾਂਦਾ ਹੈ ਤਾਂ ਉਹ ਤੁਰੰਤ ਇਸ ਦੀ ਸੂਚਨਾ ਮੁਹੱਈਆ ਕਰਵਾਉਣ।ਜ਼ਿਲ੍ਹਾ ਚੋਣ ਅਫਸਰ ਨੇ ਕਿਹਾ ਕਿ ਆਦਰਸ਼ ਚੋਣ ਜ਼ਾਬਤੇ ਦੌਰਾਨ ਕਿਸੇ ਤਰ੍ਹਾਂ ਦੀ ਅਸਾਧਾਰਨ ਜਾਂ ਫਿਰ ਇੱਕ ਲੱਖ ਰੁਪਏ ਤੋਂ ਵੱਧ ਸ਼ੱਕੀ ਲੈਣ ਦੇਣ ਪਾਇਆ ਜਾਵੇ ਤਾਂ ਉਸ ਖਾਤਾਧਾਰਕ ਦੀ ਜਾਣਕਾਰੀ ਸਬੰਧਤ ਬੈਂਕਾਂ ਚ

19-March-PAGE-4.qxd 3/18/2024 11:03 PM Page 1

ਨਵਾਂ ਜ਼ਮਾਨਾ
ਮੰਗਲਵਾਰ, 19 ਮਾਰਚ 2024

ਲੱਦਾਖ 'ਚ ਵਧਦੀ ਬੇਚੈਨੀ

ਲੱਦਾਖ ਨੂੰ ਸੰਵਿਧਾਨ ਦੇ ਛੇਵੇਂ ਸ਼ਡਿਊਲ ਤਹਿਤ ਵਿਸ਼ੇਸ਼ ਰੁਤਬਾ ਤੇ ਰਾਜ ਦਾ ਦਰਜਾ ਦਿਵਾਉਣ ਲਈ ਲੇਹ ਵਿਚ ਕਈ ਦਿਨਾਂ ਤੋਂ ਮਰਨ ਵਰਤ 'ਤੇ ਚੱਲ ਰਹੇ ਜਲਵਾਯੂ ਕਾਰਕੁਨ ਸੋਨਮ ਵਾਂਗਚੁਕ ਨੇ ਭਾਰਤ ਸਰਕਾਰ ਨੂੰ ਸਵਾਲ ਕੀਤਾ ਹੈ ਕਿ ਕੀ ਉਹ ਸਿਰਫ ਬੰਦੂਕ ਦੀ ਭਾਸ਼ਾ ਸਮਝਦੀ ਹੈ? ਵਾਂਗਚੁਕ ਨੇ ਇਹ ਸਵਾਲ ਕਰਨ ਤੋਂ ਕੁਝ ਦਿਨ ਪਹਿਲਾਂ ਇਹ ਵੀ ਕਿਹਾ ਸੀ ਕਿ ਲੱਦਾਖ ਨਾਲ ਲੱਗਦੀਆਂ ਚੀਨ ਤੇ ਪਾਕਿਸਤਾਨ ਦੀਆਂ ਸਰਹੱਦਾਂ 'ਤੇ ਤਾਇਨਾਤ ਫੌਜੀਆਂ ਦਾ ਮਨੋਬਲ ਡਿੱਗਿਆ ਹੋਇਆ ਹੈ। ਸਿੱਖ ਫੌਜੀ ਪੰਜਾਬ ਦੇ ਕਿਸਾਨਾਂ ਨਾਲ ਕੀਤੇ ਜਾ ਰਹੇ ਸਲੂਕ ਤੋਂ ਪ੍ਰੇਸ਼ਾਨ ਹਨ, ਲੱਦਾਖੀ ਫੌਜੀ ਜੰਮੂ-ਕਸ਼ਮੀਰ ਨੂੰ ਤੋੜ ਕੇ ਲੱਦਾਖ ਨੂੰ ਵੱਖਰਾ ਕੇਂਦਰ ਸ਼ਾਸਤ ਪ੍ਰਦੇਸ਼ ਬਣਾਉਣ ਵੇਲੇ ਕੀਤੇ ਵਾਅਦੇ ਪੂਰੇ ਨਾ ਕਰਨ ਤੋਂ ਪ੍ਰੇਸ਼ਾਨ ਹਨ ਅਤੇ ਅਗਨੀਵੀਰ ਸਕੀਮ ਕਰਕੇ ਗੋਰਖੇ ਭਾਰਤੀ ਫੌਜ ਵਿਚ ਸ਼ਾਮਲ ਹੋਣ ਦੀ ਥਾਂ ਚੀਨੀ ਫੌਜ ਵਿਚ ਸ਼ਾਮਲ ਹੋ ਰਹੇ ਹਨ। ਵਾਂਗਚੁਕ ਨੇ ਤਾਜ਼ਾ ਵੀਡੀਓ ਵਿਚ ਪੁੱਛਿਆ ਹੈ ਕਿ ਕੀ ਭਾਰਤ ਵਿਚ ਹੁਣ ਅਮਨਪੂਰਵਕ ਅੰਦੋਲਨ ਨਾਲ ਕੁਝ ਨਹੀਂ ਮੰਨਵਾਇਆ ਜਾ ਸਕਦਾ? ਉਨ੍ਹਾ ਕਿਹਾ—ਮੈਂ ਉੱਤਰ-ਪੂਰਬ ਵਿਚ ਇਹ ਜਾਨਣ ਲਈ ਗਿਆ ਸੀ ਕਿ ਉੱਥੋਂ ਦੇ ਲੋਕਾਂ ਨੂੰ ਆਪਣੇ ਸੱਭਿਆਚਾਰ ਤੇ ਰਹਿਣ-ਸਹਿਣ ਨੂੰ ਬਚਾਉਣ ਲਈ ਕਿਸ ਤਰ੍ਹਾਂ ਦੀ ਸੁਰੱਖਿਆ ਮਿਲੀ ਹੋਈ ਹੈ। ਗੱਲਬਾਤ ਦੌਰਾਨ ਇਕ ਐਡਵੋਕੇਟ ਨੇ ਮੈਨੂੰ ਪੁੱਛਿਆ ਕਿ ਭਾਰਤ ਵਿਚ ਕਿੰਨੀਆਂ ਮਾਨਤਾ ਪ੍ਰਾਪਤ ਭਾਸ਼ਾਵਾਂ ਹਨ। ਮੈਂ ਕਿਹਾ 22। ਇਸ 'ਤੇ ਉਸ ਨੇ ਕਿਹਾ ਕਿ 22 ਨਹੀਂ 23 ਤੇ ਤੇਈਵੀਂ ਹੈ ਬੰਦੂਕ ਦੀ ਭਾਸ਼ਾ, ਭਾਰਤ ਸਰਕਾਰ ਇਹੀ ਭਾਸ਼ਾ ਸਮਝਦੀ ਹੈ। ਉੱਤਰ-ਪੂਰਬ ਵਿਚ ਜਿੰਨੇ ਵੀ ਅਮਨ ਸਮਝੌਤੇ ਹੋਏ ਹਨ, ਉਹ ਹਥਿਆਰਬੰਦ ਸੰਘਰਸ਼ਾਂ ਤੋਂ ਬਾਅਦ ਹੀ ਹੋਏ। ਚਾਹੇ ਇਹ ਮਿਜ਼ੋ ਨਾਗਿਆਂ ਨਾਲ ਸੀ ਤੇ ਚਾਹੇ ਤ੍ਰਿਪੁਰਾ ਤੇ ਬੋਡੋ ਸਮਝੌਤਾ। ਮੈਨੂੰ ਇਹ ਜਾਣ ਕੇ ਬੜਾ ਦੁੱਖ ਲੱਗਾ। ਲੱਦਾਖ ਨੂੰ ਇਹ ਸਾਬਤ ਕਰਨਾ ਪਵੇਗਾ ਕਿ ਭਾਰਤ ਵਿਚ 23 ਨਹੀਂ 24 ਭਾਸ਼ਾਵਾਂ ਹਨ। ਚੌਵੀਵੀਂ ਹੈ ਅਮਨ ਦੀ ਭਾਸ਼ਾ, ਜਿਸ ਵਿਚ ਅਸੀਂ ਦੂਜੇ ਨੂੰ ਨੁਕਸਾਨ ਪਹੁੰਚਾਉਣ ਦੀ ਥਾਂ ਖੁਦ ਨੂੰ ਨੁਕਸਾਨ ਪਹੁੰਚਾਉਂਦੇ ਹਾਂ। ਸਰਕਾਰ ਨੂੰ ਅਮਨ ਦੀ ਇਸ ਭਾਸ਼ਾ ਨੂੰ ਸਮਝਣਾ ਚਾਹੀਦਾ ਹੈ।

ਲੱਦਾਖ ਦੇ ਅੰਦੋਲਨਕਾਰੀਆਂ ਦੀ ਕੇਂਦਰ ਸਰਕਾਰ ਨਾਲ ਕਈ ਵਾਰ ਗੱਲਬਾਤ ਹੋਈ ਹੈ, ਪਰ ਉਸ ਨੇ ਕੋਈ ਪੱਲਾ ਨਹੀਂ ਫੜਾਇਆ। ਲੱਦਾਖ ਦੇ ਕਈ ਪਿੰਡਾਂ ਦੇ ਕਰੀਬ 125 ਲੋਕ ਪਿਛਲੇ ਦਿਨੀਂ ਵਾਂਗਚੁਕ ਨਾਲ ਮਨਫੀ 15 ਡਿਗਰੀ ਤਾਪਮਾਨ ਵਿਚ ਭੁੱਖ ਹੜਤਾਲ 'ਤੇ ਬੈਠੇ। ਇਸ ਤੋਂ ਪਹਿਲਾਂ ਕਿ ਲੱਦਾਖ ਦੇ ਲੋਕਾਂ ਦਾ ਪੁਰਅਮਨ ਸੰਘਰਸ਼ ਤੋਂ ਭਰੋਸਾ ਉਠ ਜਾਵੇ, ਕੇਂਦਰ ਸਰਕਾਰ ਨੂੰ ਛੇਤੀ ਤੋਂ ਛੇਤੀ ਇਸ ਸਰਹੱਦੀ ਖਿੱਤੇ ਦੇ ਮਸਲੇ ਹੱਲ ਕਰਨੇ ਚਾਹੀਦੇ ਹਨ। ਪ੍ਰਧਾਨ ਮੰਤਰੀ ਦਾ ਕਹਿਣਾ ਹੈ ਕਿ ਧਾਰਾ 370 ਨੂੰ ਖਤਮ ਕਰਨ ਤੋਂ ਬਾਅਦ ਖਿੱਤੇ ਵਿਚ ਲੋਕ ਆਜ਼ਾਦੀ ਮਹਿਸੂਸ ਕਰ ਰਹੇ ਹਨ, ਪਰ ਵਾਂਗਚੁਕ ਦਾ ਅੰਦੋਲਨ ਦੱਸਦਾ ਹੈ ਕਿ ਲੱਦਾਖ ਦੇ ਲੋਕ ਕਿੰਨੇ ਪ੍ਰੇਸ਼ਾਨ ਹਨ।

ਭਾਰਤ ਦੀ ਕਿਸਾਨੀ ਦਾ ਸ਼ਾਨਮੱਤਾ ਇਤਿਹਾਸ


ਪਵਨ ਕੁਮਾਰ ਕੌਸ਼ਲ

19 ਮਾਰਚ ਦੀ ਤਾਰੀਖ ਨੇ ਦੁਖਦਾਈ ਯਾਦਾਂ ਨੂੰ ਉਜਾਗਰ ਕੀਤਾ, ਖਾਸ ਕਰਕੇ ਮਾਨਸਾ ਜ਼ਿਲ੍ਹੇ ਦੇ ਪਿੰਡ ਕਿਸ਼ਨਗੜ੍ਹ ਵਿਖੇ। ਇਸੇ ਪਿੰਡ ਵਿੱਚ 19 ਮਾਰਚ, 1949 ਨੂੰ ਇੱਕ ਸੰਘਰਸ਼ ਵਿੱਚ ਚਾਰ ਕਿਸਾਨ ਮਾਰੇ ਗਏ ਸਨ, ਜੋ ਬਾਅਦ ਵਿੱਚ ਪੈਪਸੂ ਮੁਜ਼ਾਰਾ ਅੰਦੋਲਨ ਵਜੋਂ ਜਾਣਿਆ ਗਿਆ। ਮੁਜ਼ਾਰਾ ਲਹਿਰ ਦੇ ਪ੍ਰਮੁੱਖ ਆਗੂ ਬਾਬਾ ਰੂੜ ਸਿੰਘ, ਬਾਬਾ ਸੋਹਣ ਸਿੰਘ, ਤੇਜਾ ਸਿੰਘ ਸੁਤੰਤਰ ਅਤੇ ਵਧਾਵਾ ਰਾਮ ਪੰਜਾਬ ਦੀ ਕਿਸਾਨੀ ਲਹਿਰ ਦੇ ਬਹੁਤ ਮਹੱਤਵਪੂਰਨ ਆਗੂ ਸਨ । ਤੇਜਾ ਸਿੰਘ ਸੁਤੰਤਰ, ਜੋ ਕਿ ਪੈਪਸੂ ਮੁਜ਼ਾਰਾ ਅੰਦੋਲਨ ਦੀ ਅਗਵਾਈ ਕਰਨ ਵਾਲਾ ਇੱਕ ਇਨਕਲਾਬੀ ਆਗੂ ਸੀ, ਕਿਸਾਨਾਂ ਦੇ ਜ਼ਮੀਨੀ ਹੱਕਾਂ ਲਈ ਲੜ ਰਿਹਾ ਸੀ। ਪੰਜਾਬ ਦੇ ਬਹਾਦਰ ਕਿਸਾਨਾਂ ਨੇ ਦੇਸ਼ ਦੀ ਅਜ਼ਾਦੀ ਤੋਂ ਲੈ ਕੇ ਹੁਣ ਤੱਕ ਕਿੰਨੇ ਹੀ ਸੰਘਰਸ਼ ਕੀਤੇ ਅਤੇ ਸਫਲਤਾ ਪ੍ਰਾਪਤ ਕੀਤੀ ਹੈ। ਉਨ੍ਹਾਂ ਵਿੱਚ ਅਹਿਮ ਹਨ ਇੱਕ 1907 ਵਿੱਚ ਸਰਦਾਰ ਅਜੀਤ ਸਿੰਘ ਦੀ ਅਗਵਾਈ ਵਿੱਚ 'ਪਗੜੀ ਸੰਭਾਲ ਜੱਟਾ' ਅਤੇ 1930 ਤੋਂ 1952 ਤੱਕ ਚੱਲੀ 'ਪੈਪਸੂ ਮੁਜ਼ਾਰਾ ਲਹਿਰ' ਅਤੇ ਉਸ ਦੀ ਸਫਲਤਾ, ਦੂਸਰੀ ਪੰਜਾਬ ਅੰਦਰ ਤਾਨਾਸ਼ਾਹ ਦੀ ਫਿਤਰਤ ਵਾਲੇ ਤੱਤਕਾਲੀਨ ਮੁੱਖ ਮੰਤਰੀ ਪ੍ਰਤਾਪ ਸਿੰਘ ਕੈਰੋਂ ਵੱਲੋਂ ਕਿਸਾਨਾਂ ਉੱਪਰ ਲਗਾਏ ਜਜ਼ੀਏ "ਖੁਸ਼ਹੈਸੀਅਤ ਟੈਕਸ" ਵਿਰੁੱਧ ਕੀਤੇ ਸੰਘਰਸ਼ ਦੀ ਸ਼ਾਨਦਾਰ ਸਫਲਤਾ।

ਮੁਜ਼ਾਰਾ ਲਹਿਰ 1930 ਦੇ ਦਹਾਕੇ ਵਿਚ ਅੰਗਰੇਜ਼ਾਂ ਦੇ ਰਾਜ ਵਿਚ ਸ਼ੁਰੂ ਹੋਈ ਸੀ, ਜਦੋਂ ਜਗੀਰਦਾਰ ਪਟਿਆਲਾ ਰਿਆਸਤ ਅਧੀਨ ਆਉਂਦੇ ਪੰਜਾਬ ਦੇ ਕਈ ਪਿੰਡਾਂ ਦੇ ਕਿਸਾਨਾਂ ਦੀ ਫਸਲ ਵਿੱਚੋਂ ਹਿੱਸਾ ਮੰਗਦੇ ਸਨ, ਜੋ ਕਿ ਪਟਿਆਲਾ ਦੇ ਮਹਾਰਾਜੇ ਅਤੇ ਬਾਅਦ ਵਿਚ ਅੰਗਰੇਜ਼ਾਂ ਨੂੰ ਦਿੱਤਾ ਜਾਂਦਾ ਸੀ । ਹਾਕਮਾਂ ਵਿਰੁੱਧ ਕੀਤੇ ਸੰਘਰਸ਼ਾਂ ਨੇ ਦੁਖਦਾਈ ਯਾਦਾਂ ਤਾਜ਼ਾ ਕਰ ਦਿੱਤੀਆਂ, ਖਾਸ ਕਰਕੇ ਮਾਨਸਾ ਜ਼ਿਲ੍ਹੇ ਦੇ ਪਿੰਡ ਕਿਸ਼ਨਗੜ੍ਹ ਦੀਆਂ। ਇਸੇ ਪਿੰਡ ਵਿੱਚ 19 ਮਾਰਚ, 1949 ਨੂੰ ਇੱਕ ਸੰਘਰਸ਼ ਵਿੱਚ ਚਾਰ ਕਿਸਾਨ ਮਾਰੇ ਗਏ ਸਨ, ਜੋ ਬਾਅਦ ਵਿੱਚ ਪੈਪਸੂ ਮੁਜ਼ਾਰਾ ਅੰਦੋਲਨ ਵਜੋਂ ਜਾਣਿਆ ਗਿਆ। ਕਿਸਾਨੀ ਦਾ ਸ਼ਾਨਮੱਤੀ ਇਤਿਹਾਸ ।

ਬਰਤਾਨਵੀ ਬਸਤੀਵਾਦੀ ਸਰਕਾਰ ਵੱਲੋਂ 1907 ਵਿੱਚ ਪੰਜਾਬ ਦੇ ਕਿਸਾਨਾਂ ਵਿਰੁੱਧ ਤਿੰਨ ਕਾਲੇ ਕਾਨੂੰਨ ਲਿਆਂਦੇ ਗਏ। ਬਸਤੀਵਾਦ ਬਿੱਲ, ਸਰਕਾਰ ਕਿਸੇ ਵੀ ਜਨਤਕ ਜਾਂ ਪ੍ਰਾਈਵੇਟ ਡਿਵੈਲਪਰ ਨੂੰ ਜਾਇਦਾਦ ਵੇਚ ਸਕਦੀ ਹੈ। ਪੰਜਾਬ ਲੈਂਡ ਅਲਾਈਨੇਸ਼ਨ ਐਕਟ 1900, ਪੰਜਾਬ ਲੈਂਡ ਕਲੋਨਾਈਜ਼ੇਸ਼ਨ ਐਕਟ 1906 ਅਤੇ ਦੁਆਬ ਬਾਰੀ ਐਕਟ 1907। ਦੁਆਬ ਬਾਰੀ ਐਕਟ 1907 ਬਾਰੀ ਦੁਆਬ ਕੈਨਾਲ ਐਕਟ ਨੇ ਪਾਣੀ ਦੀਆਂ ਦਰਾਂ ਅਤੇ ਮਾਲੀਆ ਦਰਾਂ ਵਿੱਚ 25% ਦਾ ਵਾਧਾ ਕੀਤਾ । ਸਰਦਾਰ ਅਜੀਤ ਸਿੰਘ ਦੀ ਅਗਵਾਈ ਹੇਠ "ਪਗੜੀ ਸੰਭਾਲ ਜੱਟਾ" ਅੰਦੋਲਨ ਇੱਕ ਸਫਲ ਕਿਸਾਨ ਅੰਦੋਲਨ ਸੀ, ਜਿਸ ਨੇ ਬ੍ਰਿਟਿਸ਼ ਸਰਕਾਰ ਨੂੰ 1907 ਵਿੱਚ ਖੇਤੀਬਾੜੀ ਨਾਲ ਸਬੰਧਤ ਤਿੰਨ ਕਾਨੂੰਨਾਂ ਨੂੰ ਵਾਪਸ/ ਰੱਦ ਕਰਨ ਲਈ ਮਜਬੂਰ ਕੀਤਾ। ਪੰਜਾਬ ਲੈਂਡ ਅਲਾਈਨੇਸ਼ਨ ਐਕਟ 1900, ਪੰਜਾਬ ਲੈਂਡ ਕਲੋਨਾਈਜ਼ੇਸ਼ਨ ਐਕਟ 1906 ਅਤੇ ਦੁਆਬ ਬਾਰੀ ਐਕਟ 1907, ਮਈ 1907 ਵਿਚ ਤਿੰਨੇ ਕਾਨੂੰਨ ਰੱਦ ਕਰ ਦਿੱਤੇ ਗਏ। 1930 ਤੋਂ 1952 ਤੱਕ ਪਹਿਲਾਂ ਅੰਗਰੇਜ਼ਾਂ ਵਿਰੁੱਧ ਅਤੇ ਫਿਰ ਭਾਰਤੀ ਹਾਕਮਾਂ ਵਿਰੁੱਧ ਜ਼ਮੀਨ ਦੀ ਮਾਲਕੀ ਲਈ ਚੱਲੇ ਮੁਜ਼ਾਰਾ ਅੰਦੋਲਨ ਜਿਸ ਨੂੰ ਭਾਰਤ ਦੀ ਅਜ਼ਾਦੀ ਤੋਂ ਬਾਅਦ ਪੈਪਸੂ ਮੁਜ਼ਾਰਾ ਲਹਿਰ ਦਾ ਨਾਂਅ ਦਿੱਤਾ ਗਿਆ। 1952 ਵਿੱਚ ਕਿਸਾਨੀ ਨੂੰ ਮਾਲਕੀ ਦੇ ਅਧਿਕਾਰ ਮਿਲੇ ਸਨ। ਸੰਘਰਸ਼ਸ਼ੀਲ ਕਿਸਾਨੀ ਦਾ ਕਹਿਣਾ ਹੈ ਕਿ ਅਸੀਂ ਬ੍ਰਿਟਿਸ਼ ਸ਼ਾਸਨ ਦੌਰਾਨ ਵੀ ਕਦੇ ਇੱਕ ਇੰਚ ਜ਼ਮੀਨ ਖੋਹਣ ਨਹੀਂ ਦਿੱਤੀ ਅਤੇ ਬ੍ਰਿਟਿਸ਼ ਸ਼ਾਸਨ ਦੌਰਾਨ ਕਦੇ ਹਾਰ ਨਹੀਂ ਮੰਨੀ। ਪੈਪਸੂ ਮੁਜ਼ਾਰਾ ਅੰਦੋਲਨ ਦਾ ਉਦੇਸ਼ ਕੀ ਸੀ ? 'ਮੁਜ਼ਾਰਾ' ਸ਼ਬਦ ਬੇਜ਼ਮੀਨੇ ਕਿਸਾਨਾਂ ਲਈ ਵਰਤਿਆ ਜਾਂਦਾ ਸੀ, ਜੋ ਕਿਸੇ ਦੀ ਜ਼ਮੀਨ 'ਤੇ ਕੰਮ ਕਰਦੇ ਸਨ। ਇਹ ਲਹਿਰ ਸਾਲਾਂਬੱਧੀ ਵਾਹੁਣ ਤੋਂ ਬਾਅਦ ਜ਼ਮੀਨ ਦੀ ਮਾਲਕੀ ਲੈਣ ਲਈ ਸ਼ੁਰੂ ਹੋਈ ਸੀ। ਸਾਡੇ ਪੂਰਵਜ਼ਾਂ ਨੇ 1930 ਦੇ ਦਹਾਕੇ ਵਿੱਚ ਇਸ ਨੂੰ ਸ਼ੁਰੂ ਕੀਤਾ ਸੀ ਅਤੇ ਕਿਸਾਨਾਂ ਨੂੰ ਆਖਰਕਾਰ 1952 ਵਿੱਚ ਇੱਕਮੁਸ਼ਤ ਮੁਆਵਜ਼ਾ ਦੇ ਕੇ ਮਾਲਕੀ ਦੇ ਹੱਕ ਮਿਲ ਗਏ ਸਨ। ਭਾਜਪਾ ਦੀ ਕੇਂਦਰੀ ਸਰਕਾਰ ਵੱਲੋਂ 2020 ਵਿੱਚ ਲਿਆਂਦੇ ਕਿਸਾਨ ਵਿਰੋਧੀ ਤਿੰਨ ਕਾਲੇ ਕਾਨੂੰਨ ਰੱਦ ਕਰਵਾਉਣ ਲਈ ਦਿੱਲੀ ਦੇ ਬਾਰਡਰਾਂ 'ਤੇ ਪੱਕਾ ਮੋਰਚਾ ਜੋ 378 ਦਿਨ ਚੱਲਿਆ, ਲਗਾ ਦਿੱਤਾ। ਆਖਰ ਸਰਕਾਰ ਨੂੰ ਇਹ ਤਿੰਨੇ ਕਾਨੂੰਨ ਵਾਪਸ ਲੈਣੇ ਪਏ। ਇਸ ਗੌਰਵਮਈ ਸੰਘਰਸ਼ ਦੌਰਾਨ 700 ਤੋਂ ਉਪਰ ਕਿਸਾਨਾਂ ਦੀਆਂ ਕੀਮਤੀ ਜਾਨਾਂ ਗਈਆਂ ਸਨ। ਪੰਜਾਬ ਦਾ ਖੁਸ਼ਹੈਸੀਅਤ ਟੈਕਸ ਵਿਰੋਧੀ ਸੰਘਰਸ਼ 1959 ਵਿੱਚ ਖੁਸ਼ਹੈਸੀਅਤ ਟੈਕਸ ਦੇ ਖਿਲਾਫ ਪੰਜਾਬ ਦੇ ਕਿਸਾਨਾਂ ਦੇ ਬਹਾਦਰੀ ਭਰੇ ਸੰਘਰਸ਼ ਨੇ ਭਾਰਤੀ ਕਿਸਾਨ ਅੰਦੋਲਨ ਦੇ ਇਤਿਹਾਸ ਵਿੱਚ ਇੱਕ ਸ਼ਾਨਦਾਰ ਅਧਿਆਏ ਜੋੜਿਆ। ਤੇਲੰਗਾਨਾ ਦੇ ਕਿਸਾਨਾਂ ਦੇ ਹਥਿਆਰਬੰਦ ਘੋਲ ਯੁੱਗ ਬਣਾਉਣ ਵਾਲੇ ਸੰਘਰਸ਼ ਤੋਂ ਬਾਅਦ ਇਹ ਆਜ਼ਾਦੀ ਤੋਂ ਬਾਅਦ ਦੇ ਸਮੇਂ ਵਿੱਚ ਲੜਿਆ ਗਿਆ ਸਭ ਤੋਂ ਵੱਡਾ ਸੰਘਰਸ਼ ਸੀ, ਜਿੱਥੇ ਕਿਸਾਨਾਂ ਦੀ ਵਿਆਪਕ ਏਕਤਾ ਬਣਾਈ ਗਈ ਸੀ। ਕਿਸਾਨ, ਖੇਤ ਮਜ਼ਦੂਰਾਂ ਅਤੇ ਆਬਾਦੀ ਦੇ ਹੋਰ ਵਰਗਾਂ ਦਾ ਸਮਰਥਨ ਜਿੱਤਣ ਦੇ ਯੋਗ ਸਨ, ਉਨ੍ਹਾਂ ਦੇ ਸਿਆਸੀ ਸੰਬੰਧਾਂ ਦੀ ਪਰਵਾਹ ਕੀਤੇ ਬਿਨਾਂ। ਕਿਸਾਨ ਸਭਾ ਨੇ ਵੱਖ-ਵੱਖ ਪੱਧਰਾਂ 'ਤੇ ਐਕਸ਼ਨ ਕਮੇਟੀਆਂ ਬਣਾਈਆਂ ਅਤੇ ਸੱਤਿਆਗ੍ਰਹਿ ਕਰਨ ਲਈ ਵਲੰਟੀਅਰਾਂ ਨੂੰ ਭਰਤੀ ਕੀਤਾ ਗਿਆ। ਹੁੰਗਾਰਾ ਭਰਵਾਂ ਸੀ। ਜਨਵਰੀ ਦੇ ਤੀਜੇ ਹਫ਼ਤੇ ਤੱਕ 10,000 ਤੋਂ ਵੱਧ ਵਲੰਟੀਅਰਾਂ ਨੂੰ ਭਰਤੀ ਕੀਤਾ ਗਿਆ ਸੀ, ਇਸ ਕਾਰਨ ਲਈ ਕਿਸੇ ਵੀ ਕੁਰਬਾਨੀ ਲਈ ਤਿਆਰ ਸਨ। ਸੂਬਾ ਪੱਧਰੀ ਐਕਸ਼ਨ ਕਮੇਟੀ ਬਣਾਈ ਗਈ, ਜਿਸ ਨੇ ਜ਼ਮੀਨਦੋਜ਼ ਕੰਮ ਕੀਤਾ। ਗ਼ਰੀਬ ਅਤੇ ਮੱਧਵਰਗੀ ਕਿਸਾਨਾਂ ਨੇ ਸ਼ੁਰੂ ਤੋਂ ਅੰਦੋਲਨ ਵਿੱਚ ਹਿੱਸਾ ਲਿਆ, ਇਸ ਅੰਦੋਲਨ ਵਿੱਚ ਲੱਖਾਂ ਕਿਸਾਨਾਂ ਨੇ ਵੱਖ-ਵੱਖ ਰੂਪਾਂ ਵਿੱਚ ਸ਼ਮੂਲੀਅਤ ਕੀਤੀ। ਸਰਕਾਰ ਦੇ ਜਬਰ ਨੇ ਸੂਬੇ ਦੇ ਸਮੁੱਚੇ ਲੋਕਾਂ ਨੂੰ ਗੁੱਸੇ ਵਿਚ ਪਾ ਦਿੱਤਾ ਅਤੇ ਕਿਸਾਨਾਂ ਨੇ ਸਰਕਾਰ ਲਈ ਅੰਦੋਲਨ ਵਿਰੁੱਧ ਆਪਣੇ ਜਬਰ ਨੂੰ ਜਾਰੀ ਰੱਖਣਾ ਅਸੰਭਵ ਬਣਾ ਦਿੱਤਾ। ਸਾਰਾ ਪ੍ਰਸ਼ਾਸਨ ਥੱਕ ਗਿਆ। ਸਰਕਾਰ ਕੋਲ ਅੰਦੋਲਨ ਅੱਗੇ ਆਤਮ ਸਮਰਪਣ ਕਰਨ ਤੋਂ ਇਲਾਵਾ ਕੋਈ ਹੋਰ ਬਦਲ ਨਹੀਂ ਬਚਿਆ ਸੀ। ਮੁੱਖ ਮੰਤਰੀ ਨੇ ਖੁਸ਼ਹੈਸੀਅਤ ਟੈਕਸ /ਲੇਵੀ ਵਾਪਸ ਲੈਣੀ ਪਈ ਅਤੇ ਕਿਸਾਨ ਸਭਾ ਦੀਆਂ ਹੋਰ ਮੰਗਾਂ ਨੂੰ ਵੀ ਪ੍ਰਵਾਨ ਕਰ ਲਿਆ। 22 ਮਾਰਚ 1959 ਨੂੰ ਸੰਘਰਸ਼ ਬੰਦ ਕਰ ਦਿੱਤਾ ਗਿਆ। ਸਾਰੇ ਸੰਘਰਸ਼ ਦੌਰਾਨ 19,000 ਵਲੰਟੀਅਰਾਂ ਨੇ ਜ਼ਿਲ੍ਹਾ ਅਦਾਲਤਾਂ ਦੇ ਕੰਮ ਵਿੱਚ ਰੁਕਾਵਟ ਪਾ ਕੇ ਸੱਤਿਆਗ੍ਰਹਿ ਕੀਤਾ, 10,000 ਜੇਲ੍ਹ ਗਏ, 3,000 ਵਾਲੰਟੀਅਰਾਂ ਨੂੰ ਪੁਲਸ ਨੇ ਬੁਰੀ ਤਰ੍ਹਾਂ ਕੁੱਟਿਆ ਅਤੇ ਸੈਂਕੜੇ ਹੋਰ ਥਾਣਿਆਂ ਵਿੱਚ ਤਸ਼ੱਦਦ ਕੀਤੇ।

ਪੁਲਸ ਗੋਲੀਬਾਰੀ ਵਿੱਚ ਤਿੰਨ ਔਰਤਾਂ ਸਮੇਤ ਅੱਠ ਸਾਥੀ ਸ਼ਹੀਦ, ਇੱਕ ਦੀ ਪੁਲਸ ਹਿਰਾਸਤ ਵਿੱਚ ਤਸ਼ੱਦਦ ਕਾਰਨ ਮੌਤ ਹੋ ਗਈ ਅਤੇ ਦੋ ਹੋਰ ਨੇ ਜੇਲ੍ਹ ਵਿੱਚ ਆਪਣੀ ਜਾਨ ਦੇ ਦਿੱਤੀ। 17 ਸਤੰਬਰ, 2020 ਮੋਦੀ ਸਰਕਾਰ ਵੱਲੋਂ ਲਾਗੂ ਕੀਤੇ ਗਏ ਕਾਲੇ ਖੇਤੀ ਕਾਨੂੰਨ, 19 ਨਵੰਬਰ 2021 ਨੂੰ ਰੱਦ ਕੀਤੇ ਗਏ ਸਨ। ਐੱਮ ਐੱਸ ਪੀ ਦੇਣ ਬਾਰੇ ਸਰਕਾਰ ਪਹਿਲਾਂ ਦਿੱਤੇ ਵਾਅਦੇ ਤੋਂ ਹੁਣ ਪਿਛਾਂਹ ਹਟ ਰਹੀ ਹੈ, ਸੰਘਰਸ਼ ਦੌਰਾਨ ਕਿਸਾਨਾਂ ਉਪਰ ਦਰਜ ਕੀਤੇ ਕੇਸ ਵਾਪਸ ਲੈਣ ਤੋਂ ਵੀ ਪਿੱਛੇ ਹਟ ਰਹੀ ਹੈ ਅਤੇ ਕਿਸਾਨੀ ਉਪਰ ਦਰਜ ਕੇਸਾਂ ਨੂੰ ਵਾਪਸ ਲੈਣ ਅਤੇ ਲਖੀਮਪੁਰ ਖੀਰੀ ਕੇਸ ਬਾਰੇ ਚੁੱਪ ਧਾਰੀ ਬੈਠੀ ਹੈ। ਹਰਿਆਣਾ ਬਾਰਡਰ 'ਤੇ ਪੱਕੀਆਂ ਰੋਕਾਂ ਲਗਾ ਰੱਖੀਆਂ ਹਨ। ਸੰਘਰਸ਼ਸ਼ੀਲ ਕਿਸਾਨਾਂ ਉੱਪਰ ਅੱਥਰੂ ਗੈਸ ਦੇ ਗੋਲੇ ਅਤੇ ਗੋਲੀਆਂ ਚਲਾਈਆਂ, ਜਿਸ ਨਾਲ 20-22 ਸਾਲਾਂ ਦੇ ਨੌਜਵਾਨ ਕਿਸਾਨ ਦੀ ਮੌਤ ਹੋ ਗਈ। ਪੰਜਾਬ ਦੀ ਕਿਸਾਨੀ ਦਾ ਇਹ ਸ਼ਾਂਤਮਈ ਅੰਦੋਲਨ ਕਿਸਾਨਾਂ ਅਤੇ ਖੇਤ ਮਜ਼ਦੂਰਾਂ ਦੀ ਘੋਰ ਅਸੰਤੁਸ਼ਟੀ ਦਾ ਪ੍ਰਗਟਾਵਾ ਸੀ। ਇਹ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਦੇ ਸਿੱਟੇ ਵਜੋਂ ਡੂੰਘੇ ਹੋ ਰਹੇ ਖੇਤੀ ਸੰਕਟ ਵਿਰੁੱਧ ਕਿਸਾਨੀ ਦੇ ਰੋਹ ਦਾ ਪ੍ਰਗਟਾਵਾ ਸੀ, ਜਿਸ ਦਾ ਉਦੇਸ਼ ਸੰਕਟ ਦਾ ਬੋਝ ਕਿਸਾਨੀ ਦੇ ਮੋਢਿਆਂ 'ਤੇ ਸੁੱਟਣਾ ਸੀ।

ਸੰਪਰਕ : 98550-04500

ਮਮਤਾ ਬੈਨਰਜੀ ਹੰਕਾਰ ਛੱਡੇ ਅਤੇ ਲੋਕਤੰਤਰ ਬਚਾਏ

ਵਿਸ਼ਵਾ ਮਿੱਤਰ

ਛੋਟੀਆਂ-ਵੱਡੀਆਂ 40 ਪਾਰਟੀਆਂ ਮਿਲਾ ਕੇ ਇੱਕ ਸਾਂਝਾ ਗਠਬੰਧਨ ਇੰਡੀਆ ਬਣਿਆ, ਜਿਸ ਦਾ ਮੂਲ ਮੰਤਵ ਸੀ ਅਤੇ ਹੈ ਕਿ ਭਾਰਤ ਨੂੰ ਫਾਸ਼ੀਵਾਦ ਤੋਂ ਬਚਾਇਆ ਜਾਵੇ। ਭਾਰਤ ਦੀਆਂ ਸੰਵਿਧਾਨਕ ਸੰਸਥਾਵਾਂ ਨੂੰ ਏਕਾਧਿਕਾਰ ਵਾਲੀ ਪਾਰਟੀ ਤੋਂ ਅਜ਼ਾਦ ਕਰਵਾਇਆ ਜਾਵੇ ਅਤੇ ਭਾਰਤੀ ਸੰਵਿਧਾਨ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਇਆ ਜਾ ਸਕੇ। ਇਹ ਸਭ ਕੁਝ ਕਰਨ ਲਈ ਜ਼ਰੂਰੀ ਹੈ ਕਿ ਭਾਰਤੀ ਜਨਤਾ ਪਾਰਟੀ ਦੀ ਅਗਵਾਈ ਵਾਲੀ ਐੱਨ ਡੀ ਏ, ਮਤਲਬ ਨੈਸ਼ਨਲ ਡੈਮੋਕ੍ਰੇਟਿਕ ਅਲਾਇੰਸ ਜਿਹੜਾ ਕਿ ਕਾਫੀ ਦੇਰ ਤੋਂ ਨਾਨ ਡੈਮੋਕ੍ਰੇਟਿਕ ਅਲਾਇੰਸ ਬਣ ਚੁੱਕਿਆ ਹੈ, ਉਸ ਨੂੰ ਸੱਤਾ ਤੋਂ ਲਾਂਭੇ ਕੀਤਾ ਜਾਏ। ਮਮਤਾ ਬੈਨਰਜੀ ਨੇ ਵੀ ਤ੍ਰਿਣਮੂਲ ਕਾਂਗਰਸ

19-MAR-PAGE-5.qxd 3/18/2024 10:46 PM Page 1

ਭਾਕਿਯੂ (ਕਾਦੀਆਂ) ਵੱਲੋਂ ਨਜਾਇਜ਼ ਕਬਜ਼ੇ ਛੁਡਾਉਣ ਲਈ 3 ਤੱਕ ਦਾ ਅਲਟੀਮੇਟਮ : ਗਿਆਸਪੁਰਾ

ਸਮਰਾਲਾ (ਸੁਰਜੀਤ ਸਿੰਘ)-ਭਾਰਤੀ ਕਿਸਾਨ ਯੂਨੀਅਨ (ਕਾਦੀਆਂ) ਦੇ ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਹਰਦੀਪ ਸਿੰਘ ਗਿਆਸਪੁਰਾ ਦੀ ਅਗਵਾਈ ਹੇਠ ਮਿਲੇ ਇੱਕ ਵਫਦ ਨੇ ਐੱਸ. ਡੀ. ਐੱਮ. ਨੂੰ ਮੰਗ ਪੱਤਰ ਦਿੱਤਾ।ਮੰਗ ਪੱਤਰ ਵਿੱਚ ਮੰਗ ਕੀਤੀ ਗਈ ਕਿ ਇੱਕ ਬਰਸਾਤੀ ਡਰੇਨ, ਜੋ ਪਿੰਡ ਗੜ੍ਹੀ ਤਰਖਾਣਾ ਤੋਂ ਭਰਥਲਾ, ਪਾਲ ਮਾਜਰਾ ਪਿੰਡਾਂ ਰਾਹੀਂ ਹੁੰਦੀ ਹੋਈ ਢੰਡੇ ਸਾਈਫਨ ਤੱਕ ਜਾਂਦੀ ਸੀ, ਨਾਲ ਲੱਗਦੇ ਜ਼ਮੀਨ ਮਾਲਕਾਂ ਵੱਲੋਂ ਬੰਦ ਕਰਕੇ ਨਜਾਇਜ਼ ਕਬਜ਼ੇ ਕਰ ਲਏ ਹਨ, ਜਿਸ ਕਾਰਨ ਬਰਸਾਤ ਦੇ ਦਿਨਾਂ ਅੰਦਰ ਬਰਸਾਤ ਦੇ ਪਾਣੀ ਨਾਲ ਪਿੰਡ ਗੜ੍ਹੀ ਤਰਖਾਣਾ, ਊਰਨਾਂ ਆਦਿ ਪਿੰਡਾਂ ਦੇ ਵਸਨੀਕਾਂ, ਘਰਾਂ ਤੇ ਫਸਲਾਂ ਦਾ ਭਾਰੀ ਨੁਕਸਾਨ ਹੁੰਦਾ ਹੈ, ਇਸ ਸਬੰਧੀ ਨਜਾਇਜ਼ ਕਬਜ਼ਾ ਕਰਨ ਵਾਲਿਆਂ ਦੇ ਨਾਮ ਲਿਖ ਕੇ ਵੀ ਸਥਾਨਕ ਤੇ ਉੱਚ ਅਧਿਕਾਰੀਆਂ ਨੂੰ ਪਿਛਲੇ ਕਾਫੀ ਅਰਸੇ ਤੋਂ ਸ਼ਿਕਾਇਤਾਂ ਲਿਖ ਲਿਖ ਪਾਈਆਂ ਜਾ ਚੁੱਕੀਆਂ ਹਨ, ਪ੍ਰੰਤੂ ਅਜੇ ਤੱਕ ਕਿਸੇ ਮਹਿਕਮੇਂ ਵੱਲੋਂ ਨਜਾਇਜ਼ ਕਬਜ਼ਾ ਧਾਰਕਾਂ ਵਿਰੁੱਧ ਕੋਈ ਕਾਰਵਾਈ ਅਮਲ ਵਿੱਚ ਨਹੀਂ ਲਿਆਂਦੀ ਗਈ।ਇਸ ਤੋਂ ਇਲਾਵਾ ਸਰਹਿੰਦ ਨਹਿਰ ਤੋਂ ਮੁਸ਼ਕਾਬਾਦ ਪਿੰਡ ਤੱਕ ਬਣੀ ਸੜਕ ਉੱਤੇ ਬਰਸਾਤੀ ਪੁਲੀਆਂ ਲਗਾਉਣ ਦੀ ਮੰਗ ਵੀ ਕੀਤੀ ਹੈ, ਤਾਂ ਜੋ ਬਰਸਾਤੀ ਪਾਣੀ ਫਸਲਾਂ ਦਾ ਨੁਕਸਾਨ ਨਾ ਕਰ ਸਕੇ। ਵਫਦ ਵੱਲੋਂ ਮੰਗ ਪੱਤਰ ਵਿੱਚ ਪ੍ਰਸ਼ਾਸਨ ਨੂੰ ਇਨ੍ਹਾਂ ਨਜਾਇਜ਼ ਕਬਜ਼ਿਆਂ ਨੂੰ ਖਤਮ ਕਰਵਾ ਕੇ ਡਰੇਨ ਚਲਾਉਣ ਲਈ 3 ਅਪ੍ਰੈਲ ਤੱਕ ਦਾ ਅਲਟੀਮੇਟਮ ਦਿੰਦੇ ਹੋਏ ਕਿਹਾ ਕਿ ਜੇਕਰ ਉਕਤ ਮਿਤੀ ਤੱਕ ਨਜਾਇਜ਼ ਕਬਜ਼ੇ ਛੁਡਾ ਕੇ ਬਰਸਾਤ ਤੋਂ ਪਹਿਲਾਂ ਡਰੇਨ ਚਾਲੂ ਨਾ ਕੀਤੀ ਤਾਂ ਯੂਨੀਅਨ ਐੱਸ. ਡੀ. ਐੱਮ. ਸਮਰਾਲਾ ਦੇ ਦਫਤਰ ਅੱਗੇ ਪੱਕਾ ਧਰਨਾ ਲਗਾ ਦੇਵੇਗੀ, ਜਿਸ ਦੀ ਸਾਰੀ ਜ਼ਿੰਮੇਵਾਰੀ ਉੱਚ ਅਧਿਕਾਰੀਆਂ ਦੀ ਹੋਵੇਗੀ।ਮੰਗ ਪੱਤਰ ਪ੍ਰਾਪਤ ਕਰਕੇ ਹੋਏ ਐੱਸ. ਡੀ. ਐੱਮ. ਸਮਰਾਲਾ ਨੇ ਭਰੋਸਾ ਦਿਵਾਇਆ ਕਿ ਇਸ ਸਬੰਧੀ ਕਾਰਵਾਈ ਅਮਲ ਵਿੱਚ ਲਿਆ ਕੇ ਨਜਾਇਜ਼ ਕਬਜ਼ੇ ਛੁਡਾ ਡਰੇਨ ਚਾਲੂ ਕੀਤੀ ਜਾਵੇਗੀ।ਮੰਗ ਪੱਤਰ ਦੇਣ ਉਕਤ ਉਪਰੋਕਤ ਤੋਂ ਇਲਾਵਾ ਕੁਲਦੀਪ ਸਿੰਘ ਗੜ੍ਹੀ ਤਰਖਾਣਾ ਜ਼ਿਲ੍ਹਾ ਮੀਤ ਪ੍ਰਧਾਨ, ਕੁਲਵਿੰਦਰ ਸਿੰਘ, ਹਰਮੇਲ ਸਿੰਘ ਸਾਬਕਾ ਸਰਪੰਚ, ਬਲਰਾਮ ਸਿੰਘ, ਅਮਰੀਕ ਸਿੰਘ, ਨਿਰਮਲ ਸਿੰਘ, ਮਲਵਿੰਦਰ ਸਿੰਘ ਸਰਪੰਚ, ਹਰਦੀਪ ਸਿੰਘ, ਸੁੱਖਾ ਸਿੰਘ ਆਦਿ ਹਾਜ਼ਰ ਸਨ।

ਅਕਾਊਂਟੈਂਟ ਵੈੱਲਫੇਅਰ ਐਸੋਸੀਏਸ਼ਨ ਦੀ ਚੋਣ, ਧਰਮਪਾਲ ਪ੍ਰਧਾਨ ਬਣੇ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਅਕਾਊਂਟੈਂਟ ਵੈੱਲਫੇਅਰ ਐਸੋਸੀਏਸ਼ਨ ਮਾਛੀਵਾੜਾ ਸਾਹਿਬ ਦੇ ਮੈਂਬਰਾਂ ਦੀ ਮੀਟਿੰਗ ਹੋਈ, ਜਿਸ ਵਿੱਚ ਸਰਬਸੰਮਤੀ ਨਾਲ ਨਵੇਂ ਅਹੁਦੇਦਾਰਾਂ ਦੀ ਚੋਣ ਕੀਤੀ ਗਈ। ਮੀਟਿੰਗ ਵਿੱਚ ਸਰਬਸੰਮਤੀ ਨਾਲ ਧਰਮਪਾਲ ਗੋਰਾ ਨੂੰ ਪ੍ਰਧਾਨ, ਗੁਰਪ੍ਰੀਤ ਸਿੰਘ ਵਿੱਕੀ ਮੀਤ ਪ੍ਰਧਾਨ, ਸੰਨੀ ਖੁਰਾਣਾ ਸੀਨੀਅਰ ਮੀਤ ਪ੍ਰਧਾਨ, ਦਰਸ਼ਨ ਸਿੰਘ ਕੈਸ਼ੀਅਰ, ਮੰਗਤ ਰਾਮ ਸਹਾਇਕ ਕੈਸ਼ੀਅਰ, ਕੁਲਵੰਤ ਸਿੰਘ ਬਿੱਲਾ ਮੀਡੀਆ ਸਲਾਹਕਾਰ, ਵਿੱਕੀ ਗੁਪਤਾ ਸਹਾਇਕ ਮੀਡੀਆ ਸਲਾਹਕਾਰ, ਰਾਕੇਸ਼ ਗਰੋਵਰ ਸੈਕਟਰੀ, ਹਰਜਿੰਦਰ ਧੀਰ ਜਨਰਲ ਸੈਕਟਰੀ, ਮੋਹਨ ਲਾਲ ਪ੍ਰੈੱਸ ਸਕੱਤਰ, ਅਜਮੇਰ ਸਿੰਘ ਸਹਾਇਕ ਪ੍ਰੈੱਸ ਸਕੱਤਰ, ਸੀਤਾਰਾਮ ਨਾਗਪਾਲ, ਬਿੱਟੂ ਸਰਪੰਚ, ਸ਼ਾਮ ਸੁੰਦਰ (ਤਿੰਨੋ ਸਰਪ੍ਰਸਤ) ਚੁਣੇ ਗਏ। ਇਸ ਮੌਕੇ ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਮੋਹਿਤ ਕੁੰਦਰਾ ਵਿਸ਼ੇਸ਼ ਤੌਰ 'ਤੇ ਪੁੱਜੇ, ਜਿਨ੍ਹਾਂ ਕਿਹਾ ਕਿ ਆੜ੍ਹਤੀਆਂ ਤੇ ਅਕਾਊਂਟੈਂਟਾਂ ਦਾ ਨਹੁੰ-ਮਾਸ ਦਾ ਰਿਸ਼ਤਾ ਹੈ ਤੇ ਦੋਵੇਂ ਐਸੋਸੀਏਸ਼ਨਾਂ ਇੱਕਜੁਟ ਹੋ ਕੇ ਕਿਸਾਨਾਂ ਦੇ ਹਿੱਤਾਂ ਤੇ ਹੋਰ ਮੁਸ਼ਕਲਾਂ ਦੇ ਹੱਲ ਲਈ ਯਤਨਸ਼ੀਲ ਰਹਿਣਗੀਆਂ। ਮੀਟਿੰਗ ਵਿੱਚ ਰਮੇਸ਼ ਸੂਦ, ਬਲਦੇਵ ਵਾਸਨ, ਕੁਲਵਿੰਦਰ ਸਿੰਘ, ਜੋਗਿੰਦਰ ਗਾਬਾ, ਹਰਭਜਨ ਸਿੰਘ, ਬੂਟਾ ਰਾਮ, ਸੁਖਪਾਲ ਸਿੰਘ, ਮੇਜਰ ਸਿੰਘ, ਨਰੇਸ਼ ਨਾਗਪਾਲ, ਜਗਜੀਤ ਮਹਿਰਾ, ਮਹੇਸ਼ ਕੁਮਾਰ, ਹਰਜੀਤ ਸਿੰਘ, ਰਵਿੰਦਰ ਕਲਸੀ, ਰਾਜ ਕੁਮਾਰ ਬੱਤਰਾ, ਵਿਨੋਦ ਮਿਗਲਾਨੀ, ਹਰਪ੍ਰੀਤ ਸਿੰਘ, ਰਾਜਨ ਖਨੇਜਾ, ਅੰਕੁਸ਼ ਮਿੱਤਲ, ਸੁਖਵਿੰਦਰ ਮਾਨ, ਬਚਿੱਤਰ ਸਿੰਘ, ਸੰਜੀਵ ਸਪੜਾ, ਕਰਨੈਲ ਸਿੰਘ, ਗਗਨ, ਦਵਿੰਦਰ ਨਫਰੀ, ਜਤਿੰਦਰਪਾਲ ਸਿੰਘ, ਹਰਦੀਪ ਰਾਏ, ਸੋਨੀ, ਅੰਗਰੇਜ ਸਿੰਘ, ਗੁਰਜੀਵਨ ਸਿੰਘ, ਦਰਸ਼ਨ ਮਹਿਰਾ, ਪੁਰਸ਼ੋਤਮ ਸਿੰਘ, ਆਤਮਾ ਸਿੰਘ, ਰਾਜੀਵ ਧਮੀਜਾ, ਸਤਵਿੰਦਰ ਰਾਣਾ, ਹਰਮੀਤ ਸਿੰਘ, ਸੁਖਵਿੰਦਰ ਸੁੱਖੀ, ਗੁਰਦੀਪ ਸਿੰਘ, ਰਜੇਸ਼ ਆਨੰਦ, ਸਾਬਕਾ ਪ੍ਰਧਾਨ ਦੀਪਕ ਸ਼ਰਮਾ, ਸੰਜੀਵ ਨਾਗਪਾਲ ਆਦਿ ਮੌਜੂਦ ਸਨ।

ਜਸਵਿੰਦਰ ਧਰਮਕੋਟ ਨੂੰ ਉਰਮਿਲਾ ਆਨੰਦ ਪੁਰਸਕਾਰ ਮਿਲਣ 'ਤੇ ਮੁਬਾਰਕਾਂ

ਧਰਮਕੋਟ (ਗੁਰਦੀਪ ਸਿੰਘ)

ਮੋਗਾ ਜ਼ਿਲ੍ਹੇ ਨੂੰ ਇੱਕ ਵੱਡੀ ਖੁਸ਼ੀ ਦੀ ਪ੍ਰਾਪਤੀ ਉਸ ਸਮੇਂ ਹੋਈ, ਜਦੋਂ ਗੁਰਬਖਸ਼ ਸਿੰਘ-ਨਾਨਕ ਸਿੰਘ ਫਾਊਂਡੇਸ਼ਨ ਵੱਲੋਂ ਜਸਵਿੰਦਰ ਧਰਮਕੋਟ ਦੀ ਕਹਾਣੀ 'ਮੈਲਾਨਿਨ' ਨੂੰ ਸਾਲ 2023 ਦੀ ਬਿਹਤਰੀਨ ਕਹਾਣੀ ਐਲਾਨਦਿਆਂ ਉਨ੍ਹਾਂ ਨੂੰ ਉਰਮਿਲਾ ਆਨੰਦ ਪੁਰਸਕਾਰ ਨਾਲ ਸਨਮਾਨਤ ਕੀਤਾ ਗਿਆ।ਪੁਰਸਕਾਰ ਪ੍ਰਾਪਤ ਕਰਨ ਉਪਰੰਤ ਜਸਵਿੰਦਰ ਧਰਮਕੋਟ ਦਾ ਸਕੂਲ ਆਫ ਐਮੀਨੈਂਸ ਕੈਲਾ ਵਿਖੇ ਪ੍ਰਿੰਸੀਪਲ ਵਿਨੋਦ ਸ਼ਰਮਾ ਦੀ ਅਗਵਾਈ ਵਿੱਚ ਸਮੁੱਚੇ ਸਟਾਫ ਨੇ ਸਵਾਗਤ ਕੀਤਾ ਤੇ ਉਨ੍ਹਾਂ ਨੂੰ ਮੁਬਾਰਕਾਂ ਦਿੱਤੀਆਂ।

ਜਸਵਿੰਦਰ ਧਰਮਕੋਟ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਇਨਾਮ ਉਪਰੋਕਤ ਸੰਸਥਾ ਵੱਲੋਂ ਪਿਛਲੇ ਛੇ ਸਾਲਾਂ ਤੋਂ ਦਿੱਤਾ ਜਾ ਰਿਹਾ ਹੈ।ਸਰਵੋਤਮ ਕਹਾਣੀ ਦੀ ਚੋਣ ਵਿਧੀ ਬਾਰੇ ਦੱਸਦਿਆਂ ਉਨ੍ਹਾਂ ਕਿਹਾ ਕਿ ਕਹਾਣੀ ਦੀ ਚੋਣ ਲਈ ਸੱਤ-ਸੱਤ ਮੈਂਬਰਾਂ ਦੀਆਂ ਦੋ ਜਿਊਰੀਆਂ ਬਣਾਈਆਂ ਜਾਂਦੀਆਂ ਹਨ, ਪਹਿਲੀ ਜਿਊਰੀ ਵਿੱਚੋਂ ਹਰੇਕ ਮੈਂਬਰ ਪੰਜ ਕਹਾਣੀਆਂ ਦੀ ਤਜਵੀਜ਼ ਰੱਖਦਾ ਹੈ ਤੇ ਸੱਤਾਂ ਮੈਂਬਰਾਂ ਦੀਆਂ ਵੱਧ ਵੋਟ ਵਾਲੀਆਂ ਕਹਾਣੀਆਂ ਦੀ ਚੋਣ ਕੀਤੀ ਜਾਂਦੀ ਹੈ।ਉਸ ਮਗਰੋਂ ਦੂਜੀ ਜਿਊਰੀ ਦਾ ਹਰੇਕ ਮੈਂਬਰ ਆਪਣੇ ਅਨੁਸਾਰ ਉਨ੍ਹਾਂ ਦੀ ਮਾਰਕਿੰਗ ਕਰਦਾ ਹੈ ਤੇ ਅੰਤ ਵਿੱਚ ਸਭ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੀ ਕਹਾਣੀ ਨੂੰ ਸਰਵੋਤਮ ਕਹਾਣੀ ਐਲਾਨਿਆ ਜਾਂਦਾ ਹੈ।ਇਸ ਤੋਂ ਇਲਾਵਾ ਪੱਤਰਕਾਰੀ ਦੇ ਖੇਤਰ ਵਿੱਚ ਸ਼ਲਾਘਾਯੋਗ ਯੋਗਦਾਨ ਦੇਣ ਵਾਲੇ ਪੱਤਰਕਾਰ ਨੂੰ ਜਗਜੀਤ ਸਿੰਘ ਆਨੰਦ ਸਿਮਰਤੀ ਪੱਤਰਕਾਰ ਪੁਰਸਕਾਰ ਨਾਲ ਸਨਮਾਨਿਆ ਜਾਂਦਾ ਹੈ।ਇਸ ਵਾਰ ਦਾ ਸਨਮਾਨ ਪੱਤਰਕਾਰ ਨਵਜੋਤ ਢਿੱਲੋਂ ਨੂੰ ਦਿੱਤਾ ਗਿਆ।ਪ੍ਰੀਤਨਗਰ ਅੰਮ੍ਰਿਤਸਰ ਦੀ ਧਰਤੀ 'ਤੇ ਹੋਏ ਇਸ ਸਮਾਰੋਹ ਦੀ ਪ੍ਰਧਾਨਗੀ ਪੰਜਾਬ ਦੇ ਪ੍ਰਸਿੱਧ ਤੇ ਨਾਮਵਰ ਕਹਾਣੀਕਾਰ ਵਰਿਆਮ ਸੰਧੂ ਨੇ ਕੀਤੀ।ਡਾ. ਰਘਬੀਰ ਸਿੰਘ ਸਿਰਜਣਾ ਨੇ ਪੱਤਰਕਾਰ ਨਵਜੋਤ ਢਿੱਲੋਂ ਤੇ ਪ੍ਰਸਿੱਧ ਕਹਾਣੀਕਾਰ ਗੁਰਮੀਤ ਕੜਿਆਲਵੀ ਨੇ ਜਸਵਿੰਦਰ ਧਰਮਕੋਟ ਦੀ ਕਹਾਣੀ ਬਾਰੇ ਚਾਨਣਾ ਪਾਇਆ।ਫਾਊਂਡੇਸ਼ਨ ਦੇ ਪ੍ਰਮੁੱਖ ਮੈਂਬਰ ਕਹਾਣੀਕਾਰ ਸੁਕੀਰਤ ਆਨੰਦ ਵੱਲੋਂ ਪ੍ਰੀਤਨਗਰ ਦੇ ਇਤਿਹਾਸ ਤੇ ਸਮਾਗਮ ਦੇ ਪਿਛੋਕੜ ਬਾਰੇ ਦੱਸਿਆ ਗਿਆ।ਮੰਚ ਦਾ ਸੰਚਾਲਨ ਪ੍ਰਵਚਨ ਮੈਗਜ਼ੀਨ ਦੇ ਸੰਪਾਦਕ ਕੁਲਵੰਤ ਸਿੰਘ ਸੰਧੂ ਵੱਲੋਂ ਕੀਤਾ ਗਿਆ।ਇਸ ਸਮਾਗਮ ਵਿੱਚ ਚੁਣੇ ਗਏ ਕਹਾਣੀਕਾਰਾਂ ਤੋਂ ਇਲਾਵਾ ਬਲਵੀਰ ਪਰਵਾਨਾ, ਜਸ ਮੰਡ, ਅੱਖਰ ਮੈਗਜ਼ੀਨ ਦੇ ਸੰਪਾਦਕ ਵਿਸ਼ਾਲ, ਕਹਾਣੀਕਾਰ ਮੁਖਤਾਰ ਗਿੱਲ, ਖੁਸ਼ਵੰਤ ਬਰਗਾੜੀ, ਬਲੀਜੀਤ, ਨਾਟਕਕਾਰ ਕੇਵਲ ਧਾਲੀਵਾਲ, ਹਿਰਦੇਪਾਲ ਸਿੰਘ, ਨਿਰਲੇਪ ਸਿੰਘ ਤੇ ਹੋਰ ਨਾਮਵਰ ਸਾਹਿਤਕਾਰ ਹਾਜ਼ਰ ਸਨ।

ਧਰਮਕੋਟ ਪੁੱਜਣ 'ਤੇ ਸਕੂਲ ਆਫ ਐਮੀਨੈਂਸ ਕੈਲਾ ਵਿਖੇ ਪ੍ਰਿੰਸੀਪਲ ਵਿਨੋਦ ਸ਼ਰਮਾ ਦੀ ਅਗਵਾਈ ਵਿੱਚ ਸਮੁੱਚੇ ਸਟਾਫ ਨੇ ਜਸਵਿੰਦਰ ਧਰਮਕੋਟ ਨੂੰ ਮੁਬਾਰਕਾਂ ਦਿੱਤੀਆਂ।ਇਸ ਮੌਕੇ ਪ੍ਰਿੰਸੀਪਲ ਵਿਨੋਦ ਸ਼ਰਮਾ ਨੇ ਆਖਿਆ ਕਿ ਉਨ੍ਹਾਂ ਨੂੰ ਮਾਣ ਹੈ ਕਿ ਜਸਵਿੰਦਰ ਲੇਖਕ ਹੋਣ ਦੇ ਨਾਲ ਨਾਲ ਸਫ਼ਲ ਤੇ ਸਮਰੱਥ ਅਧਿਆਪਕ ਵੀ ਹੈ ਤੇ ਉਹ ਅਰਦਾਸ ਕਰਦੇ ਹਨ ਕਿ ਜਸਵਿੰਦਰ ਦੀ ਕਲਮ ਭਵਿੱਖ ਵਿੱਚ ਹੋਰ ਉੱਚ ਪਾਏ ਦੀਆਂ ਰਚਨਾਵਾਂ ਪੰਜਾਬੀ ਸਾਹਿਤ ਦੀ ਝੋਲੀ ਪਾਵੇ।

ਕਾਤਰਾਂ

ਭਗੌੜਾ ਕਾਬੂ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਮਾਛੀਵਾੜਾ ਪੁਲਸ ਵੱਲੋਂ ਅਦਾਲਤ ਵੱਲੋਂ ਭਗੌੜਾ ਕਰਾਰ ਦਿੱਤੇ ਬਿੱਕਰ ਸਿੰਘ ਵਾਸੀ ਮਾਛੀਵਾੜਾ ਨੂੰ ਗ੍ਰਿਫ਼ਤਾਰ ਕਰਨ 'ਚ ਸਫ਼ਲਤਾ ਪ੍ਰਾਪਤ ਕੀਤੀ ਹੈ। ਥਾਣਾ ਮੁਖੀ ਭਿੰਦਰ ਸਿੰਘ ਖੰਗੂੜਾ ਨੇ ਦੱਸਿਆ ਕਿ ਬਿੱਕਰ ਸਿੰਘ ਖਿਲਾਫ਼ 8-11-2020 ਨੂੰ ਮਾਛੀਵਾੜਾ ਪੁਲਸ ਥਾਣਾ ਵਿੱਚ ਪਰਚਾ ਦਰਜ ਹੋਇਆ ਸੀ ਤੇ ਜ਼ਮਾਨਤ ਤੋਂ ਬਾਅਦ ਉਹ ਅਦਾਲਤ ਵਿੱਚ ਪੇਸ਼ ਨਾ ਹੋਇਆ, ਜਿਸ ਨੂੰ ਭਗੌੜਾ ਕਰਾਰ ਦਿੱਤਾ ਗਿਆ। ਅੱਜ ਸਹਾਇਕ ਥਾਣੇਦਾਰ ਕਰਨੈਲ ਸਿੰਘ ਨੇ ਬਿੱਕਰ ਸਿੰਘ ਗੜ੍ਹੀ ਤਰਖਾਣਾ ਪੁਲ ਨੇੜੇ ਗ੍ਰਿਫ਼ਤਾਰ ਕਰ ਲਿਆ, ਜਿਸ ਨੂੰ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ। ਇਸ ਮੌਕੇ ਸਹਾਇਕ ਥਾਣੇਦਾਰ ਸੰਜੀਵ ਕੁਮਾਰ, ਮੁੱਖ ਮੁਨਸ਼ੀ ਕਰਨਦੀਪ ਸਿੰਘ ਮੌਜੂਦ ਸਨ।

ਪੰਜਾਬੀ ਸਹਿਤ ਅਕਾਡਮੀ ਵੱਲੋਂ ਪ੍ਰਬੰਧਕੀ ਬੋਰਡ 'ਚ ਪ੍ਰਮੁੱਖ ਸ਼ਖ਼ਸੀਅਤਾਂ ਤੇ ਸਕੱਤਰ ਨਾਮਜ਼ਦ

ਲੁਧਿਆਣਾ (ਪੱਤਰ ਪ੍ਰੇਰਕ)-ਪੰਜਾਬੀ ਸਾਹਿਤ ਅਕਾਡਮੀ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਦੀ ਪ੍ਰਧਾਨਗੀ 17 ਮਾਰਚ ਨੂੰ ਹੋਈ ਪ੍ਰਬੰਧਕੀ ਬੋਰਡ ਦੀ ਇਕੱਤਰਤਾ ਹੋਈ।ਅਕੈਡਮੀ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਦੱਸਿਆ ਕਿ ਪੰਜਾਬੀ ਸਾਹਿਤ ਅਕੈਡਮੀ ਦੇ ਸੰਵਿਧਾਨ ਅਨੁਸਾਰ ਪ੍ਰਧਾਨ ਵੱਲੋਂ ਪੰਜਾਬੀ ਭਾਸ਼ਾ, ਸਾਹਿਤ ਤੇ ਸੱਭਿਆਚਾਰ ਨਾਲ ਜੁੜੀਆਂ ਤਿੰਨ ਪ੍ਰਮੁੱਖ ਸ਼ਖ਼ਸੀਅਤਾਂ ਡਾ. ਅਨੂਪ ਸਿੰਘ, ਡਾ. ਜੋਗਿੰਦਰ ਸਿੰਘ ਨਿਰਾਲਾ, ਸ੍ਰੀ ਬਲਬੀਰ ਮਾਧੋਪੁਰੀ ਨੂੰ ਸਾਲ 2024-2026 ਲਈ ਪ੍ਰਬੰਧਕੀ ਬੋਰਡ ਵਿੱਚ ਸ਼ਾਮਲ ਕੀਤਾ ਗਿਆ।ਇਸੇ ਤਰ੍ਹਾਂ ਜਨਰਲ ਸਕੱਤਰ ਦੀ ਸਿਫ਼ਾਰਸ਼ 'ਤੇ ਅਕਾਡਮੀ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਤੇ ਸੀਨੀਅਰ ਮੀਤ ਪ੍ਰਧਾਨ ਡਾ. ਪਾਲ ਕੌਰ ਦੀ ਸਹਿਮਤੀ ਨਾਲ ਸ੍ਰੀ ਜਸਵੀਰ ਝੱਜ ਨੂੰ ਸਕੱਤਰ, ਦਫ਼ਤਰ ਤੇ ਪ੍ਰੈੱਸ, ਸਹਿਜਪ੍ਰੀਤ ਸਿੰਘ ਮਾਂਗਟ ਨੂੰ ਸਕੱਤਰ, ਭਵਨ ਪ੍ਰਬੰਧਕ ਅਤੇ ਡਾ. ਹਰੀ ਸਿੰਘ ਜਾਚਕ ਨੂੰ ਸਕੱਤਰ, ਸਾਹਿਤਕ ਸਰਗਰਮੀਆਂ ਨਿਯੁਕਤ ਕੀਤਾ ਗਿਆ।ਇਸ ਦੇ ਨਾਲ ਹੀ ਸ੍ਰੀ ਸੁਰਿੰਦਰ ਕੈਲੇ ਨੂੰ ਇੰਚਾਰਜ ਵਿੱਤ ਪ੍ਰਬੰਧ ਅਤੇ ਸ੍ਰੀ ਦੀਪ ਜਗਦੀਪ ਸਿੰਘ ਨੂੰ ਇੰਚਾਰਜ ਆਈ.ਟੀ.ਸੈੱਲ. ਨਿਯੁਕਤ ਕੀਤਾ ਗਿਆ। ਪ੍ਰਿੰਸੀਪਲ ਜਗਮੋਹਨ ਸਿੰਘ ਨੂੰ ਡਾਇਰੈਕਟਰ ਲਾਇਬ੍ਰੇਰੀ ਨਿਯੁਕਤ ਕੀਤਾ ਹੈ।ਕੰਮ ਵਧੇਰੇ ਸੁਚਾਰੂ ਰੂਪ ਵਿਚ ਚਲਾਉਣ ਲਈ ਵੱਖ-ਵੱਖ ਕਮੇਟੀਆਂ ਦਾ ਗਠਨ ਕੀਤਾ ਗਿਆ ਤੇ ਅਕਾਡਮੀ ਦਾ ਸਾਲਾਨਾ ਬਜਟ ਜਨਰਲ ਇਜਲਾਸ ਵਿਚ ਰੱਖਣ ਹਿੱਤ ਪਾਸ ਕੀਤਾ ਗਿਆ।

ਡਾ. ਚੰਦਰ ਸ਼ੇਖਰ ਬਣੇ ਸਿਵਲ ਸਰਜਨ

ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)-ਸਿਵਲ ਹਸਪਤਾਲ ਫਰੀਦਕੋਟ ਵਿਖੇ ਅਪ੍ਰੈਲ 2018 ਤੋਂ ਬਤੌਰ ਸੀਨੀਅਰ ਮੈਡੀਕਲ ਅਫਸਰ ਦੀਆਂ ਸੇਵਾਵਾਂ ਨਿਭਾਅ ਰਹੇ ਡਾ. ਚੰਦਰ ਸ਼ੇਖਰ ਕੱਕੜ ਨੂੰ ਸਿਵਲ ਸਰਜਨ ਫਾਜ਼ਿਲਕਾ ਲਗਾ ਦਿੱਤਾ ਗਿਆ ਹੈ। ਦੱਸਣਯੋਗ ਹੈ ਡਾ. ਚੰਦਰ ਸ਼ੇਖਰ ਕੱਕੜ ਵੱਲੋਂ ਬਤੌਰ ਮੈਡੀਕਲ ਅਫਸਰ ਵੀ ਆਪਣੀ ਨੌਕਰੀ ਦੀਸ਼ੁਰੂਆਤ ਸੰਨ 2000 ਵਿੱਚ ਸਿਵਲ ਹਸਪਤਾਲ ਫਰੀਦਕੋਟ ਤੋਂ ਹੀ ਸ਼ੁਰੂ ਕੀਤੀ। ਉਨ੍ਹਾਂ ਵੱਲੋਂ ਆਪਣੀ ਡਿਊਟੀ ਬੜੀ ਹੀ ਇਮਾਨਦਾਰੀ ਨਾਲ ਨਿਭਾਉਂਦੇ ਹੋਏ ਅਤੇ ਅਣਥੱਕ ਯਤਨਾਂ ਸਦਕਾ ਸਿਵਲ ਹਸਪਤਾਲ ਫਰੀਟਕੋਟ ਵਿਖੇ ਇਲਾਜ ਦੀਆਂ ਮਿਲਣ ਵਾਲੀਆਂ ਸੇਵਾਂਵਾ ਵਿੱਚ ਵਾਧਾ ਕੀਤਾ। ਇਸ ਮੌਕੇ ਉਨ੍ਹਾਂ ਨੂੰ ਸਮੂਹ ਸਟਾਫ ਵੱਲੋਂ ਵਧਾਈ ਦਿੱਤੀ ਗਈ।

ਬਾਬਾ ਫਰੀਦ ਮੈਮੋਰੀਅਲ ਐਜੂਕੇਸ਼ਨ ਸੁਸਾਇਟੀ ਵੱਲੋਂ ਪ੍ਰੋਗਰਾਮ

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)-ਬਾਬਾ ਫਰੀਦ ਮੈਮੋਰੀਅਲ ਐਜੂਕੇਸ਼ਨ ਐਂਡ ਵੈੱਲਫੇਅਰ ਸੁਸਾਇਟੀ ਲੌਂਗੋਵਾਲ ਵੱਲੋਂ ਸ਼ਹੀਦ ਊਧਮ ਸਿੰਘ ਦੇ ਬਹਾਦਰੀ ਦਿਹਾੜੇ ਦਿਵਸ ਨੂੰ ਸਮਰਪਤ ਚੇਤਨਾ ਸਮਾਗਮ ਕਰਵਾਇਆ ਗਿਆ।ਸੰਸਥਾ ਪ੍ਰਧਾਨ ਕਮਲਜੀਤ ਸਿੰਘ ਵਿੱਕੀ ਨੇ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਇਸ ਪ੍ਰੋਗਰਾਮ ਦਾ ਮਕਸਦ ਔਰਤਾਂ ਨੂੰ ਹੁਨਰਮੰਦ ਕਰਨ ਦੇ ਨਾਲ ਚੇਤਨ ਕਰਨਾ ਹੈ, ਇਸ ਦੇ ਨਾਲ ਉਨ੍ਹਾਂ ਨੂੰ ਦੇਸ਼ ਭਗਤ ਦੀ ਵਿਰਾਸਤ ਬਾਰੇ ਜਾਣੂ ਕਰਵਾਉਣਾ ਹੈ,

page-6-19-March.-2024.qxd 3/18/2024 11:06 PM Page 1

ਭਾਜਪਾ ਅੰਮ੍ਰਿਤਸਰ ਦਿਹਾਤੀ ਸੀਨੀਅਰ ਸਿਟੀਜ਼ਨ ਸੈੱਲ ਮਹਿਲਾ ਮੋਰਚਾ ਦਾ ਗਠਨ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)- ਭਾਜਪਾ ਅੰਮ੍ਰਿਤਸਰ ਦਿਹਾਤੀ ਸੀਨੀਅਰ ਸਿਟੀਜ਼ਨ ਸੈੱਲ ਮਹਿਲਾ ਮੋਰਚਾ ਦਾ ਗਠਨ ਇੰਚਾਰਜ ਬੀਬੀ ਅਮਰਜੀਤ ਕੌਰ ਚਵਿੰਡਾ ਦੇਵੀ ਇੰਚਾਰਜ ਸੀਨੀਅਰ ਸਿਟੀਜ਼ਨ ਸੈੱਲ ਮਹਿਲਾ ਮੋਰਚਾ ਪੰਜਾਬ ਨੇ ਆਪਣੇ ਗ੍ਰਹਿ ਪਿੰਡ ਚਵਿੰਡਾ ਦੇਵੀ ਵਿਖੇ ਇਕ ਸੰਖੇਪ ਸਮਾਗਮ ਭਾਜਪਾ ਮਹਿਲਾ ਆਗੂਆਂ ਵਿੱਚ ਕੀਤਾ। ਭਾਰਤੀ ਜਨਤਾ ਪਾਰਟੀ ਦੀਆਂ ਲੋਕ ਉਸਾਰੂ ਨੀਤੀਆਂ ਦਾ ਜ਼ਿਕਰ ਕਰਦੇ ਹੋਏ ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਵਲੋਂ ਦੇਸ਼ ਵਿੱਚ ਗੈਸ ਸਿਲੰਡਰ ਦੀਆਂ ਕੀਮਤਾਂ ਵਿੱਚ ਘਾਟਾ ਕਰਕੇ ਮਹਿਲਾਵਾਂ ਦੇ ਹੱਕ ਦੀ ਗੱਲ ਕੀਤੀ ਗਈ ਅਤੇ ਆਉਂਦੀਆਂ ਲੋਕ ਸਭਾ ਚੋਣਾਂ ਵਿੱਚ ਭਾਜਪਾ ਮਹਿਲਾ ਮੋਰਚਾ ਦੀਆਂ ਡਿਊਟੀਆਂ ਮਾਣਯੋਗ ਬੀਬਾ ਜੈ ਇੰਦਰ ਕੌਰ ਪ੍ਰਧਾਨ ਭਾਜਪਾ ਮਹਿਲਾ ਮੋਰਚਾ ਪੰਜਾਬ ਜਿਥੇ ਵੀ ਲਗਾਉਣਗੇ, ਮਹਿਲਾ ਮੋਰਚਾ ਦੀਆਂ ਭੈਣਾਂ ਉਥੇ ਪਹੁੰਚ ਕੇ ਪਾਰਟੀ ਦਾ ਝੰਡਾ ਬੁਲੰਦ ਕਰਨਗੀਆਂ। ਇਸ ਸਮਾਗਮ ਮੌਕੇ ਸੀਨੀਅਰ ਸਿਟੀਜ਼ਨ ਸੈੱਲ ਮਹਿਲਾ ਮੋਰਚਾ ਪੰਜਾਬ ਦੇ ਇੰਚਾਰਜ ਬੀਬੀ ਅਮਰਜੀਤ ਕੌਰ ਵੱਲੋਂ ਪ੍ਰਧਾਨ ਮਹਿਲਾ ਮੋਰਚਾ ਪੰਜਾਬ ਬੀਬਾ ਜੈ ਇੰਦਰ ਕੌਰ ਦੇ ਹੁਕਮਾਂ ਅਨੁਸਾਰ ਰਾਣੀ ਭੰਡਾਰੀ ਚਵਿੰਡਾ ਦੇਵੀ ਨੂੰ ਅੰਮ੍ਰਿਤਸਰ ਦਿਹਾਤੀ ਦਾ ਪ੍ਰੈੱਸ ਸਕੱਤਰ ਬਣਾਇਆ ਗਿਆ। ਇਸ ਮੌਕੇ ਸੁਨੀਤਾ ਸ਼ਰਮਾ ਅਬਦਾਲ ਨੂੰ ਪ੍ਰਧਾਨ ਭਾਜਪਾ ਅੰਮ੍ਰਿਤਸਰ ਦਿਹਾਤੀ, ਮੀਨਾਕਸ਼ੀ ਦੇਵੀ ਸੀਨੀਅਰ ਮੀਤ ਪ੍ਰਧਾਨ ਚਵਿੰਡਾ ਦੇਵੀ, ਰਾਣੀ ਭੰਡਾਰੀ ਚਵਿੰਡਾ ਦੇਵੀ ਪ੍ਰੈੱਸ ਸਕੱਤਰ ਅੰਮ੍ਰਿਤਸਰ ਦਿਹਾਤੀ, ਰਚਨਾ ਰਾਣੀ ਜਨਰਲ ਸਕੱਤਰ ਦਿਹਾਤੀ, ਕਸ਼ਮੀਰ ਕੌਰ ਮਜੀਠਾ ਸੈਕਟਰੀ, ਰਾਜ ਰਾਣੀ ਮੱਤੇਵਾਲ ਮੀਤ ਪ੍ਰਧਾਨ, ਉਮਾ ਖਜਾਨਚੀ, ਹਰਜੀਤ ਕੌਰ ਮੈਂਬਰ ਬਣਾਏ ਗਏ।

ਡਾਕਟਰਾਂ ਦੀ ਕਾਨਫਰੰਸ 'ਚ ਪ੍ਰਸ਼ਨੋਤਰੀ ਮੁਕਾਬਲਾ ਚੰਡੀਗੜ੍ਹ ਨੇ ਜਿੱਤਿਆ

ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ)- ਅੰਮ੍ਰਿਤਸਰ ਮੈਡੀਕਲ ਕਾਲਜ ਵਿਚ ਹੋਈ ਈ ਐੱਨ ਟੀ (ਨੱਕ, ਕੰਨ ਤੇ ਗਲੇ) ਦੇ ਡਾਕਟਰਾਂ ਦੀ ਰਾਸ਼ਟਰੀ ਕਾਨਫਰੰਸ ਵਿਚ ਹੋਏ ਪ੍ਰਸ਼ਨੋਤਰੀ ਮੁਕਾਬਲਿਆਂ ਵਿਚ ਚੰਡੀਗੜ੍ਹ ਦੇ 32 ਸੈਕਟਰ ਮੈਡੀਕਲ ਕਾਲਜ ਦੂਆਰਾ ਪਹਿਲਾ, ਅੰਮ੍ਰਿਤਸਰ ਦੇ ਸਰਕਾਰੀ ਮੈਡੀਕਲ ਕਾਲਜ ਨੇ ਦੂਜਾ ਅਤੇ ਏਮਜ਼ ਬਠਿੰਡਾ ਦੁਆਰਾ ਤੀਜਾ ਇਨਾਮ ਜਿੱਤਿਆ ਗਿਆ। ਇਸ ਕਾਨਫਰੰਸ ਵਿੱਚ ਦੇਸ਼ ਭਰ ਤੋਂ 65 ਦੇ ਕਰੀਬ ਡਾਕਟਰਾਂ (ਜੂਨੀਅਰ ਅਤੇ ਸੀਨੀਅਰ) ਦੁਆਰਾਂ ਪਰਚੇ ਪੜ੍ਹੇ ਗਏ। ਇਸ ਤਹਿਤ ਡਾਕਟਰਾਂ ਦੁਆਰਾਂ ਆਪਣੇ ਗੁੰਝਲਦਾਰ ਕੇਸਾਂ ਅਤੇ ਨਵੀਨਤਮ ਤਕਨੀਕਾਂ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ।

ਦਫ਼ਤਰ ਜਨਰਲ ਮੈਨੇਜਰ, ਜ਼ਿਲ੍ਹਾ ਉਦਯੋਗ ਕੇਂਦਰ, ਕਪੂਰਥਲਾ (ਪਬਲਿਕ ਨੋਟਿਸ)

ਇਸ ਪਬਲਿਕ ਨੋਟਿਸ ਰਾਹੀਂ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਪਾਰਟੀ ਵੱਲੋਂ ਬੇਨਤੀ ਪੱਤਰ ਪ੍ਰਾਪਤ ਹੋਇਆ ਹੈ, ਜਿਸ ਵਿਚ ਸ੍ਰੀ ਅਜੀਤ ਸਿਘ ਪੁੱਤਰ ਵਸਨ ਸਿੰਘ ਦੀ ਮੌਤ ਹੋਣ ਕਾਰਨ ਉਨ੍ਹਾਂ ਦੇ ਵਾਰਸਾਂ ਵੱਲੋਂ ਪਲਾਟ ਨੰ. 19 ਉਦਯੋਗਿਕ ਖੇਤਰ ਦੇ 5.8 ਮਰਲੇ ਵਿਚੋਂ ਆਪਣਾ ਹਿੱਸਾ ਸ੍ਰੀ ਹਰਦੀਪ ਸਿਘ ਪੁੱਤਰ ਅਜੀਤ ਸਿਘ ਦੇ ਨਾਂਅ 'ਤੇ ਤਬਦੀਲ ਕਰਨਾ ਚਾਹੁੰਦੇ ਹਨ। ਇਸ ਤਬਦੀਲੀ ਸਬੰਧੀ ਕਿਸੇ ਵੀ ਵਿਅਕਤੀ/ਫਰਮ/ਅਦਾਰਾ ਜਾਂ ਸੰਸਥਾ ਨੂੰ ਕੋਈ ਇਤਰਾਜ਼ ਹੈ ਤਾਂ ਇਹ ਪਬਲਿਕ ਨੋਟਿਸ ਜਾਰੀ ਹੋਣ ਦੀ ਮਿਤੀ ਤੋਂ 10 ਦਿਨਾਂ ਦੇ ਅੰਦਰ-ਅੰਦਰ ਲਿਖਤੀ ਰੂਪ ਵਿਚ ਆਪਣਾ ਇਤਰਾਜ਼ ਨਿਮਨਹਸਤਾਖਰ ਦੇ ਦਫ਼ਤਰ ਵਿਖੇ ਆ ਕੇ ਦੇ ਸਕਦਾ ਹੈ। ਮਿਥੇ ਸਮੇਂ ਅੰਦਰ ਜੇਕਰ ਕੋਈ ਇਤਰਾਜ਼ ਪ੍ਰਾਪਤ ਨਹੀਂ ਹੁੰਦਾ ਤਾਂ ਪਲਾਟ ਨੰ. 19 ਉਦਯੋਗਿਕ ਖੇਤਰ ਫਗਵਾੜਾ, ਜਿਲ੍ਹਾ ਕਪੂਰਥਲਾ ਵਿਚੋਂ ਦੀ ਤਬਦੀਲੀ ਅਗਲੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

ਸਹੀ/-ਜਨਰਲ ਮੈਨੇਜਰ, ਜ਼ਿਲ੍ਹਾ ਉਦਯੋਗ ਕੇਂਦਰ, ਕਪੂਰਥਲਾ

ਦਫ਼ਤਰ ਜਨਰਲ ਮੈਨੇਜਰ, ਜ਼ਿਲ੍ਹਾ ਉਦਯੋਗ ਕੇਂਦਰ, ਕਪੂਰਥਲਾ (ਪਬਲਿਕ ਨੋਟਿਸ)

ਇਸ ਪਬਲਿਕ ਨੋਟਿਸ ਰਾਹੀਂ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਪਾਰਟੀ ਵੱਲੋਂ ਬੇਨਤੀ ਪੱਤਰ ਪ੍ਰਾਪਤ ਹੋਇਆ ਹੈ, ਜਿਸ ਵਿਚ ਪਲਾਟ ਨੰ. 18 ਉਦਯੋਗਿਕ ਖੇਤਰ ਦੇ 584.65 ਵਰਗ ਗਜ਼ ਸ੍ਰੀ ਹਰਪ੍ਰੀਤ ਸਿਘ ਪੁੱਤਰ ਅਜੀਤ ਸਿਘ ਜੋ ਕਿ ਆਪਣਾ ਹਿੱਸਾ ਆਪਣੇ ਬਾਕੀ ਦੋ ਭਰਾਵਾਂ ਦੇ ਨਾਂਅ ਬਰਾਬਰ-ਬਰਾਬਰ ਕਰਨਾ ਚਾਹੁੰਦਾ ਹੈ। ਇਸ ਤਬਦੀਲੀ ਸਬੰਧੀ ਕਿਸੇ ਵੀ ਵਿਅਕਤੀ/ਫਰਮ/ਅਦਾਰਾ ਜਾਂ ਸੰਸਥਾ ਨੂੰ ਕੋਈ ਇਤਰਾਜ਼ ਹੈ ਤਾਂ ਇਹ ਪਬਲਿਕ ਨੋਟਿਸ ਜਾਰੀ ਹੋਣ ਦੀ ਮਿਤੀ ਤੋਂ 10 ਦਿਨਾਂ ਦੇ ਅੰਦਰ-ਅੰਦਰ ਲਿਖਤੀ ਰੂਪ ਵਿਚ ਆਪਣਾ ਇਤਰਾਜ਼ ਨਿਮਨਹਸਤਾਖਰ ਦੇ ਦਫ਼ਤਰ ਵਿਖੇ ਆ ਕੇ ਦੇ ਸਕਦਾ ਹੈ। ਮਿਥੇ ਸਮੇਂ ਅੰਦਰ ਜੇਕਰ ਕੋਈ ਇਤਰਾਜ਼ ਪ੍ਰਾਪਤ ਨਹੀਂ ਹੁੰਦਾ ਤਾਂ ਪਲਾਟ ਪਲਾਟ ਨੰ. 14 ਉਦਯੋਗਿਕ ਖੇਤਰ ਫਗਵਾੜਾ, ਜਿਲ੍ਹਾ ਕਪੂਰਥਲਾ ਦੀ ਤਬਦੀਲੀ ਅਗਲੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

ਸਹੀ/-ਜਨਰਲ ਮੈਨੇਜਰ, ਜ਼ਿਲ੍ਹਾ ਉਦਯੋਗ ਕੇਂਦਰ, ਕਪੂਰਥਲਾ

ਦਫ਼ਤਰ ਜਨਰਲ ਮੈਨੇਜਰ, ਜ਼ਿਲ੍ਹਾ ਉਦਯੋਗ ਕੇਂਦਰ, ਕਪੂਰਥਲਾ (ਪਬਲਿਕ ਨੋਟਿਸ)

ਇਸ ਪਬਲਿਕ ਨੋਟਿਸ ਰਾਹੀਂ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਮੈਸ. ਕੇ. ਪੀ. ਇਕਸਪੋਰਟਜ ਅਤੇ ਕੇ. ਪੀ. ਇੰਟਰਨੈਸ਼ਨਲ ਪਲਾਟ ਨੰ. 14 ਉਦਯੋਗਿਕ ਖੇਤਰ, ਫਗਵਾੜਾ ਦੇ ਖੇਤਰ ਦੀ ਆਪਸ ਵਿਚ ਤਬਦੀਲੀ ਸੰਬੰਧੀ ਅਤੇ ਕੇ. ਪੀ. ਇਕਸਪੋਰਟਜ਼ ਦੀ ਟਰਾਂਸਫਰ ਸੰਬੰਧੀ ਦਸਤਾਵੇਜ਼ ਪ੍ਰਾਪਤ ਕੀਤੇ ਹਨ। ਇਸ ਤਬਦੀਲੀ ਸਬੰਧੀ ਕਿਸੇ ਵੀ ਵਿਅਕਤੀ/ਫਰਮ/ਅਦਾਰਾ ਜਾਂ ਸੰਸਥਾ ਨੂੰ ਕੋਈ ਇਤਰਾਜ਼ ਹੈ ਤਾਂ ਇਹ ਪਬਲਿਕ ਨੋਟਿਸ ਜਾਰੀ ਹੋਣ ਦੀ ਮਿਤੀ ਤੋਂ 10 ਦਿਨਾਂ ਦੇ ਅੰਦਰ-ਅੰਦਰ ਲਿਖਤੀ ਰੂਪ ਵਿਚ ਆਪਣਾ ਇਤਰਾਜ਼ ਨਿਮਨਹਸਤਾਖਰ ਦੇ ਦਫ਼ਤਰ ਵਿਖੇ ਆ ਕੇ ਦੇ ਸਕਦਾ ਹੈ। ਮਿਥੇ ਸਮੇਂ ਅੰਦਰ ਜੇਕਰ ਕੋਈ ਇਤਰਾਜ਼ ਪ੍ਰਾਪਤ ਨਹੀਂ ਹੁੰਦਾ ਤਾਂ ਪਲਾਟ ਪਲਾਟ ਨੰ. 14 ਉਦਯੋਗਿਕ ਖੇਤਰ ਫਗਵਾੜਾ, ਜਿਲ੍ਹਾ ਕਪੂਰਥਲਾ ਵਿਚੋਂ 1050 ਵਰਗ ਗਜ਼ ਦੀ ਤਬਦੀਲੀ ਮੈ. ਕੇ. ਪੀ. ਇਕਸਪੋਰਟਜ਼ ਦੇ ਨਾਂਅ ਕਰਨ ਲਈ ਅਗਲੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

ਸਹੀ/-ਜਨਰਲ ਮੈਨੇਜਰ, ਜ਼ਿਲ੍ਹਾ ਉਦਯੋਗ ਕੇਂਦਰ, ਕਪੂਰਥਲਾ

Capital Small Finance Bank Ltd.

HO:- MIDAS Corporate Park, 3rd Floor, 37, G.T. Road, Jalandhar-144001, Punjab, India

ਅਚੱਲ ਜਾਇਦਾਦ ਵਾਸਤੇ ਕਬਜ਼ਾ ਨੋਟਿਸ

ਜਦੋਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ (ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ ਲਿਮਟਿਡ) ਦਾ ਅਧਿਕਾਰਤ ਅਫ਼ਸਰ ਹੋਣ ਨਾਤੇ ਸਕਿਉਰਟਾਈਜ਼ੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਿਟੀ ਇੰਟਰੈੱਸਟ (ਐਕਟ, 2002 {54 ਆਫ 2002}) ਅਤੇ ਸਕਿਊਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰਾਂ (1) ਸ੍ਰੀ ਰਣਜੀਤ ਸਿੰਘ ਪੁੱਤਰ ਸ੍ਰੀ ਪ੍ਰਤਾਪ ਸਿੰਘ ਵਾਸੀ ਮਕਾਨ ਨੰ. 540, ਵਾਰਡ ਨੰ. 2, ਮੁਹੱਲਾ ਕਰਤਾਰ ਨਗਰ, ਸ਼ਾਹਕੋਟ, ਜਲੰਧਰ, ਪੰਜਾਬ-144702 (2) ਸ੍ਰੀਮਤੀ ਨੇਹਾ ਚੌਹਾਨ ਪਤਨੀ ਸ੍ਰੀ ਰਣਜੀਤ ਸਿੰਘ ਵਾਸੀ ਮਕਾਨ ਨੰ. 540, ਵਾਰਡ ਨੰ. 2, ਮੁਹੱਲਾ ਨਿਊ ਕਰਤਾਰ ਨਗਰ, ਸ਼ਾਹਕੋਟ, ਜਲੰਧਰ, ਪੰਜਾਬ-144702 (ਇਸ ਤੋਂ ਬਾਅਦ ਕਰਜ਼ਦਾਰ ਵਜੋਂ ਹਵਾਲਾ) ਅਤੇ ਗਰੰਟਰ (3) ਸ੍ਰੀ ਕੁਲਦੀਪ ਕੁਮਾਰ ਖੁੱਤਣ ਪੁੱਤਰ ਸ੍ਰੀ ਸਵਰਨਾ ਰਾਮ ਖੁੱਤਣ ਵਾਸੀ ਬਿੱਲੀ ਚਰਾਹਮੀ, ਜਲੰਧਰ, ਪੰਜਾਬ-144040 (4) ਸ੍ਰੀ ਮਨੀਸ਼ ਕੁਮਾਰ ਪੁੱਤਰ ਫੂਲ ਚੰਦ ਵਾਸੀ ਮਕਾਨ ਨੰ. 31/1, ਵਾਰਡ ਨੰ. 1, ਮੁਹੱਲਾ ਅਜ਼ਾਦ ਨਗਰ, ਸ਼ਾਹਕੋਟ, ਜਲੰਧਰ, ਪੰਜਾਬ-144702 (ਇਸ ਤੋਂ ਬਾਅਦ ਗਰੰਟਰ ਵਜੋਂ ਹਵਾਲਾ) ਨੂੰ ਡਿਮਾਂਡ ਨੋਟਿਸ ਦੀ ਮਿਤੀ 'ਤੇ ਐੱਲ ਏ ਪੀ/018602000211 'ਚ ਰੁਪਏ 33,00,617.67 ਉਕਤ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਲਈ ਮਿਤੀ 27/12/2003 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ, ਇਸ ਲਈ ਕਰਜ਼ਦਾਰ, ਗਰੰਟਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਸੈਕਸ਼ਨ 13 (4) ਨਾਲ ਪੜ੍ਹੇ ਜਾਂਦੇ ਨਿਯਮ 9 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦੱਸੀ ਜਾਇਦਾਦ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ।

ਉਪਲੱਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਖਾਸ ਤੌਰ 'ਤੇ ਕਰਜ਼ਦਾਰ, ਗਰੰਟਰ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦੀ ਸੂਰਤ 'ਚ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਵੱਲੋਂ ਐੱਲ ਏ ਪੀ/018602000211 'ਚ ਰੁਪਏ 33,00,617.67 ਬਕਾਇਆ 1/12/2023 ਤੋਂ ਭਵਿੱਖੀ ਵਿਆਜ ਸਮੇਤ ਵਸੂਲੀ ਜਾਵੇਗੀ।

ਅਚੱਲ ਜਾਇਦਾਦ ਦਾ ਵੇਰਵਾ

ਪ੍ਰਾਇਮਰੀ ਸਕਿਉਰਟੀ : ਜਾਇਦਾਦ ਦਾ ਉਚਿਤ ਗਿਰਵੀਨਾਮਾ : ਬੈਨਾਮਾ ਨੰ. 2021-22/177/1/699 ਮਿਤੀ 12/08/2021 ਰਾਹੀਂ ਸ੍ਰੀਮਤੀ ਨੇਹਾ ਚੌਹਾਨ ਪਤਨੀ ਸ੍ਰੀ ਰਣਜੀਤ ਸਿੰਘ ਦੀ ਮਲਕੀਅਤ ਜਾਇਦਾਦ ਰਕਬਾ 27 ਮਰਲੇ 5 ਸਰਸਾਈ ਸੇਦਪੁਰ ਝਿੜੀ, ਤਹਿਸੀਲ ਸ਼ਾਹਕੋਟ ਵਿਖੇ ਸਥਿਤ ਨਾਲ ਸੰਬੰਧਤ ਸਭ ਕੁਝ।

ਮਿਤੀ : 16.03.2024, ਸਥਾਨ : ਜਲੰਧਰ — ਅਧਿਕਾਰਤ ਅਫਸਰ

Capital Small Finance Bank Ltd.

HO:- MIDAS Corporate Park, 3rd Floor, 37, G.T. Road, Jalandhar-144001, Punjab, India

ਅਚੱਲ ਜਾਇਦਾਦ ਵਾਸਤੇ ਕਬਜ਼ਾ ਨੋਟਿਸ

ਜਦੋਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ (ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ ਲਿਮਟਿਡ) ਦਾ ਅਧਿਕਾਰਤ ਅਫ਼ਸਰ ਹੋਣ ਨਾਤੇ ਸਕਿਉਰਟਾਈਜ਼ੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਿਟੀ ਇੰਟਰੈੱਸਟ (ਐਕਟ, 2002 {54 ਆਫ 2002}) ਅਤੇ ਸਕਿਊਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰਾਂ (1) ਮੈਸਰਜ਼ ਗੁਰੂ ਗੋਬਿੰਦ ਸਿੰਘ ਟਰੈਕਟਰ, ਰਜਿਸਟਰਡ ਦਫਤਰ ਜਲੰਧਰ ਰੋਡ, ਜਲੰਧਰ ਰਾਹੀਂ ਇਸ ਦੇ ਮਾਲਕ ਸ੍ਰੀ ਤੀਰਥ ਸਿੰਘ ਪੁੱਤਰ ਸ੍ਰੀ ਹਰਜਿੰਦਰ ਸਿੰਘ (2) ਸ੍ਰੀ ਤੀਰਥ ਸਿੰਘ ਪੁੱਤਰ ਸ੍ਰੀ ਹਰਜਿੰਦਰ ਸਿੰਘ ਵਾਸੀ ਪਿੰਡ ਬਿੱਲਾ ਨਵਾਬ, ਨਕੋਦਰ, ਜਲੰਧਰ-144040 (ਇਸ ਤੋਂ ਬਾਅਦ ਕਰਜ਼ਦਾਰ ਵਜੋਂ ਹਵਾਲਾ) ਅਤੇ ਗਰੰਟਰ (3) ਸ੍ਰੀ ਰਣਜੀਤ ਸਿੰਘ ਪੁੱਤਰ ਸ੍ਰੀ ਸਰਬਣ ਸਿੰਘ ਵਾਸੀ ਪਿੰਡ ਮੱਲੀਆਂ ਕਲਾਂ, ਨਕੋਦਰ, ਜਲੰਧਰ-144623 (4) ਸ੍ਰੀਮਤੀ ਜੋਗਿੰਦਰ ਕੌਰ ਪਤਨੀ ਹਰਜਿੰਦਰ ਸਿੰਘ ਵਾਸੀ ਪਿੰਡ ਬਿੱਲਾ ਨਵਾਬ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ-144040 (ਇਸ ਤੋਂ ਬਾਅਦ ਗਰੰਟਰ ਵਜੋਂ ਹਵਾਲਾ) ਨੂੰ ਡਿਮਾਂਡ ਨੋਟਿਸ ਦੀ ਮਿਤੀ 'ਤੇ ਸੀ ਸੀ/001300000690 'ਚ ਰੁਪਏ 22,41,256.95 ਉਕਤ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਲਈ ਮਿਤੀ 21/12/2023 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ, ਇਸ ਲਈ ਕਰਜ਼ਦਾਰ, ਗਰੰਟਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਸੈਕਸ਼ਨ 13 (4) ਨਾਲ ਪੜ੍ਹੇ ਜਾਂਦੇ ਨਿਯਮ 9 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦੱਸੀ ਜਾਇਦਾਦ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ।

ਉਪਲੱਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਖਾਸ ਤੌਰ 'ਤੇ ਕਰਜ਼ਦਾਰ, ਗਰੰਟਰ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦੀ ਸੂਰਤ 'ਚ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਵੱਲੋਂ ਸੀ ਸੀ /001300000690 'ਚ ਰੁਪਏ 22,41,256.95 ਬਕਾਇਆ ਰਕਮ 01-12-2023 ਤੋਂ ਭਵਿੱਖੀ ਵਿਆਜ ਸਮੇਤ ਵਸੂਲੀ ਜਾਵੇਗੀ।

ਅਚੱਲ ਜਾਇਦਾਦ ਦਾ ਵੇਰਵਾ

ਪ੍ਰਾਇਮਰੀ ਸਕਿਉਰਟੀ : ਫਰਮ ਦੇ ਵਹੀ ਖਾਤਿਆਂ ਤੇ ਸਟਾਕ ਦੀ ਹਾਈਪੋਥੀਕੇਸ਼ਨ

ਕੁਲੈਟਰਲ ਸਕਿਉਰਟੀ : ਜਾਇਦਾਦ ਦਾ ਉਚਿਤ ਗਿਰਵੀਨਾਮਾ : ਬੈਨਾਮਾ ਨੰ. 69 ਮਿਤੀ 10.04.2015 ਰਾਹੀਂ ਜੋਗਿੰਦਰ ਕੌਰ ਪਤਨੀ ਹਰਜਿੰਦਰ ਸਿੰਘ ਦੀ ਮਲਕੀਅਤ 13 ਮਰਲੇ 1.5 ਸਰਸਾਈ ਬਿੱਲਾ ਨਵਾਬ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ ਵਿਖੇ ਸਥਿਤ ਨਾਲ ਸੰਬੰਧਤ ਸਭ ਕੁਝ।

ਜਾਇਦਾਦ ਦਾ ਉਚਿਤ ਗਿਰਵੀਨਾਮਾ : ਬੈਨਾਮਾ ਨੰ. 12 ਮਿਤੀ 7.04.2010 ਰਾਹੀਂ ਸ੍ਰੀ ਤੀਰਥ ਸਿੰਘ ਪੁ

19-MAR-PAGE-7.qxd 3/18/2024 10:44 PM Page 1

ਆਪ ਉਮੀਦਵਾਰ ਕਰਮਜੀਤ ਅਨਮੋਲ ਦਾ ਮੋਗਾ ਜ਼ਿਲ੍ਹੇ ਦੀ ਹੱਦ 'ਚ ਪੁੱਜਣ 'ਤੇ ਸਵਾਗਤ

ਮੋਗਾ (ਇਕਬਾਲ ਸਿੰਘ ਖਹਿਰਾ)

ਲੋਕ ਸਭਾ ਹਲਕਾ ਫਰੀਦਕੋਟ ਤੋਂ ਆਮ ਆਦਮੀ ਪਾਰਟੀ ਵੱਲੋਂ ਐਲਾਨੇ ਗਏ ਉਮੀਦਵਾਰ ਪ੍ਰਸਿੱਧ ਕਲਾਕਾਰ ਕਰਮਜੀਤ ਅਨਮੋਲ ਟਿਕਟ ਮਿਲਣ ਮਗਰੋਂ ਜਦੋਂ ਪਹਿਲੀ ਦਫ਼ਾ ਜ਼ਿਲ੍ਹਾ ਮੋਗਾ ਦੀ ਹੱਦ ਵਿੱਚ ਦਾਖਲ ਹੋਏ ਤਾਂ ਜ਼ਿਲ੍ਹੇ ਭਰ ਦੇ ਆਪ ਆਗੂਆਂ ਤੇ ਵਿਧਾਇਕਾਂ ਵੱਲੋਂ ਵੱਡਾ ਸਵਾਗਤ ਕੀਤਾ ਗਿਆ। ਆਪ ਉਮੀਦਵਾਰ ਉਦੋਂ 'ਗਦ-ਗਦ' ਹੋ ਉੱਠੇ, ਜਦੋਂ ਅਜੀਤਵਾਲ ਵਿਖੇ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ, ਮਹਿਣਾ ਵਿਖੇ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਤੇ ਮੋਗਾ ਦੇ ਬੁੱਘੀਪੁਰਾ ਚੌਕ ਵਿਖੇ ਵਿਧਾਇਕਾ ਅਮਨਦੀਪ ਅਰੋੜਾ ਨਾਲ ਚੱਲਦੇ ਹਜ਼ਾਰਾਂ ਵਰਕਰਾਂ ਦੇ ਕਾਫ਼ਲਿਆਂ ਨੇ ਉਨ੍ਹਾਂ ਦਾ ਸਵਾਗਤ ਕੀਤਾ। ਇਸ ਮੌਕੇ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਨੇ ਕਿਹਾ ਕਿ ਹਲਕਾ ਨਿਹਾਲ ਸਿੰਘ ਵਾਲਾ ਵਿੱਚੋਂ ਸ੍ਰੀ ਅਨਮੋਲ ਨੂੰ ਵੱਡੀ ਲੀਡ ਦਿਵਾਈ ਜਾਵੇਗੀ। ਉਨ੍ਹਾ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਹਲਕਾ ਨਿਵਾਸੀਆਂ ਦੀ ਨਬਜ਼ ਪਛਾਣਨ ਵਾਲਾ ਜ਼ਮੀਨ ਨਾਲ ਜੁੜਿਆ ਉਮੀਦਵਾਰ ਦਿੱਤਾ ਹੈ। ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦੇ ਹਜ਼ਾਰਾਂ ਸਾਥੀਆਂ ਨੇ ਜਿਤਾਉਣ ਦਾ ਪ੍ਰਣ ਕਰਨ ਵਾਲੇ ਜੋਸ਼ੀਲੇ ਨਾਅਰੇ ਲਗਾਉਂਦੇ ਹੋਏ ਕਿਹਾ ਕਿ ਜਿਸ ਤਰ੍ਹਾਂ ਧਰਮਕੋਟੀਆਂ ਨੇ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਇਤਿਹਾਸ ਸਿਰਜਿਆ ਸੀ, ਉਸੇ ਤਰ੍ਹਾਂ ਦਾ ਇਤਿਹਾਸ ਮੁੜ 2024 ਦੀਆਂ 1 ਜੂਨ ਨੂੰ ਹੋ ਰਹੀਆਂ ਲੋਕ ਸਭਾ ਚੋਣਾਂ ਵਿੱਚ ਦੁਹਰਾਇਆ ਜਾਵੇਗਾ। ਵਿਧਾਇਕਾ ਅਮਨਦੀਪ ਅਰੋੜਾ ਨੇ ਕਿਹਾ ਕਿ ਹਲਕਾ ਮੋਗਾ ਦੇ ਸ਼ਹਿਰ ਤੇ ਪਿੰਡਾਂ ਵਿੱਚ ਚੋਣ ਸਰਗਰਮੀਆਂ ਅੱਜ ਤੋਂ ਹੀ ਵਿੱਢ ਦਿੱਤੀਆਂ ਹਨ। ਉਨ੍ਹਾ ਕਿਹਾ ਕਿ ਲੋਕ ਸਭਾ ਹਲਕਾ ਫਰੀਦਕੋਟ ਤੋਂ ਵੱਡੀ ਲੀਡ ਨਾਲ ਸ੍ਰੀ ਅਨਮੋਲ ਜਿੱਤਣਗੇ, ਕਿਉਂਕਿ ਪੰਜਾਬ ਸਰਕਾਰ ਦੇ ਦੋ ਵਰ੍ਹਿਆਂ ਦੇ ਕੰਮ ਤੋਂ ਹਰ ਸੂਬਾ ਨਿਵਾਸੀ ਖੁਸ਼ ਹੈ। ਜ਼ਿਲ੍ਹਾ ਪ੍ਰਧਾਨ ਤੇ ਯੋਜਨਾ ਬੋਰਡ ਦੇ ਚੇਅਰਮੈਨ ਹਰਮਨਦੀਪ ਸਿੰਘ ਦੀਦਰੇਵਾਲਾ ਨੇ ਆਖਿਆ ਕਿ ਜ਼ਿਲ੍ਹੇ ਭਰ ਵਿੱਚ ਬੂਥ ਪੱਧਰ ਤੱਕ ਕਮੇਟੀਆਂ ਬਣਾ ਕੇ ਚੋਣ ਪ੍ਰਚਾਰ ਕੀਤਾ ਜਾ ਰਿਹਾ ਹੈ। ਲੋਕ ਸਭਾ ਉਮੀਦਵਾਰ ਕਰਮਜੀਤ ਅਨਮੋਲ ਨੇ ਕਿਹਾ ਕਿ ਜਿਸ ਤਰ੍ਹਾਂ ਕਲਾਕਾਰੀ ਖ਼ੇਤਰ ਤੋਂ ਲੋਕ ਸੇਵਾ ਲਈ ਮੁੱਖ ਮੰਤਰੀ ਭਗਵੰਤ ਮਾਨ ਆਏ ਸਨ, ਉਸੇ ਤਰ੍ਹਾਂ ਦਾ ਜਜ਼ਬਾ ਲੈ ਕੇ ਉਹ ਆਏ ਹਨ ਤੇ ਲੋਕ ਸੇਵਾ ਤੇ ਹਲਕਾ ਫਰੀਦਕੋਟ ਦੀ ਉਨਤੀ ਲਈ ਕੰਮ ਕਰਨਗੇ। ਇਸ ਮੌਕੇ ਪ੍ਰਧਾਨ ਸਤਵੀਰ ਸਿੰਘ ਸੱਤੀ ਜਲਾਲਾਬਾਦ, ਜਗਦੀਪ ਸਿੰਘ ਗਟਰਾ ਪ੍ਰਧਾਨ ਨਗਰ ਪੰਚਾਇਤ ਨਿਹਾਲ ਸਿੰਘ ਵਾਲਾ, ਜਗਦੀਸ਼ ਸਿੰਘ ਦੀਸ਼ਾ ਪ੍ਰਧਾਨ ਨਗਰ ਪੰਚਾਇਤ ਬੱਧਨੀ ਕਲਾਂ, ਮੇਅਰ ਬਲਜੀਤ ਸਿੰਘ ਚਾਨੀ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਪੀਨਾ, ਡਿਪਟੀ ਮੇਅਰ ਅਸ਼ੋਕ ਧਮੀਜਾ, ਚੇਅਰਮੈਨ ਹਰਜਿੰਦਰ ਸਿੰਘ ਰੋਡੇ, ਸਰਪੰਚ ਗੁਰਿਦਰ ਸਿੰਘ ਗੁੱਗੂ ਦਾਤਾ, ਹਰਨੇਕ ਸਿੰਘ ਬਾਜੇਕੇ, ਸਰਪੰਚ ਜਸਵਿੰਦਰ ਸਿੰਘ ਤਖਤੂਵਾਲਾ, ਪ੍ਰਧਾਨ ਅਮਰਜੀਤ ਸਿੰਘ ਬਿੱਟੂ ਬੀਜਾਪੁਰ, ਚੇਅਰਮੈਨ ਅਮਨ ਪੰਡੋਰੀ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਾਰਟੀ ਆਗੂ ਤੇ ਵਰਕਰ ਹਾਜ਼ਰ ਸਨ।

ਕਿਸਾਨੀ ਸੰਘਰਸ਼ 'ਚ ਸਿਹਤ ਵਿਗੜਨ 'ਤੇ ਕਿਸਾਨ ਦੀ ਮੌਤ

ਬੁਢਲਾਡਾ (ਅਸ਼ੋਕ ਲਾਕੜਾ)- ਕਿਸਾਨੀ ਸੰਘਰਸ਼ ਤੋਂ ਵਾਪਸ ਪਰਤੇ ਕਿਸਾਨ ਦੀ ਅਚਾਨਕ ਸਿਹਤ ਵਿਗੜਨ ਕਾਰਨ ਮੌਤ ਹੋ ਜਾਣ ਦਾ ਸਮਾਚਾਰ ਮਿਲਿਆ ਹੈ। ਇਸ ਸੰਬੰਧੀ ਸਾਬਕਾ ਸਰਪੰਚ ਮੱਖਣ ਸਿੰਘ ਭੱਠਲ ਤੇ ਸਮਾਜਸੇਵੀ ਬਿੱਟੂ ਭੱਠਲ ਨੇ ਦੱਸਿਆ ਕਿ ਟਹਿਲ ਸਿੰਘ ਪੁੱਤਰ ਰੂਪ ਸਿੰਘ ਵਾਸੀ ਰਾਮਨਗਰ ਭੱਠਲ, ਜੋ ਪਿਛਲੇ 10 ਦਿਨਾਂ ਤੋਂ ਕਿਸਾਨੀ ਸੰਘਰਸ਼ 'ਚ ਖਨੌਰੀ ਬਾਰਡਰ 'ਤੇ ਗਿਆ ਹੋਇਆ ਸੀ। ਜਦ ਉਸ ਦੀ ਸਿਹਤ ਵਿਗੜਨ ਲੱਗੀ ਤਾਂ ਉਹ ਆਪਣੇ ਸਾਥੀਆਂ ਸਮੇਤ ਪਿੰਡ ਵਾਪਸ ਆਉਣ ਲੱਗਿਆ ਤਾਂ ਅਚਾਨਕ ਰਸਤੇ 'ਚ ਸਿਹਤ ਵਿਗੜਨ ਕਾਰਨ ਉਸ ਦੀ ਮੌਤ ਹੋ ਗਈ। ਪਿੰਡ ਇਕਾਈ ਦੇ ਪ੍ਰਧਾਨ ਅੰਗਰੇਜ ਸਿੰਘ ਤੇ ਹੋਰ ਸਾਥੀਆਂ ਵੱਲੋਂ ਉਸ ਨੂੰ ਸਿਵਲ ਹਸਪਤਾਲ ਬੁਢਲਾਡਾ ਲਿਆਂਦਾ ਗਿਆ, ਜਿੱਥੇ ਥਾਣਾ ਬੋਹਾ ਦੀ ਪੁਲਸ ਨੇ ਮ੍ਰਿਤਕ ਦੇ ਪੁੱਤਰ ਲਵਦੀਪ ਸਿੰਘ ਦੇ ਬਿਆਨ 'ਤੇ ਧਾਰਾ 174 ਦੀ ਕਾਰਵਾਈ ਕਰਦਿਆਂ ਲਾਸ਼ ਪੋਸਟ ਮਾਰਟਮ ਉਪਰੰਤ ਵਾਰਿਸਾਂ ਨੂੰ ਸੌਂਪ ਦਿੱਤੀ ਗਈ। ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਦੇ ਜ਼ਿਲ੍ਹਾ ਪ੍ਰਧਾਨ ਜਗਦੇਵ ਸਿੰਘ ਭੈਣੀਬਾਘਾ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸੰਘਰਸ਼ ਦੌਰਾਨ ਮ੍ਰਿਤਕ ਕਿਸਾਨ ਦੇ ਪਰਿਵਾਰ ਨੂੰ ਯੋਗ ਮੁਆਵਜ਼ਾ ਤੇ ਨੌਕਰੀ ਦਿੱਤੀ ਜਾਵੇ।

ਅਨੰਦ ਨਗਰ ਤੇ ਹੀਰਾ ਸਿੰਘ ਨਗਰ ਨਿਵਾਸੀਆਂ ਵੱਲੋਂ ਮਿਲਕ ਪਲਾਂਟ ਅੱਗੇ ਧਰਨਾ

ਕੋਟਕਪੂਰਾ (ਰਛਪਾਲ ਭੁੱਲਰ)

ਪਿਛਲੇ ਲੰਬੇ ਅਰਸੇ ਤੋਂ ਕੋਟਕਪੂਰਾ ਵਿਖੇ ਸ਼ਕਤੀ ਮਿਲਕ ਪਲਾਂਟ ਚੱਲ ਰਿਹਾ ਹੈ।ਮੁਹੱਲਾ ਅਨੰਦ ਨਗਰ ਤੇ ਹੀਰਾ ਸਿੰਘ ਨਗਰ ਨਿਵਾਸੀਆਂ ਵੱਲੋਂ ਦੱਸਣ ਅਨੁਸਾਰ ਇਸ ਪਲਾਂਟ ਵੱਲੋਂ ਅਣ-ਅਧਿਕਾਰਤ ਬਾਲਣ ਦੀ ਵਰਤੋਂ ਕਰਨ ਕਾਰਨ ਕਾਲੀ ਸੁਆਹ ਬੜੀ ਦੂਰ ਦੂਰ ਜਾ ਡਿਗਦੀ ਹੈ, ਜਿਸ ਕਾਰਨ ਮੁਹੱਲਾ ਨਿਵਾਸੀਆਂ ਦੇ ਕੱਪੜੇ ਖ਼ਰਾਬ ਹੋ ਰਹੇ ਹਨ ਤੇ ਉਨ੍ਹਾਂ ਦੀ ਸਿਹਤ 'ਤੇ ਬੜਾ ਮਾੜਾ ਅਸਰ ਪੈ ਰਿਹਾ ਹੈ।ਆਨੰਤ ਬਰਾੜ ਤੇ ਜਗਸੀਰ ਸਿੰਘ ਖਾਰਾ ਪ੍ਰਧਾਨ ਮੁਹੱਲਾ ਸੁਧਾਰ ਕਮੇਟੀ ਅਨੁਸਾਰ ਉਨ੍ਹਾਂ ਵੱਲੋਂ ਪਲਾਂਟ ਮੈਨੇਜਮੈਂਟ ਤੇ ਪੋਲੂਸ਼ਨ ਰੋਕਥਾਮ ਬੋਰਡ ਦੇ ਅਧਿਕਾਰੀਆਂ ਨਾਲ ਕਈ ਵਾਰ ਸੰਪਰਕ ਕਰਨ 'ਤੇ ਲਾਰਿਆਂ ਤੋਂ ਸਿਵਾ ਕੁਝ ਪੱਲੇ ਨਹੀਂ ਪਿਆ।ਆਖ਼ਰ ਮਜਬੂਰ ਹੋ ਕੇ ਉਨ੍ਹਾਂ ਨੂੰ ਧਰਨਾ ਦੇਣਾ ਪਿਆ।ਇਸ ਦੌਰਾਨ ਵਿਸ਼ਾਲ ਗੋਇਲ ਪ੍ਰਧਾਨ ਇੰਡਸਟਰੀ ਫੋਕਲ ਪੁਆਇੰਟ ਕੋਟਕਪੂਰਾ ਨੇ ਇਸ ਸੰਘਰਸ਼ ਦਾ ਪੂਰਨ ਸਹਿਯੋਗ ਦਾ ਭਰੋਸਾ ਦਿੱਤਾ ।ਧਰਨੇ ਵਿੱਚ ਭਾਰਤੀ ਕਿਸਾਨ ਯੂਨੀਅਨ (ਏਕਤਾ) ਨੇ ਵੀ ਸ਼ਮੂਲੀਅਤ ਕੀਤੀ।ਅਨੰਤਦੀਪ ਸਿੰਘ (ਰੋਮਾ ਬਰਾੜ), ਜਗਸੀਰ ਸਿੰਘ ਖਾਰਾ, ਮਾਸਟਰ ਹਰਜਿੰਦਰ ਸਿੰਘ ਹਰੀ ਨੌ ਸੂਬਾ ਪ੍ਰਧਾਨ ਬੀਕੇਯੂ ਫਤਹਿ, ਸ਼ਰਨਜੀਤ ਸਿੰਘ ਸਕੱਤਰ ਬੀਕੇਯੂ ਫਤਹਿ, ਬਲਜਿੰਦਰ ਸਿੰਘ ਗੱਗਾ ਸੀਨੀਅਰ ਮੀਤ ਪ੍ਰਧਾਨ ਬੀਕੇਯੂ ਫਤਹਿ, ਹਰਜੀਤ ਸਿੰਘ ਹਰਜੀ ਬੀਕੇਯੂ ਉਗਰਾਹਾਂ, ਨਰਜਿੰਦਰ ਸਿੰਘ ਖਾਰਾ, ਸੁਰਿੰਦਰਪਾਲ ਕੌਰ ਸੀਨੀਅਰ ਮੀਤ ਪ੍ਰਧਾਨ ਆਦਿ ਨੇ ਸੰਬੋਧਨ ਕੀਤਾ।ਕਿਸਾਨ ਨੇਤਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਕਿੰਨੀ ਅਫ਼ਸੋਸ ਦੀ ਗੱਲ ਹੈ ਕਿ ਕੁਲਤਾਰ ਸਿੰਘ ਸੰਧਵਾਂ ਇਸ ਹਲਕੇ ਦੀ ਨੁਮਾਇੰਦਗੀ ਕਰ ਰਹੇ ਹੋਣ ਤੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਹੋਣ ਦੇ ਬਾਵਜੂਦ ਇਸ ਸਮੱਸਿਆ ਦਾ ਹੱਲ ਨਾ ਹੋ ਸਕੇ।ਸਭ ਬੁਲਾਰਿਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਇਸ ਸਮੱਸਿਆ ਦਾ ਫੌਰੀ ਤੇ ਠੋਸ ਹੱਲ ਨਾ ਕੱਢਿਆ ਗਿਆ ਤਾਂ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ।ਇਸ ਮੌਕੇ ਕਰਮ ਸਿੰਘ ਸੈਕਟਰੀ, ਹਰਪ੍ਰੀਤ ਸਿੰਘ ਮੁਹਾਰ, ਵਿਸਾਖਾ ਸਿੰਘ ਸਰਾਂ, ਰਜਿੰਦਰ ਸਿੰਘ ਸਰਾਂ, ਰਛਪਾਲ ਸਿੰਘ ਭੁੱਲਰ, ਅਮਨਦੀਪ ਸਿੰਘ ਸਾਬਕਾ ਸਰਪੰਚ ਸਿੱਖਾਂਵਾਲਾ, ਬਲਜੀਤ ਸਿੰਘ ਸੰਧੂ, ਰੌਣਕੀ ਰਾਮ ਸ਼ਰਮਾ, ਹਰਪ੍ਰੀਤ ਸਿੰਘ ਚਾਨੀ, ਜਸਕਰਨ ਸਿੰਘ ਤੇ ਪ੍ਰੇਮ ਕੁਮਾਰ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਮੁਹੱਲਾ ਵਾਸੀ ਹਾਜ਼ਰ ਸਨ।

ਕਾਤਰਾਂ

ਗੁਰਪਾਲ ਸਿੰਘ ਨੇ ਰਣੀਕੇ ਪੁਲਸ ਚੌਕੀ ਦਾ ਚਾਰਜ ਸੰਭਾਲਿਆ

ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)- ਪੰਜਾਬ ਪੁਲਸ ਦੇ ਸਬ ਇੰਸਪੈਕਟਰ ਗੁਰਪਾਲ ਸਿੰਘ ਨੇ ਥਾਣਾ ਸਦਰ ਧੂਰੀ ਅਧੀਨ ਪੈਂਦੀ ਪੁਲਸ ਚੌਕੀ ਰਣੀਕੇ ਦੇ ਬਤੌਰ ਇੰਚਾਰਜ ਦਾ ਚਾਰਜ ਸੰਭਾਲਦਿਆਂ ਕਿਹਾ ਕਿ ਉਹ ਆਪਣੀ ਡਿਊਟੀ ਨੂੰ ਮਿਹਨਤ ਤੇ ਇਮਾਨਦਾਰੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਜਲਦੀ ਪਿੰਡਾ ਦੇ ਸਰਪੰਚਾਂ, ਪੰਚਾਂ, ਹੋਰ ਸਮਾਜ ਸੇਵੀ ਸੰਸਥਾਵਾਂ, ਕਲੱਬਾਂ ਦੇ ਅਹੁਦੇਦਾਰਾਂ ਨਾਲ ਮੀਟਿੰਗ ਕਰਨਗੇ। ਨਸ਼ਾ ਤਸਕਰਾਂ ਨੂੰ ਤਾੜਨਾ ਕਰਦਿਆਂ ਉਨ੍ਹਾਂ ਕਿਹਾ ਕਿ ਗ਼ੈਰ ਕਾਨੂੰਨੀ ਕੰਮਾਂ ਨੂੰ ਕਰਨਾ ਬੰਦ ਕਰ ਦੇਣ ਨਹੀਂ ਜੇਲ੍ਹ ਦੀ ਹਵਾ ਖਾਣ ਲਈ ਤਿਆਰ ਰਹਿਣ। ਇਸ ਮੌਕੇ ਸੁਖਵਿੰਦਰ ਸਿੰਘ, ਗੁਰਮੇਲ ਸਿੰਘ ਤੇ ਪਰਮਜੀਤ ਸਿੰਘ ਹਾਜ਼ਰ ਸਨ।

ਸੜਕ ਹਾਦਸੇ 'ਚ ਇੱਕ ਮੌਤ, ਇੱਕ ਜ਼ਖਮੀ

ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਬੀਤੇ ਦਿਨੀਂ ਬਠਿੰਡਾ-ਰਾਮਪੁਰਾ ਨੈਸ਼ਨਲ ਹਾਈਵੇ 'ਤੇ ਪਿੰਡ ਲਹਿਰਾ ਮੁਹੱਬਤ ਨੇੜੇ ਸੜਕ ਪਾਰਲੇ ਖੇਤਾਂ 'ਚੋਂ ਕੰਮ ਕਰਕੇ ਮੋਟਰਸਾਈਕਲ ਰਾਹੀਂ ਵਾਪਸ ਆਪਣੇ ਘਰ ਆ ਰਹੇ ਖੇਤ ਮਜ਼ਦੂਰ ਦੀ ਸੜਕ ਪਾਰ ਕਰਦੇ ਸਮੇਂ ਦੂਸਰੇ ਮੋਟਰਸਾਈਕਲ ਦੀ ਟੱਕਰ ਨਾਲ ਮੌਤ ਹੋ ਗਈ, ਜਦਕਿ ਦੂਜਾ ਮੋਟਰਸਾਈਕਲ ਚਾਲਕ ਵੀ ਜ਼ਖਮੀਂ ਹੋ ਗਿਆ, ਜੋ ਜ਼ੇਰੇ ਇਲਾਜ ਹੈ। ਮ੍ਰਿਤਕ ਦੀ ਪਹਿਚਾਣ ਗੁਰਨੈਬ ਸਿੰਘ (49) ਪੁੱਤਰ ਪੋਹੂ ਸਿੰਘ ਵਾਸੀ ਪਿੰਡ ਲਹਿਰਾ ਮੁਹੱਬਤ (ਜ਼ਿਲ੍ਹਾ ਬਠਿੰਡਾ) ਵਜੋਂ ਹੋਈ ਹੈ। ਮ੍ਰਿਤਕ ਗਰੀਬ ਦਿਹਾੜੀਦਾਰ ਮਜ਼ਦੂਰ ਸੀ, ਜੋ ਆਪਣੇ ਪਿੱਛੇ ਪਤਨੀ ਤੇ ਇੱਕ ਨਾਬਾਲਿਗ ਬੇਟਾ ਛੱਡ ਗਿਆ ਹੈ। ਭੁੱਚੋ ਪੁਲਸ ਵੱਲੋਂ ਪੋਸਟ ਮਾਰਟਮ ਕਰਵਾਉਣ ਉਪਰੰਤ ਲਾਸ਼ ਵਾਰਸਾਂ ਨੂੰ ਸੌਂਪ ਦਿੱਤੀ ਗਈ ਹੈ ਤੇ ਮਾਮਲਾ ਦਰਜ ਕੇ ਬਣਦੀ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

ਮੋਬਾਇਲ ਚੋਰੀ ਕਰਨ ਦੇ ਮਾਮਲੇ 'ਚ ਦੋ ਕਾਬੂ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਪੁਲਸ ਥਾਣਾ ਮਹਿਲ ਕਲਾਂ ਵੱਲੋਂ ਨੇੜਲੇ ਪਿੰਡ ਮੂੰਮ ਨਾਲ ਸਬੰਧਤ ਇੱਕ ਮੋਬਾਇਲ ਰਿਪੇਅਰ ਦੀ ਦੁਕਾਨ ਵਿੱਚੋਂ ਚੋਰੀ ਹੋਏ ਕਈ ਮੋਬਾਇਲ ਫੋਨਾਂ ਦੇ ਮਾਮਲੇ ਵਿੱਚ 2 ਮੁਲਜ਼ਮਾਂ ਨੂੰ ਕਾਬੂ ਕਰਕੇ ਚੋਰੀ ਕੀਤੇ ਮੋਬਾਇਲ ਫੋਨ ਬਰਾਮਦ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਗ੍ਰਿਫਤਾਰ ਕੀਤੇ ਵਿਅਕਤੀਆਂ ਦੀ ਪਹਿਚਾਣ ਲਵਪ੍ਰੀਤ ਸਿੰਘ ਉਰਫ ਦੀਪਾ ਪੁੱਤਰ ਕੁਲਦੀਪ ਸਿੰਘ ਤੇ ਪ੍ਰਗਟ ਸਿੰਘ ਪੁੱਤਰ ਬਲੇਰ ਸਿੰਘ ਵਾਸੀ ਮੂੰਮ ਵਜੋਂ ਹੋਈ, ਜਿਨ੍ਹਾਂ ਖਿਲਾਫ ਪੁਲਸ ਥਾਣਾ ਮਹਿਲ ਕਲਾਂ ਵਿਖੇ ਕੇਸ ਦਰਜ ਕਰ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਪੁਲਸ ਨੇ ਦੱਸਿਆ ਕਿ ਬੀਤੇ ਦਿਨੀਂ ਅਮਨਦੀਪ ਸਿੰਘ ਅਮਨਾ ਪੁੱਤਰ ਜਗਤਾਰ ਸਿੰਘ ਵਾਸੀ ਮੂੰਮ ਦੇ ਬਿਆਨਾਂ ਅਨੁਸਾਰ ਮੋਬਾਇਲ ਚੋਰੀ ਦੀ ਕਾਰਵਾਈ ਅਮਲ 'ਚ ਲਿਆਂਦੀ ਗਈ ਸੀ। ਉਕਤ ਮੁਲਜ਼ਮਾਂ ਨੇ ਗਵਾਹਾਂ ਸਾਹਮਣੇ ਪਿੰਡ ਮੂੰਮ ਤੇ ਛੀਨੀਵਾਲ ਕਲਾਂ ਨੂੰ ਜਾਂਦੀ ਲਿੰਕ ਸੜਕ ਵਿੱਚ ਆਉਂਦੇ ਸੂਏ ਦੇ ਪੁਲ ਦੀ ਪਟੜੀ ਤੋਂ ਟੋਆ ਪੱਟ ਕੇ ਦੱਬੇ ਹੋਏ ਮੋਬਾਇਲ ਫੋਨ ਪੁਲਸ ਪਾਸ ਪੇਸ਼ ਕੀਤੇ।

ਸ਼ਹਿਰ ਵਾਸੀਆਂ ਨੂੰ ਇੱਕ ਦਿਨ ਛੱਡ ਕੇ ਮਿਲੇਗੀ ਪਾਣੀ ਦੀ ਸਪਲਾਈ

ਮਲੋਟ (ਗੁਰਮੀਤ ਸਿੰਘ ਮੱਕੜ)-ਸਰਹਿੰਦ ਫੀਡਰ ਨਹਿਰ ਦੀ ਮੁਰੰਮਤ ਦੇ ਮੱਦੇਨਜ਼ਰ ਨਹਿਰਬੰਦੀ ਦੇ ਚੱਲਦਿਆਂ ਸ਼ਹਿਰ ਵਾਸੀਆਂ ਨੂੰ ਪੀਣ ਵਾਲੇ ਪਾਣੀ ਦੀ ਸਪਲਾਈ ਇੱਕ ਦਿਨ ਛੱਡ ਕੇ ਦਿੱਤੀ ਜਾਵੇਗੀ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸੀਵਰੇਜ ਬੋਰਡ ਦੇ ਇੰਜੀਨੀਅਰ ਰਾਕੇਸ਼ ਮੋਹਨ ਮੱਕੜ ਨੇ ਦੱਸਿਆ ਕਿ 15 ਅਪ੍ਰੈਲ ਤੱਕ ਨਹਿਰਬੰਦੀ ਦੇ ਚੱਲਦਿਆਂ ਪਾਣੀ ਦੀ ਕਿੱਲਤ ਰਹੇਗੀ, ਜਿਸ ਕਰਕੇ ਸ਼ਹਿਰ ਵਿੱਚ ਪੀਣ ਵਾਲੇ ਪਾਣੀ ਦੀ ਸਪਲਾਈ ਇੱਕ ਦਿਨ ਛੱਡ ਕੇ ਦਿੱਤੀ ਜਾਵੇਗੀ। ਉਨ੍ਹਾ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਵਿਭਾਗ ਦਾ ਸਹਿਯੋਗ ਦਿੰਦੇ ਹੋਏ ਪਾਣੀ ਦੀ ਵਰਤੋਂ ਸੰਜਮ ਨਾਲ ਕਰਨ ਤਾਂ ਕਿ ਉਨ੍ਹਾਂ ਨੂੰ ਕਿਸੇ ਤਰ੍ਹਾਂ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾ ਕਿਹਾ ਕਿ 15 ਅਪ੍ਰੈਲ ਤੋਂ ਬਾਅਦ ਸ਼ਹਿਰ ਵਾਸੀਆਂ ਨੂੰ ਪੀਣ ਵਾਲੇ ਪਾਣੀ ਦੀ ਸਪਲਾਈ ਨਿਰਵਿਘਨ ਕਰ ਦਿੱਤੀ ਜਾਵੇਗੀ।

23 ਮਾਰਚ ਨੂੰ ਸੰਗਰੂਰ ਪੁੱਜਣ ਦਾ ਫ਼ੈਸਲਾ

ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)-ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਬਲਾਕ ਧੂਰੀ ਤੇ ਬਲਾਕ ਸ਼ੇਰਪੁਰ ਦੀ ਸੀਨੀਅਰ ਮੀਤ ਪ੍ਰਧਾਨ ਗੁਰਬਚਨ ਸਿੰਘ ਹਰਚੰਦਪੁਰ ਤੇ ਬਲਾਕ ਖ਼ਜ਼ਾਨਚੀ ਕਿਰਪਾਲ ਸਿੰਘ ਬਟੂਹਾ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਰਾਮ ਲੀਲਾ ਗਰਾਊਂਡ ਦਿੱਲੀ ਵਿਖੇ ਹੋਈ ਮਹਾਂਪੰਚਾਇਤ 'ਚ ਪੁੱਜੇ ਕਿਸਾਨਾਂ ਦਾ ਧੰਨਵਾਦ ਕੀਤਾ ਗਿਆ ਤੇ 23 ਮਾਰਚ ਨੂੰ ਸ਼ਹੀਦ ਭਗਤ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਅਕਾਲਗੜ੍ਹ ਸਾਹਿਬ ਵਿਖੇ ਪਹੁੰਚਣ ਦਾ ਫ਼ੈਸਲਾ ਕੀਤਾ ਗਿਆ।

ਇਸ ਮੌਕੇ ਪੰਜਾਬ ਸਰਕਾਰ ਵੱਲੋਂ ਖੰਡ ਮਿੱਲ ਨੂੰ ਜਲਦੀ ਚਲਾਉਣ ਦੀ ਮੰਗ ਵੀ ਕੀਤੀ ਗਈ। ਇਸ ਮੌਕੇ ਬਲਵਿੰਦਰ ਸਿੰਘ ਜੱਖਲਾਂ ਸਰਪ੍ਰਸਤ, ਗੁਰਜ

19-MAR-PAGE-8.qxd 3/18/2024 10:52 PM Page 1

ਅਰਬ ਦੇਸ਼ਾਂ 'ਚ ਲੜਕੀਆਂ ਦਾ ਸ਼ੋਸ਼ਣ ਹੋਣਾ ਚਿੰਤਾਜਨਕ : ਸੰਤ ਸੀਚੇਵਾਲ

ਸਾਊਦੀ ਅਰਬ ਤੇ ਮਸਕਟ 'ਚੋਂ ਵਾਪਸ ਪਰਤੀਆਂ ਲੜਕੀਆਂ ਨੇ ਦੱਸੀਆਂ ਹੱਡਬੀਤੀਆਂ

ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ, ਧਾਲੀਵਾਲ ਰਾਜਵੀਰ ਸਿੰਘ)-ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਦੇ ਯਤਨਾਂ ਸਦਕਾ ਸਾਊਦੀ ਅਰਬ ਤੇ ਓਮਾਨ 'ਚੋਂ ਵਾਪਸ ਆਈਆਂ ਲੜਕੀਆਂ ਨੇ ਆਪਣੀ ਹੱਡਬੀਤੀ ਸੁਣਾਉਂਦਿਆ ਕਿਹਾ ਕਿ ਉੱਥੇ ਉਹਨਾਂ ਕੋਲੋਂ 18 ਤੋਂ 20 ਘੰਟੇ ਕੰਮ ਕਰਵਾਇਆ ਜਾਂਦਾ ਸੀ। ਸਿਹਤ ਖਰਾਬ ਹੋਣ 'ਤੇ ਇਲਾਜ਼ ਨਹੀਂ ਸੀ ਕਰਵਾਇਆ ਜਾਂਦਾ, ਸਗੋਂ ਬਿਮਾਰੀ ਦੌਰਾਨ ਵੀ ਧੱਕੇ ਨਾਲ ਕੰਮ ਕਰਵਾਇਆ ਜਾਂਦਾ ਸੀ। ਨਿਰਮਲ ਕੁਟੀਆ ਸੁਲਤਾਨਪੁਰ ਲੋਧੀ ਪਹੁੰਚੀਆਂ ਇਹਨਾਂ ਲੜਕੀਆਂ ਨੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਦਾ ਧੰਨਵਾਦ ਕਰਦਿਆ ਕਿਹਾ ਕਿ ਉਹਨਾਂ ਵੱਲੋਂ ਕੀਤੇ ਗਏ ਸਾਰਥਿਕ ਯਤਨਾਂ ਸਦਕਾ ਹੀ ਉਹ ਮੁੜ ਆਪਣੇ ਪਰਵਾਰਾਂ 'ਚ ਪਰਤ ਸਕੀਆਂ ਹਨ। ਅਰਬ ਦੇਸ਼ਾਂ 'ਚ ਵਾਪਸ ਆਈਆਂ ਲੜਕੀਆਂ ਜ਼ਿਲ੍ਹਾ ਹੁਸ਼ਿਆਰਪੁਰ, ਤਰਨ-ਤਾਰਨ ਤੇ ਕਪੂਰਥਲਾ ਨਾਲ ਸੰਬੰਧਿਤ ਹਨ। ਸਾਊਦੀ ਅਰਬ ਤੇ ਓਮਾਨ ਤੋਂ ਵਾਪਸ ਆਈਆਂ ਲੜਕੀਆਂ ਨੇ ਲੂ-ਕੰਢੇ ਖੜ੍ਹੇ ਕਰਨ ਵਾਲੀਆਂ ਹੱਡਬੀਤੀਆਂ ਸਾਂਝੀਆਂ ਕਰਦਿਆਂ ਹੋਇਆ ਦੱਸਿਆ ਕਿ ਕਿਸ ਤਰ੍ਹਾਂ ਨਾਲ ਉਹਨਾਂ 'ਤੇ ਉੱਥੇ ਤਸ਼ਦੱਦ ਕੀਤਾ ਜਾ ਰਿਹਾ ਸੀ। ਉਹਨਾਂ ਦੱਸਿਆ ਕਿ ਇਹਨਾਂ ਏਜੰਟਾਂ ਵੱਲੋਂ ਅਜੇ ਵੀ ਉੱਥੇ ਬਹੁਤ ਸਾਰੀਆਂ ਲੜਕੀਆਂ ਨੂੰ ਇਸੇ ਤਰ੍ਹਾਂ ਫਸਾ ਕਿ ਰੱਖਿਆ ਹੋਇਆ ਜੋ ਨਾ ਕੇਵਲ ਭਾਰਤ ਦੀਆਂ ਸਗੋਂ ਨੇਪਾਲ ਸਮੇਤ ਹੋਰ ਵੀ ਦੇਸ਼ਾਂ ਦੀਆਂ ਹਨ। ਉਹਨਾਂ ਦੱਸਿਆ ਕਿ ਉੱਥੇ ਲੜਕੀਆਂ ਨਾਲ ਬਹੁਤ ਬੁਰਾ ਸਲੂਕ ਕੀਤਾ ਜਾਂਦਾ ਹੈ।

ਸੰਤ ਸੀਚੇਵਾਲ ਨੇ ਦੱਸਿਆ ਕਿ ਖਾੜੀ ਦੇਸ਼ਾਂ 'ਚ ਟਰੈਵਲ ਏਜੰਟਾਂ ਰਾਹੀ ਗਈਆਂ ਲੜਕੀਆਂ ਦਾ ਸ਼ੋਸ਼ਣ ਰੁੱਕਣ ਦਾ ਨਾਂਅ ਨਹੀਂ ਲੈ ਰਿਹਾ ਹੈ। ਬੇਹਤਰ ਭਵਿੱਖ, ਮੋਟੀਆਂ ਤਨਖਾਹਾਂ ਅਤੇ ਘਰਾਂ ਵਿੱਚ ਸੌਖਾ ਕੰਮ ਦਿਵਾਉਣ ਦਾ ਝਾਂਸਾ ਦੇ ਕੇ ਪੰਜਾਬ ਦੀਆਂ ਅਣਭੋਲ ਲੜਕੀਆਂ ਨੂੰ ਟਰੈਵਲ ਏਜੰਟ ਆਪਣੇ ਚੁੰਗਲ 'ਚ ਫਸਾ ਰਹੇ ਹਨ। ਉਹਨਾਂ ਦੱਸਿਆ ਕਿ ਜਨਵਰੀ ਫਰਵਰੀ ਮਹੀਨੇ ਦੌਰਾਨ ਇਹਨਾਂ 2 ਲੜਕੀਆਂ ਸਮੇਤ ਹੋਰ 4 ਲੜਕੀਆਂ ਵਾਪਸ ਆਈਆਂ ਹਨ।

ਅਮਰੀਕਾ 'ਚੋਂ ਨੌਜਵਾਨ ਪ੍ਰਗਟ ਸਿੰਘ ਦੀ ਆਈ ਮ੍ਰਿਤਕ ਦੇਹ ਦਾ ਸੁਲਤਾਨਪੁਰ ਲੋਧੀ ਦੇ ਸ਼ਮਸ਼ਾਨ ਘਾਟ 'ਚ ਸੰਸਕਾਰ ਕਰ ਦਿੱਤਾ ਗਿਆ ਹੈ। ਅਮਰੀਕਾ ਦੇ ਸ਼ਹਿਰ ਸਟੋਕਾਨ ਵਿੱਚ ਰਹਿੰਦੇ ਪਰਗਟ ਸਿੰਘ ਦੀ 5 ਮਾਰਚ ਨੂੰ ਦਿਲ ਦਾ ਦੌਰਾ ਪੈਣ ਕਾਰਨ ਮੌਤ ਹੋ ਗਈ ਸੀ। ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਅਮਰੀਕਾ ਵਿੱਚ ਭਾਰਤੀ ਦੂਤਾਵਾਸ ਨਾਲ ਸੰਪਰਕ ਸਾਧ ਕਿ ਪਰਗਟ ਸਿੰਘ ਦੀ ਮ੍ਰਿਤਕ ਦੇਹ ਨੂੰ ਹਫਤੇ ਵਿੱਚ ਵਾਪਸ ਮੰਗਵਾਉਣ ਵਿੱਚ ਅਹਿਮ ਭੂਮਿਕਾ ਨਿਭਾਈ। ਸੰਤ ਸੀਚੇਵਾਲ ਜੀ ਦੇ ਯਤਨਾਂ ਸਦਕਾ ਵਿਦੇਸ਼ਾਂ ਵਿੱਚ ਆਪਣੀ ਜਾਨ ਗਵਾਉਣ ਵਾਲੇ 18 ਦੇ ਕਰੀਬ ਨੌਜਵਾਨਾਂ ਦੀਆਂ ਮ੍ਰਿਤਕ ਦੇਹਾਂ ਹੁਣ ਤੱਕ ਵਾਪਸ ਮੰਗਵਾਈਆਂ ਜਾ ਚੁੱਕੀਆਂ ਹਨ।

ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਜ਼ਿਲ੍ਹਾ ਚੋਣ ਅਫਸਰ ਨੇ ਬੈਂਕਾਂ ਨੂੰ ਜਾਰੀ ਕੀਤੇ ਦਿਸ਼ਾ-ਨਿਰਦੇਸ਼

ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)-2024: ਆਜ਼ਾਦ ਅਤੇ ਨਿਰਪੱਖ ਚੋਣਾਂ ਨੂੰ ਯਕੀਨੀ ਬਣਾਉਣ ਲਈ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫਸਰ ਆਸ਼ਿਕਾ ਜੈਨ ਨੇ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਜ਼ਿਲ੍ਹੇ ਦੇ ਬੈਂਕਰਾਂ ਨੂੰ ਹਦਾਇਤ ਕੀਤੀ ਹੈ ਕਿ ਉਹ 10 ਲੱਖ ਰੁਪਏ ਤੋਂ ਵੱਧ ਦੇ ਕਿਸੇ ਵੀ ਲੈਣ-ਦੇਣ ਦੀ ਨਿਗਰਾਨੀ ਕਰਨ ਅਤੇ ਇਸ ਦੀ ਸੂਚਨਾ ਜ਼ਿਲ੍ਹਾ ਚੋਣ ਦਫਤਰ ਨੂੰ ਦੇਣ ਜੋ ਅੱਗੇ ਹੋਰ ਤਸਦੀਕ ਲਈ ਨੋਡਲ ਅਫਸਰ, ਇਨਕਮ ਟੈਕਸ ਨੂੰ ਭੇਜੇਗਾ। ਲੋਕ ਸਭਾ ਚੋਣਾਂ ਨੂੰ ਲੈ ਕੇ ਐਤਵਾਰ ਨੂੰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਲੀਡ ਬੈਂਕ ਮੈਨੇਜਰ ਅਤੇ ਹੋਰ ਬੈਂਕਾਂ ਦੇ ਜ਼ਿਲ੍ਹਾ ਕੋਆਰਡੀਨੇਟਰਾਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਉਨ੍ਹਾਂ ਸਪੱਸ਼ਟ ਕੀਤਾ ਕਿ ਭਾਰਤ ਦੇ ਚੋਣ ਕਮਿਸ਼ਨ ਦੀਆਂ ਸਖਤ ਹਦਾਇਤਾਂ ਅਨੁਸਾਰ, ਵੋਟਰਾਂ ਨੂੰ ਲੁਭਾਉਣ ਲਈ ਪੈਸੇ ਅਤੇ ਤਾਕਤ ਨੂੰ ਰੋਕਣਾ ਸਾਡਾ ਮੁਢਲਾ ਫਰਜ਼ ਹੈ। ਉਨ੍ਹਾਂ ਕਿਹਾ ਕਿ 10,000 ਰੁਪਏ ਤੋਂ ਵੱਧ ਦਾ ਭੁਗਤਾਨ ਕਰਨ ਲਈ ਸਾਰੇ ਉਮੀਦਵਾਰਾਂ ਕੋਲ, ਖੁਦ ਜਾਂ ਆਪਣੇ ਚੋਣ ਏਜੰਟ ਦੁਆਰਾ ਸੰਚਾਲਿਤ ਬੈਂਕ ਖਾਤਾ ਹੋਣਾ ਚਾਹੀਦਾ ਹੈ। ਇਸ ਵਿੱਚ ਉਸ ਦੇ ਪਰਵਾਰਕ ਮੈਂਬਰ ਜਾਂ ਕਿਸੇ ਹੋਰ ਵਿਅਕਤੀ ਨੂੰ ਸ਼ਾਮਲ ਨਹੀਂ ਕੀਤਾ ਜਾਣਾ ਚਾਹੀਦਾ। ਉਮੀਦਵਾਰ ਵੱਲੋਂ ਸਾਰਾ ਚੋਣ ਖਰਚਾ ਸਿਰਫ ਇਸ ਬੈਂਕ ਖਾਤੇ ਤੋਂ ਹੀ ਕੀਤਾ ਜਾਵੇਗਾ। ਜੈਨ ਨੇ ਅੱਗੇ ਕਿਹਾ ਕਿ ਸਾਰੇ ਬੈਂਕਾਂ ਅਤੇ ਡਾਕਘਰਾਂ ਨੂੰ ਚੋਣ ਉਦੇਸ਼ਾਂ ਲਈ ਸਮਰਪਤ ਕਾਊਂਟਰ ਖੋਲ੍ਹਣੇ ਚਾਹੀਦੇ ਹਨ ਤਾਂ ਜੋ ਉਮੀਦਵਾਰਾਂ ਨੂੰ ਬੈਂਕ ਖਾਤਾ ਖੋਲ੍ਹਣ ਲਈ ਤੁਰੰਤ ਸੇਵਾਵਾਂ ਦੀ ਸਹੂਲਤ ਦਿੱਤੀ ਜਾ ਸਕੇ। ਉਨ੍ਹਾਂ ਅੱਗੇ ਕਿਹਾ ਕਿ ਬੈਂਕਾਂ ਨੂੰ ਵੀ ਚੋਣ ਅਮਲ ਸਮੇਂ ਦੌਰਾਨ ਪਹਿਲ ਦੇ ਆਧਾਰ 'ਤੇ ਇਸ ਖਾਤੇ ਤੋਂ ਪੈਸੇ ਕਢਵਾਉਣ ਅਤੇ ਜਮ੍ਹਾਂ ਕਰਵਾਉਣ ਦੀ ਸੁਵਿਧਾ ਦੇਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਜੇਕਰ ਉਮੀਦਵਾਰ ਦੁਆਰਾ ਕਿਸੇ ਵਿਅਕਤੀ/ਸੇਵਾ ਪ੍ਰਦਾਤਾ ਨੂੰ ਖਰਚੇ ਦੀ ਕਿਸੇ ਵੀ ਵਸਤੂ ਲਈ ਚੋਣਾਂ ਦੀ ਸਮੁੱਚੀ ਪ੍ਰਕਿਰਿਆ ਦੌਰਾਨ, ਭੁਗਤਾਨ ਯੋਗ ਰਕਮ, 10,000 ਰੁਪਏ ਤੋਂ ਵੱਧ ਨਹੀਂ ਹੈ ਤਾਂ ਫਿਰ ਅਜਿਹਾ ਖਰਚਾ ਬੈਂਕ ਖਾਤੇ ਤੋਂ ਕਢਵਾ ਕੇ ਨਕਦੀ ਰਾਹੀਂ ਕੀਤਾ ਜਾ ਸਕਦਾ ਹੈ, ਜਦਕਿ ਬਾਕੀ ਸਾਰੀਆਂ ਅਦਾਇਗੀਆਂ ਉਕਤ ਬੈਂਕ ਖਾਤੇ ਤੋਂ ਚੈੱਕ ਰਾਹੀਂ ਕੀਤੀਆਂ ਜਾਣੀਆਂ ਹਨ। ਇਸੇ ਤਰ੍ਹਾਂ, ਉਮੀਦਵਾਰਾਂ ਨੂੰ 10,000 ਰੁਪਏ ਤੋਂ ਵੱਧ ਕੋਈ ਫੰਡ ਜਾਂ ਕਰਜ਼ਾ ਨਕਦ ਰੂਪ ਵਿੱਚ ਨਹੀਂ ਦਿੱਤਾ ਜਾ ਸਕਦਾ। ਇਸ ਰਾਸ਼ੀ ਤੋਂ ਉੱਪਰ ਅਜਿਹੇ ਸਾਰੇ ਫੰਡ/ਭੁਗਤਾਨ ਚੈੱਕ, ਡਰਾਫਟ, ਜਾਂ ਖਾਤਾ ਟ੍ਰਾਂਸਫਰ ਦੁਆਰਾ ਪ੍ਰਾਪਤ ਕੀਤੇ ਜਾਣੇ ਹਨ। ਬੈਂਕਾਂ ਨੂੰ ਸਾਰੇ ਸੱਕੀ ਲੈਣ-ਦੇਣ ਦੀ ਰਿਪੋਰਟ ਜ਼ਿਲ੍ਹਾ ਚੋਣ ਅਫਸਰ ਨੂੰ ਦੇਣ ਦੇ ਵੀ ਨਿਰਦੇਸ਼ ਦਿੱਤੇ ਗਏ ਸਨ। ਆਊਟਸੋਰਸ ਏਜੰਸੀਆਂ ਦੀਆਂ ਕੈਸ਼ ਵੈਨਾਂ ਸਬੰਧੀ ਹਦਾਇਤਾਂ ਜਾਰੀ ਕਰਦਿਆਂ ਜ਼ਿਲ੍ਹਾ ਚੋਣ ਅਫਸਰ ਨੇ ਕਿਹਾ ਕਿ ਇਨ੍ਹਾਂ ਵੈਨਾਂ ਵਿੱਚ ਬੈਂਕਾਂ ਤੋਂ ਇਲਾਵਾ ਕਿਸੇ ਵੀ ਤੀਜੀ ਧਿਰ ਦੀ ਏਜੰਸੀ ਦਾ ਕੈਸ਼ ਨਹੀਂ ਲਿਜਾਇਆ ਜਾਵੇਗਾ। ਸਾਰੀਆਂ ਆਊਟਸੋਰਸਡ ਏਜੰਸੀਆਂ/ਕੰਪਨੀਆਂ ਬੈਂਕਾਂ ਦੁਆਰਾ ਜਾਰੀ ਕੀਤੇ ਗਏ ਨਗਦੀ ਦੇ ਵੇਰਵੇ ਦਿੰਦੇ ਹੋਏ ਬੈਂਕਾਂ ਦੁਆਰਾ ਜਾਰੀ ਕੀਤੇ ਗਏ ਪੱਤਰ, ਦਸਤਾਵੇਜ਼ ਆਦਿ ਨਾਲ ਲੈ ਕੇ ਚੱਲਣਗੀਆਂ। ਉਨ੍ਹਾ ਬੈਂਕਰਾਂ ਨੂੰ ਅੱਗੇ ਕਿਹਾ ਕਿ ਕੈਸ਼ ਵੈਨ ਦੇ ਨਾਲ ਆਉਣ ਵਾਲੀਆਂ ਆਊਟਸੋਰਸਡ ਏਜੰਸੀਆਂ/ਕੰਪਨੀਆਂ ਦੇ ਕਰਮਚਾਰੀ ਸਬੰਧਤ ਏਜੰਸੀਆਂ ਦੁਆਰਾ ਜਾਰੀ ਕੀਤੇ ਪਛਾਣ ਪੱਤਰ ਲੈ ਕੇ ਚੱਲਣ। ਏ ਡੀ ਸੀ (ਜ) ਵਿਰਾਜ ਐਸ ਤਿੜਕੇ ਨੇ ਸਾਰੇ ਬੈਂਕਰਾਂ ਨੂੰ ਕਿਹਾ ਕਿ ਉਹ ਆਪਣੇ ਰੋਜ਼ਾਨਾ ਦੇ ਕੰਮ ਲਈ ਬੈਂਕਾਂ ਵਿੱਚ ਆਉਣ ਵਾਲੇ ਆਮ ਲੋਕਾਂ ਵਿੱਚ ਵੋਟਰ ਜਾਗਰੂਕਤਾ ਨੂੰ ਉਤਸ਼ਾਹਤ ਕਰਨ, ਜਿਸ ਨਾਲ ਮੋਹਾਲੀ ਜ਼ਿਲ੍ਹੇ ਵਿੱਚ ਵੋਟ ਪ੍ਰਤੀਸਤਤਾ ਨੂੰ ਵਧਾਉਣ ਵਿੱਚ ਹੋਰ ਮਦਦ ਮਿਲੇਗੀ। ਐਲ ਡੀ ਐਮ ਮੋਹਾਲੀ ਐਮ ਕੇ ਭਾਰਦਵਾਜ ਨੇ ਸਾਰੇ ਬੈਂਕਰਾਂ ਨੂੰ ਚੋਣ ਸਮੇਂ ਦੌਰਾਨ ਸ਼ਾਖਾਵਾਂ ਅਤੇ ਕਰੰਸੀ ਚੈਸਟ ਦੁਆਰਾ ਨਕਦੀ ਨੂੰ ਕਿਵੇਂ ਲਿਜਾਣਾ ਹੈ, ਬਾਰੇ ਜਾਣਕਾਰੀ ਦਿੱਤੀ।

ਭੁਲੱਥ ਤੋਂ ਕਈ ਪਰਵਾਰ ਬਾਦਲ ਦਲ ਛੱਡ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) 'ਚ ਹੋਏ ਸ਼ਾਮਲ

ਫਗਵਾੜਾ (ਜਸਵਿੰਦਰ ਢੱਡਾ)- ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੀ ਇਕ ਭਰਵੀਂ ਮੀਟਿੰਗ ਨੇੜਲੇ ਪਿੰਡ ਰਾਏਪੁਰ ਪੀਰਬਖਸ਼ ਵਾਲਾ ਵਿਖੇ ਸਰਕਲ ਪ੍ਰਧਾਨ ਸੁਖਜਿੰਦਰ ਸਿੰਘ ਧਾਰੀਵਾਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਲੋਕ ਸਭਾ ਚੋਣਾਂ ਬਾਬਤ ਵਿਚਾਰ ਵਟਾਂਦਰੇ ਕੀਤੇ ਗਏ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਪਾਰਟੀ ਦੇ ਦੁਆਬਾ ਦੇ ਇੰਚਾਰਜ ਜਥੇ ਰਾਜਿੰਦਰ ਸਿੰਘ ਫੌਜੀ ਨੇ ਮੀਟਿੰਗ ਨੂੰ ਸੰਬੋਧਨ ਕਰਦਿਆ ਕਿਹਾ ਕਿ ਅੱਜ ਦੀ ਮੀਟਿੰਗ ਵਿੱਚ ਸੰਗਤਾਂ ਦੀ ਭਾਰੀ ਹਾਜ਼ਰੀ ਇਹ ਦਰਸਾਉਂਦੀ ਹੈ ਕਿ ਆ ਰਹੀਆ ਲੋਕ ਸਭਾ ਚੋਣਾਂ ਵਿੱਚ ਪਾਰਟੀ ਨੂੰ ਪੰਜਾਬ ਵਾਸੀਆ ਵੱਲੋਂ ਭਾਰੀ ਹੁੰਗਾਰਾ ਮਿਲਣ ਵਾਲਾ ਹੈ। ਪਾਰਟੀ ਦੇ ਉਮੀਦਵਾਰ ਬਹੁਮਤ ਨਾਲ ਜਿੱਤ ਕੇ ਲੋਕ ਸਭਾ ਵਿੱਚ ਪੰਜਾਬ ਦੀ ਅਗਵਾਈ ਕਰਨਗੇ। ਸਭ ਪਾਰਟੀਆਂ ਨੂੰ ਪੰਜਾਬ ਵਾਸੀ ਨਕਾਰ ਰਹੇ ਹਨ, ਕਿਉਂਕਿ ਸਾਰੀਆਂ ਪਾਰਟੀਆਂ ਦੇ ਉਮੀਦਵਾਰ ਪੰਜਾਬ ਦੀ ਸਹੀ ਅਗਵਾਈ ਨਹੀਂ ਕਰ ਸਕੇ। ਇਸ ਲਈ ਅਕਾਲੀ ਦਲ ਅੰਮ੍ਰਿਤਸਰ ਨੂੰ ਲੋਕ ਭਾਰੀ ਹੁੰਗਾਰਾ ਦੇ ਰਹੇ ਹਨ। ਮੀਟਿੰਗ ਵਿੱਚ ਪਾਰਟੀ ਦੇ ਜ਼ਿਲ੍ਹਾ ਕਪੂਰਥਲਾ ਦੇ ਪ੍ਰੈੱਸ ਸਕੱਤਰ ਗੁਰਦਿਆਲ ਸਿੰਘ ਮਾਨਾਂਵਾਲੀ ਨੇ ਕਿਹਾ ਕਿ ਪੰਜਾਬ ਦੋਖੀਆਂ ਨੂੰ ਵੋਟਾਂ ਪਾਉਣਾ ਬੰਦ ਕਰਕੇ ਪੰਜਾਬ ਵਾਸੀ ਪੰਥਕ ਪਾਰਟੀ ਅਕਾਲੀ ਦਲ ਅੰਮ੍ਰਿਤਸਰ ਦਾ ਭਰਵਾਂ ਸਹਿਯੋਗ ਕਰਨ । ਸਰਕਲ ਪ੍ਰਧਾਨ ਸੁਖਜਿੰਦਰ ਸਿੰਘ ਧਾਰੀਵਾਲ ਅਤੇ ਜ਼ਿਲ੍ਹਾ ਮੀਤ ਪ੍ਰਧਾਨ ਜਥੇ. ਗੁਰਮੇਲ ਸਿੰਘ ਨੇ ਵੀ ਪੰਜਾਬ ਵਾਸੀਆਂ ਨੂੰ ਅਕਾਲੀ ਦਲ ਅੰਮ੍ਰਿਤਸਰ ਦਾ ਭਰਵਾਂ ਸਹਿਯੋਗ ਕਰਨ ਦੀ ਅਪੀਲ ਕੀਤੀ।

ਇਸ ਮੌਕੇ ਜਥੇ. ਫੌਜੀ ਦੀ ਅਗਵਾਈ ਵਿੱਚ ਕਈ ਪਰਵਾਰਾਂ ਨੇ ਬਾਦਲ ਦਲ ਛੱਡ ਕੇ ਅਕਾਲੀ ਦਲ ਅੰਮ੍ਰਿਤਸਰ ਵਿਚ ਸ਼ਾਮਲ ਹੋਣ ਦਾ ਐਲਾਨ ਕੀਤਾ। ਸ਼ਾਮਲ ਹੋਏ ਪਰਵਾਰਾਂ ਵਿੱਚ ਨਵਨੀਤ ਸਿੰਘ ਰਾਏਪੁਰ, ਬੀਬੀ ਨਸੀਬ ਕੌਰ ਮੈਂਬਰ ਪੰਚਾਇਤ, ਬੀਬੀ ਰਾਜਵੰਤ ਕੌਰ ਰਾਏਪੁਰ, ਗੁਰਪ੍ਰੀਤ ਸਿੰਘ ਰਾਏਪੁਰ, ਖੁਸ਼ਵੰਤ ਸਿੰਘ ਰਾਏਪੁਰ, ਦੀਪਕ ਗਿੱਲ ਮੁਨਾਰ, ਹਰੀਸ਼ ਸਿੰਘ ਮੁਨਾਰ, ਸ਼ੁਭਕਰਮਨ ਸਿੰਘ ਮੁਨਾਰ, ਕਰਨ ਮੁਨਾਰ, ਅਭਿਨਵ ਮੁਨਾਰ, ਆਸ਼ੂ ਮੁਨਾਰ, ਸੈਮ ਮੁਨਾਰ, ਸਰਬਜੀਤ ਸਿੰਘ ਥਾਪਰ (ਡਾਲਾ), ਹਰਪ੍ਰੀਤ ਸਿੰਘ ਬੇਗੋਵਾਲ, ਜਤਿੰਦਰ ਪਾਲ ਸਿੰਘ ਬੇਗੋਵਾਲ, ਸੁਖਦੇਵ ਸਿੰਘ ਬੁਲੋਵਾਲ, ਹੇਮੰਤ ਕਾਲੀਆਂ ਇਬਰਾਹੀਮਵਾਲ, ਹਰਜੋਤ ਸਿੰਘ ਇਬਰਾਹੀਮਵਾਲ ਆਦਿ ਸ਼ਾਮਲ ਹੋਏ। ਇਸ ਮੌਕੇ ਜਥੇ ਰਾਜਿੰਦਰ ਸਿੰਘ ਫੌਜੀ ਵੱਲੋਂ ਬੀਬੀ ਨਸੀਬ ਕੌਰ ਨੂੰ ਪਿੰਡ ਰਾਏਪੁਰ ਪੀਰਬਖਸ਼ ਵਾਲਾ ਦੀ ਪ੍ਰਧਾਨ ਨਿਯੁਕਤ ਕੀਤਾ। ਹਰਪ੍ਰੀਤ ਸਿੰਘ ਬੇਗੋਵਾਲ ਨੂੰ ਵਾਰਡ ਨੰਬਰ 2 ਜਵਾਹਰ ਨਗਰ ਦਾ ਪ੍ਰਧਾਨ, ਹੇਮੰਤ ਕਾਲੀਆ ਨੂੰ ਯੂਥ ਮੀਤ ਪ੍ਰਧਾਨ, ਹਰਜੋਤ ਸਿੰਘ ਇਬਰਾਹੀਮਵਾਲ ਨੂੰ ਸਰਕਲ ਯੂਥ ਪ੍ਰਧਾਨ ਨਿਯੁਕਤ ਕੀਤਾ। ਸਾਰੀਆ ਨਿਯੁਕਤੀਆਂ ਨੂੰ ਤਤਕਾਲ ਪ੍ਰਭਾਵ ਨਾਲ ਲਾਗੂ ਕਰ ਦਿੱਤਾ ਗਿਆ।

ਸੇਂਟ ਸੋਲਜਰ ਡਿਵਾਈਨ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਡਿਗਰੀਆਂ ਪ੍ਰਾਪਤ ਕੀਤੀਆਂ

ਜਲੰਧਰ (ਇਕਬਾਲ ਸਿੰਘ ਉੱਭੀ) ਸੇਂਟ ਸੋਲਜਰ ਡਿਵਾਇਨ ਪਬਲਿਕ ਸਕੂਲ ਮਾਸਟਰ ਗੁਰਬੰਤਾ ਸਿੰਘ ਮਾਰਗ ਬਰਾਂਚ ਜਲੰਧਰ ਵਿਖੇ ਸਾਲਾਨਾ ਰਿਜ਼ਲਟ ਕਨਵੋਕੇਸ਼ਨ ਡਿਗਰੀ ਡੇਜ਼ਲਜ਼ ਪ੍ਰੋਗਰਾਮ ਕਰਵਾਇਆ ਗਿਆ। ਜਿਸ ਵਿੱਚ ਪ੍ਰੀ ਨਰਸਰੀ ਤੋਂ ਯੂ.ਕੇ.ਜੀ ਜਮਾਤਾਂ ਦੇ ਵਿਦਿਆਰਥੀਆਂ ਨੂੰ ਨਤੀਜੇ ਦਿੱਤੇ ਗਏ। ਪ੍ਰੋਗਰਾਮ ਦੀ ਸ਼ੁਰੂਆਤ ਸਕੂਲ ਦੀ ਪ੍ਰਿੰਸੀਪਲ ਦਿਵਪ੍ਰੀਤ ਕੌਰ ਨੇ ਸ਼ਮ੍ਹਾ ਰੋਸ਼ਨ ਕਰ ਕੀਤੀ। ਜਿਸ ਵਿੱਚ ਯੂ.ਕੇ.ਜੀ ਕਲਾਸ ਦੇ ਛੋਟੇ ਬੱਚਿਆਂ ਨੂੰ ਡਿਗਰੀਆਂ ਦਿੱਤੀਆਂ ਗਈਆਂ। ਇਸ ਤੋਂ ਇਲਾਵਾ ਬੱਚਿਆਂ ਨੇ ਡਾਂਸ ਰਾਹੀਂ ਮਹਿਮਾਨਾਂ ਅਤੇ ਉਨ੍ਹਾਂ ਦੇ ਮਾਪਿਆਂ ਦਾ ਸਵਾਗਤ ਕੀਤਾ। ਸਕੂਲ ਪ੍ਰਿੰਸੀਪਲ ਵੱਲੋਂ ਵੱਖ-ਵੱਖ ਵਰਗਾਂ ਵਿੱਚ ਬੱਚਿਆਂ ਨੂੰ ਇਨਾਮ ਦਿੱਤੇ ਗਏ। ਜਿਸ ਵਿੱਚ 100% ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਦੇ ਨਾਮ ਹਿਤਾਂਸ਼ੀ, ਜਾਨੀਸ਼ਾ, ਗੀਤ, ਪਰਣੀਤ, ਸਾਰਥਕ ਪਾਂਡੇ ਆਦਿ ਨੂੰ ਇਨਾਮ ਦਿੱਤੇ ਗਏ।ਗਰੁੱਪ ਦੇ ਚੇਅਰਮੈਨ ਅਨਿਲ ਚੋਪੜਾ ਅਤੇ ਸੰਗੀਤਾ ਚੋਪੜਾ ਨੇ ਆਏ ਹੋਏ ਵਿਦਿਆਰਥੀਆਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਦੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਜਥੇਦਾਰ ਰਾਜਿੰਦਰ ਸਿੰਘ ਫੌਜੀ ਨੇ ਸਕੂਲੀ ਬੱਚਿਆਂ ਨੂੰ ਵੰਡੇ ਟਰੈਕ ਸੂਟ

ਫਗਵਾੜਾ (ਡਾ. ਰਮਨ) ਪਿੰਡ ਨੌਰੰਗਸਾਹਪੁਰ ਦੇ ਸਰਪੰਚ ਅਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੋਆਬਾ ਜ਼ੋਨ ਦੇ ਇੰਚਾਰਜ ਨਿਯੱਤਕ ਜਰਨੈਲ ਜੱਥੇਦਾਰ ਰਜਿੰਦਰ ਸਿੰਘ ਫੌਜੀ ਵੱਲੋਂ ਆਪਣੇ ਬੱਚਿਆਂ ਦੀ ਕਿਰਤ ਕਮਾਈ ਵਿਚੋਂ ਦਸਵੰਧ ਕੱਢਦੇ ਹੋਏ ਸਰਕਾਰੀ ਐਲੀਮੈਂਟਰੀ ਸਕੂਲ ਪਿੰਡ ਨੌਰੰਗਸਾਹਪੁਰ ਦੇ ਸਕੂਲੀ ਵਿਦਿਆਰਥੀਆਂ ਨੂੰ ਟ੍ਰੈਕ ਸੂਟ ਵੰਡੇ ਗਏ। ਜਥੇਦਾਰ ਰਾਜਿੰਦਰ ਸਿੰਘ ਫੌਜੀ ਨੇ ਦੱ

19-MAR-PAGE-9.qxd 3/18/2024 10:51 PM Page 1

ਲਾਇਨਜ਼ ਕਲੱਬ ਸਰਵਿਸ ਨੇ ਲੋੜਵੰਦ ਪਰਵਾਰਾਂ ਨੂੰ ਕੀਤੀ ਰਾਸ਼ਨ ਦੀ ਵੰਡ

ਫਗਵਾੜਾ (ਡਾ. ਰਮਨ)- ਇਲੈਵਨ ਸਟਾਰ ਸਪੈਸ਼ਲ ਸਟੇਟਸ ਲਾਇਨਜ਼ ਕਲੱਬ ਫਗਵਾੜਾ ਸਰਵਿਸ ਦੀ ਨੌਵੀਂ ਜਨਰਲ ਬਾਡੀ ਮੀਟਿੰਗ ਦਾ ਆਯੋਜਨ ਕਲੱਬ ਦੇ ਪ੍ਰਧਾਨ ਲਾਇਨ ਵਿਪਨ ਹਾਂਡਾ ਦੀ ਅਗਵਾਈ ਹੇਠ ਹੋਇਆ। ਇਸ ਦੌਰਾਨ ਮਹੀਨਾਵਾਰ ਪ੍ਰੋਜੈਕਟ ਤਹਿਤ 11 ਲੋੜਵੰਦ ਪਰਵਾਰਾਂ ਨੂੰ ਇੱਕ ਮਹੀਨੇ ਦਾ ਰਾਸ਼ਨ ਭੇਟ ਕੀਤਾ ਗਿਆ। ਲਾਇਨ ਵਿਪਨ ਹਾਂਡਾ ਨੇ ਦੱਸਿਆ ਕਿ ਉਨ੍ਹਾਂ ਦੀ ਸੰਸਥਾ ਮਨੁੱਖਤਾ ਦੀ ਸੇਵਾ ਨੂੰ ਪਰਮਾਤਮਾ ਦੀ ਸੱਚੀ ਇਬਾਦਤ ਮੰਨਦੀ ਹੈ। ਇਸੇ ਸੋਚ ਨੂੰ ਮੁੱਖ ਰੱਖਦਿਆਂ ਹਰ ਮਹੀਨੇ ਲੋੜਵੰਦ ਪਰਵਾਰਾਂ ਨੂੰ ਰਾਸ਼ਨ ਭੇਟ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਹਰੇਕ ਯੋਗ ਵਿਅਕਤੀ ਜਾਂ ਸੰਸਥਾ ਨੂੰ ਹਮੇਸ਼ਾ ਧਿਆਨ ਰੱਖਣਾ ਚਾਹੀਦਾ ਹੈ ਕਿ ਆਸ-ਪਾਸ ਕੋਈ ਵੀ ਵਿਅਕਤੀ ਭੁੱਖਾ ਸੌਣ ਲਈ ਮਜਬੂਰ ਨਾ ਹੋਵੇ ਜਾਂ ਕਿਸੇ ਪ੍ਰੇਸ਼ਾਨੀ ਤੋਂ ਪੀੜਤ ਹੋਵੇ ਤਾਂ ਉਸ ਲੋੜਵੰਦ ਦੀ ਮਦਦ ਲਈ ਹਰ ਸੰਭਵ ਯਤਨ ਕੀਤਾ ਜਾਵੇ। ਉਨ੍ਹਾਂ ਦੱਸਿਆ ਕਿ ਇਸ ਪ੍ਰੋਜੈਕਟ ਦੇ ਚੇਅਰਮੈਨ ਲਾਇਨ ਕਪਿਲ ਧਮੀਜਾ ਸਨ। ਜਨਰਲ ਬਾਡੀ ਮੀਟਿੰਗ ਦੌਰਾਨ ਹਾਜ਼ਰ ਸਮੂਹ ਮੈਂਬਰਾਂ ਨੇ ਆਪਣੇ ਮਰਹੂਮ ਸਾਥੀ ਲਾਇਨ ਸੁਰਿੰਦਰ ਮਿੱਤਲ ਦੀ ਆਤਮਿਕ ਸ਼ਾਂਤੀ ਲਈ ਦੋ ਮਿੰਟ ਦਾ ਮੌਨ ਰੱਖਿਆ। ਇਸ ਤੋਂ ਬਾਅਦ ਕਲੱਬ ਸੰਭਾਵੀ ਪ੍ਰੋਜੈਕਟਾਂ ਬਾਰੇ ਚਰਚਾ ਕੀਤੀ ਗਈ। ਇਸ ਮੌਕੇ ਲਾਇਨ ਅਜੈ ਭਗਤ, ਸੁਨੀਲ ਬੇਦੀ, ਲਲਿਤ ਧਵਨ, ਅੰਮ੍ਰਿਤਪਾਲ ਸਿੰਘ ਸੈਂਹਬੀ, ਵਿਜੇ ਸ਼ਰਮਾ ਐਡਵੋਕੇਟ, ਇੰਦਰਜੀਤ ਪਨੇਸਰ, ਰਾਜੀਵ ਮਹਿਰਾ, ਅਜੇ ਹਾਂਡਾ, ਵਰਿੰਦਰ ਗੁਪਤਾ, ਰਿਸ਼ੀ ਹਾਂਡਾ, ਅਸ਼ੋਕ ਠਾਕੁਰ, ਸ਼ਿਵ ਠਾਕੁਰ, ਆਕਾਸ਼ ਧੀਰ, ਰਾਕੇਸ਼ ਅਰੋੜਾ, ਰੋਮੀ ਤੁਲੀ, ਸੰਦੀਪ ਗਰੋਵਰ ਆਦਿ ਹਾਜ਼ਰ ਸਨ।

ਮਾਨ ਸਰਕਾਰ ਵੱਲੋਂ ਗਰੀਬਾਂ, ਮਜ਼ਦੂਰਾਂ ਨਾਲ ਕੀਤੇ ਜਾ ਰਹੇ ਵਿਤਕਰੇ ਦੀ ਨਿੰਦਾ

ਜਲੰਧਰ (ਰਾਜੇਸ਼ ਬਾਪਾ)-ਅੱਜ ਏਥੇ ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਪ੍ਰਧਾਨ ਦਰਸ਼ਨ ਨਾਹਰ, ਜਨਰਲ ਸਕੱਤਰ ਗੁਰਨਾਮ ਸਿੰਘ ਦਾਊਦ ਅਤੇ ਪ੍ਰੈਸ ਸਕੱਤਰ ਬਲਦੇਵ ਸਿੰਘ ਨੂਰਪੁਰੀ ਨੇ ਸਾਂਝੇ ਬਿਆਨ ਰਾਹੀਂ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਗਰੀਬਾਂ, ਮਜ਼ਦੂਰਾਂ ਨਾਲ ਕੀਤੇ ਜਾ ਰਹੇ ਘੋਰ ਵਿਤਕਰੇ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਿਹਾ ਮੁੱਖ ਮੰਤਰੀ ਦੀ ਮਾਨਸਿਕਤਾ ਮਜ਼ਦੂਰ ਵਿਰੋਧੀ ਹੈ। ਜਦੋਂ ਕਿ ਸੂਬੇ ਦੇ ਸਾਰੇ ਪੈਨਸ਼ਨਰਾਂ ਨੂੰ ਹਰ ਮਹੀਨੇ 1-2 ਤਾਰੀਖ ਨੂੰ ਪੈਨਸ਼ਨ ਉਨ੍ਹਾਂ ਦੇ ਖਾਤੇ ਵਿੱਚ ਪਾ ਦਿੱਤੀ ਜਾਂਦੀ ਹੈ ਪਰ ਬੁਢਾਪਾ, ਵਿਧਵਾ ਪੈਨਸ਼ਨ ਲੈਣ ਵਾਲੇ ਮਜ਼ਦੂਰਾਂ ਲਈ ਕੋਈ ਸਮਾਂਬੱਧ ਤਾਰੀਖ ਨਹੀਂ । ਉਪਰੋਕਤ ਆਗੂਆਂ ਨੇ ਕਿਹਾ ਕਿ ਫਰਵਰੀ 2024 ਦੀ ਪੈਨਸ਼ਨ ਅੱਜ ਤੱਕ ਜਾਰੀ ਨਹੀਂ ਕੀਤੀ ਗਈ। ਇਹ ਮਜ਼ਦੂਰਾਂ ਨਾਲ ਬੇਇਨਸਾਫੀ ਹੈ । ਉਨ੍ਹਾਂ ਕਿਹਾ ਕਿ ਇਹ ਪੈਨਸ਼ਨਰ ਪੰਜਾਬ ਸਰਕਾਰ ਤੋਂ ਕੋਈ ਭੀਖ ਨਹੀਂ ਮੰਗ ਰਹੇ, ਇਹ ਉਨ੍ਹਾਂ ਦਾ ਸਮਾਜਿਕ ਸੁਰੱਖਿਆ ਐਕਟ ਰਾਹੀਂ ਕਾਨੂੰਨੀ ਹੱਕ ਹੈ। ਇਸ ਲਈ ਉਨ੍ਹਾਂ ਦੀ ਪੈਨਸ਼ਨ ਫੌਰੀ ਤੌਰ ਰਿਲੀਜ਼ ਕੀਤੀ ਜਾਵੇ। ਮਜ਼ਦੂਰ ਆਗੂਆਂ ਕਿਹਾ ਕਿ ਭਗਵੰਤ ਮਾਨ ਸਰਕਾਰ ਵਲੋਂ ਪਿੰਡਾਂ ਦੇ ਗਰੀਬ ਮਜ਼ਦੂਰਾਂ ਨਾਲ ਕੀਤੀਆਂ ਗਰੰਟੀਆਂ ਵਿਚ ਬੁਢਾਪਾ, ਵਿਧਵਾ ਪੈਨਸ਼ਨ ਪੰਜ ਹਜ਼ਾਰ ਰੁਪਏ ਪ੍ਰਤੀ ਮਹੀਨਾ ਕੀਤੀ ਜਾਵੇ ਅਤੇ ਉਮਰ ਦੀ ਹੱਦ ਮਰਦਾਂ ਲਈ 58 ਸਾਲ ਅਤੇ ਔਰਤਾਂ ਲਈ 55 ਸਾਲ ਕੀਤੀ ਜਾਵੇ ਅਤੇ ਅੱਗੇ ਤੋਂ ਪੈਨਸਨ ਨੂੰ ਸਮੇਂ ਸਿਰ ਭੇਜਿਆ ਜਾਵੇ।

ਸਮੂਹ ਸਿਆਸੀ ਪਾਰਟੀਆਂ ਆਦਰਸ਼ ਚੋਣ ਜ਼ਾਬਤੇ ਦੇ ਨਿਯਮਾਂ ਦੀ ਇਨ-ਬਿਨ ਪਾਲਣਾ ਯਕੀਨੀ ਬਣਾਉਣ : ਕੋਮਲ ਮਿੱਤਲ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਭਾਰਤੀ ਚੋਣ ਕਮਿਸ਼ਨ ਵੱਲੋਂ ਲੋਕ ਸਭਾ ਚੋਣਾਂ-2024 ਦਾ ਐਲਾਨ ਕਰ ਦਿੱਤਾ ਗਿਆ ਹੈ ਅਤੇ ਇਸ ਦੇ ਤੁਰੰਤ ਪ੍ਰਭਾਵ ਨਾਲ ਚੋਣ ਜ਼ਾਬਤਾ ਲਾਗੂ ਹੋ ਗਿਆ ਹੈ। ਇਸ ਲਈ ਸਮੂਹ ਰਾਜਨੀਤਕ ਪਾਰਟੀਆਂ ਆਦਰਸ਼ ਚੋਣ ਜ਼ਾਬਤੇ ਦੇ ਨਿਯਮਾਂ ਦੀ ਇੰਨ-ਬਿੰਨ ਪਾਲਣਾ ਕਰਨ ਨੂੰ ਯਕੀਨੀ ਬਣਾਉਣ। ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਕੋਮਲ ਮਿੱਤਲ ਨੇ ਸਮੂਹ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਬੁਲਾਈ ਮੀਟਿੰਗ ਦੌਰਾਨ ਕੀਤਾ।

ਚੋਣ ਜ਼ਾਬਤੇ ਦੀਆਂ ਹਦਾਇਤਾਂ ਪ੍ਰਤੀ ਸਬੰਧਤ ਧਿਰਾਂ ਨੂੰ ਜਾਣੂ ਕਰਾਉਣ ਲਈ ਬੁਲਾਈ ਇਸ ਮੀਟਿੰਗ ਮੌਕੇ ਉਨ੍ਹਾਂ ਨਾਲ ਵਧੀਕ ਡਿਪਟੀ ਕਮਿਸ਼ਨਰ ਰਾਹੁਲ ਚਾਬਾ, ਸਹਾਇਕ ਕਮਿਸ਼ਨਰ ਦਿਵਿਆ ਪੀ, ਐਸ.ਪੀ ਮਨੋਜ ਠਾਕੁਰ, ਤਹਿਸੀਲਦਾਰ ਚੋਣਾਂ ਸਰਬਜੀਤ ਸਿੰਘ, ਚੋਣ ਕਾਨੂੰਗੋ ਦੀਪਕ ਕੁਮਾਰ, ਹਰਪ੍ਰੀਤ ਕੌਰ, ਮੇਘਾ ਮਹਿਤਾ ਤੇ ਲਖਵੀਰ ਸਿੰਘ ਵੀ ਹਾਜ਼ਰ ਸਨ। ਉਨ੍ਹਾਂ ਅਪੀਲ ਕੀਤੀ ਕਿ ਆਪਣੇ ਪ੍ਰਚਾਰ ਦੌਰਾਨ ਹਰ ਹੀਲੇ ਹਦਾਇਤਾਂ ਦੀ ਪਾਲਣਾ ਨੂੰ ਯਕੀਨੀ ਬਣਾਇਆ ਜਾਵੇ ਅਤੇ ਕਿਸੇ ਵੀ ਸਮਾਜ, ਜਾਤੀ ਅਤੇ ਧਾਰਮਿਕ ਭਾਵਨਾ ਨੂੰ ਠੇਸ ਨਾ ਪਹੁੰਚੇ। ਉਨ੍ਹਾਂ ਸਪੱਸ਼ਟ ਕੀਤਾ ਕਿ ਚੋਣ ਪ੍ਰਚਾਰ ਲਈ ਧਾਰਮਿਕ ਸਥਾਨਾਂ ਦੀ ਵਰਤੋਂ ਨਹੀਂ ਕੀਤੀ ਜਾ ਸਕਦੀ। ਪਿੰਡਾਂ ਵਿਚ ਸਮਾਜਿਕ ਇਕੱਠਾਂ ਦੇ ਨਾਂ ਉੱਤੇ ਚੋਣ ਪ੍ਰਚਾਰ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਚੋਣਾਂ ਨਾਲ ਸਬੰਧਤ ਕੋਈ ਵੀ ਗਤੀਵਿਧੀ ਕਰਨ ਲਈ ਸਬੰਧਤ ਰਿਟਰਨਿੰਗ ਅਧਿਕਾਰੀ ਤੋਂ ਪ੍ਰਵਾਨਗੀ ਲੈਣੀ ਲਾਜ਼ਮੀ ਹੈ । ਇਸ ਮੌਕੇ ਆਲ ਇੰਡੀਅਨ ਨੈਸ਼ਨਲ ਕਾਂਗਰਸ ਤੋਂ ਰਜਨੀਸ਼ ਟੰਡਨ, ਆਮ ਆਦਮੀ ਪਾਰਟੀ ਤੋਂ ਜਸਪਾਲ ਸਿੰਘ, ਸ਼੍ਰੋਮਣੀ ਅਕਾਲੀ ਦਲ ਵੱਲੋਂ ਜਗਤਾਰ ਸਿੰਘ ਅਤੇ ਭਾਰਤੀ ਜਨਤਾ ਪਾਰਟੀ ਵੱਲੋਂ ਭੂਸ਼ਣ ਕੁਮਾਰ ਸ਼ਰਮਾ ਮੌਜੂਦ ਸਨ।

ਮਿਡ ਡੇ ਮੀਲ ਵਰਕਰਜ਼ ਯੂਨੀਅਨ ਨੇ ਟਾਹਲੀ ਪ੍ਰਧਾਨ ਤੇ ਪਾਸਲਾ ਜਨਰਲ ਸਕੱਤਰ ਚੁਣੇ

ਗੁਰਾਇਆ (ਬਿੰਦਰ ਸੁਮਨ) ਪੰਜਾਬ ਦੇ ਵੱਖ ਵੱਖ ਸਕੂਲਾਂ ਵਿੱਚ ਨਿਗੂਣੇ ਜਿਹੇ ਮਾਣ ਭੱਤੇ 'ਤੇ ਕੰਮ ਕਰਦੀਆਂ ਮਿੱਡ ਡੇ ਮੀਲ ਵਰਕਰਾਂ ਦੀ ਸਿਰਮੌਰ ਜਥੇਬੰਦੀ ਮਿੱਡ ਡੇ ਮੀਲ ਵਰਕਰਜ ਯੂਨੀਅਨ ਜ਼ਿਲ੍ਹਾ ਜਲੰਧਰ ਦੀ ਜਥੇਬੰਦਕ ਕਨਵੈਨਸ਼ਨ ਬੰਡਾਲਾ ਮੰਜਕੀ ਮੰਜਕੀ ਵਿਖੇ ਜਸਵਿੰਦਰ ਕੌਰ ਟਾਹਲੀ, ਸਿਮਰਨਜੀਤ ਕੌਰ ਪਾਸਲਾ, ਕਸ਼ਮੀਰ ਕੌਰ ਢੇਸੀ, ਪ੍ਰਦੀਪ ਕੌਰ ਬੋਪਾਰਾਏ, ਅਮਰਜੀਤ ਕੌਰ ਨਗਰ ਅਤੇ ਕੁਲਦੀਪ ਵਾਲੀਆ ਬਿਲਗਾ ਤੇ ਆਧਾਰਿਤ ਪ੍ਰਧਾਨਗੀ ਮੰਡਲ ਦੀ ਅਗਵਾਈ ਹੇਠ ਆਯੋਜਿਤ ਕੀਤੀ ਗਈ। ਕਨਵੈਨਸ਼ਨ ਦਾ ਉਦਘਾਟਨ ਕਰਦਿਆਂ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਨੇ ਕਿਹਾ ਕਿ ਕੇਂਦਰ ਅਤੇ ਰਾਜ ਸਰਕਾਰਾਂ ਵਿਸ਼ਵ ਬੈਂਕ, ਅਤੇ ਸਰਮਾਏਦਾਰਾਂ ਦੇ ਦਬਾਅ ਹੇਠ ਜਨਤਕ ਅਦਾਰਿਆਂ ਨੂੰ ਖਤਮ ਕਰੀ ਜਾ ਰਹੀਆਂ ਹਨ। ਸਰਕਾਰੀ ਮਹਿਕਮਿਆਂ ਅੰਦਰ ਰੈਗੂਲਰ ਅਤੇ ਪੂਰੇ ਸਕੇਲਾਂ ਤੇ ਮੁਲਾਜ਼ਮਾਂ ਦੀ ਭਰਤੀ ਕਰਨ ਦੀ ਬਜਾਏ ਠੇਕੇ ਅਤੇ ਨਿਗੂਣੇ ਜਿਹੇ ਮਾਣ ਭੱਤਿਆਂ ਤੇ ਭਰਤੀ ਕਰਕੇ ਇਹਨਾਂ ਮੁਲਾਜ਼ਮਾਂ ਦਾ ਆਰਥਿਕ ਅਤੇ ਸਮਾਜਿਕ ਸੋਸ਼ਣ ਕੀਤਾ ਜਾ ਰਿਹਾ ਹੈ। ਉਹਨਾਂ ਮਿੱਡ ਡੇ ਮੀਲ ਵਰਕਰਾਂ ਨੂੰ ਆਪਣੀ ਮੰਗਾਂ ਦੀ ਪ੍ਰਾਪਤੀ ਲਈ ਲਗਾਤਾਰ ਸੰਘਰਸ਼ ਕਰਨ ਲਈ ਪ੍ਰੇਰਿਆ। ਕਨਵੈਨਸ਼ਨ ਵਿੱਚ ਮਿੱਡ ਡੇ ਮੀਲ ਵਰਕਰਾਂ ਨੂੰ ਪੱਕਾ ਕਰਨ ਅਤੇ ਦੂਸਰੇ ਮਹਿਕਮਿਆਂ ਵਿੱਚ ਕੰਮ ਕਰਦੀਆਂ ਹੋਰਨਾਂ ਇਸਤਰੀ ਮੁਲਾਜ਼ਮਾਂ ਵਾਂਗ ਹਲ ਪ੍ਰਕਾਰ ਦੀਆਂ ਛੁੱਟੀਆਂ ਦੇਣ ਸਮੇਤ ਇਹਨਾਂ ਦੇ ਹੱਕ ਵਿੱਚ ਮਤੇ ਪਾਸ ਕੀਤੇ। ਪਿਛਲੀ ਟਰਮ ਦੌਰਾਨ ਕੀਤੇ ਗਏ ਕੰਮਾਂ ਦੀ ਰਿਪੋਰਟ ਸਿਮਰਨਜੀਤ ਕੌਰ ਪਾਸਲਾ ਨੇ ਪੇਸ਼ ਕੀਤੀ। ਜਿਸ 'ਤੇ 12 ਮਿੱਡ ਡੇ ਮੀਲ ਵਰਕਰਾਂ ਨੇ ਆਪਣੇ ਆਪਣੇ ਵਿਚਾਰ ਪੇਸ਼ ਕੀਤੇ। ਨਵੀਂ ਮਿੱਡ ਡੇ ਮੀਲ ਵਰਕਰਜ ਯੂਨੀਅਨ ਜ਼ਿਲ੍ਹਾ ਜਲੰਧਰ ਦਾ ਪੈਨਲ ਪ ਸ ਸ ਫ ਦੇ ਜ਼ਿਲ੍ਹਾ ਜਲੰਧਰ ਦੇ ਕੈਸ਼ੀਅਰ ਅਕਲ ਚੰਦ ਸਿੰਘ ਨੇ ਪੇਸ਼ ਕੀਤਾ।

ਜਿਸ ਅਨੁਸਾਰ ਪ੍ਰਧਾਨ ਜਸਵਿੰਦਰ ਕੌਰ ਟਾਹਲੀ, ਸੀਨੀਅਰ ਮੀਤ ਪ੍ਰਧਾਨ ਕੁਲਵਿੰਦਰ ਕੌਰ ਰੁੜਕਾ, ਕਰਮਜੀਤ ਕੌਰ ਬਘੇਲਾ ਜਸਵੀਰ ਕੌਰ ਬੰਡਾਲਾ ਮੀਤ ਪ੍ਰਧਾਨ ਪ੍ਰਦੀਪ ਕੌਰ ਬੋਪਾਰਾਏ ਚਰਨਜੀਤ ਕੌਰ ਮਾਹਲ, ਵਿਦਿਆ ਬਿਲਗਾ, ਦਾਇਆ ਰਾਣੀ ਆਦਮਪੁਰ, ਸਵੀਟੀ ਤੱਖਰ, ਰਾਣੀ ਤੱਗੜ, ਜਨਰਲ ਸਕੱਤਰ ਸਿਮਰਨਜੀਤ ਕੌਰ ਪਾਸਲਾ, ਜੁਆਇੰਟ ਸਕੱਤਰ ਸੁਖਵਿੰਦਰ ਕੌਰ ਸਰਹਾਲ ਮੁੰਡੀ, ਕੈਸ਼ੀਅਰ ਕਸ਼ਮੀਰ ਕੌਰ ਢੇਸੀ, ਸਹਾਇਕ ਕੈਸ਼ੀਅਰ ਕਮਲਜੀਤ ਕੌਰ ਫਿਲੌਰ, ਪ੍ਰੈਸ ਸਕੱਤਰ ਅਮਰਜੀਤ ਕੌਰ ਨਗਰ, ਸਹਾਇਕ ਪ੍ਰੈਸ ਸਕੱਤਰ ਸੁਰਿੰਦਰ ਕੌਰ ਆਦਮਪੁਰ ,ਸ਼ਸ਼ੀ ਬਾਲਾ ਭੋਗਪੁਰ. ਸਹਾਇਕ ਸਕੱਤਰਕੁਲਜੀਤ ਕੌਰ ਢੇਸੀਆ ਕਾਹਨਾਂ, ਕਮਲਜੀਤ ਕੌਰ ਸਮਰਾਏ,ਦਵਿੰਦਰ ਕੌਰ ਜੰਡਿਆਲਾ,ਜਸਵਿੰਦਰ ਕੌਰ ਘੁੜਕਾ,ਸੁਰਿੰਦਰ ਕੌਰ ਮਿੱਠੜਾ, ਮੁੱਖ ਸਲਾਹਕਾਰ ਕੁਲਦੀਪ ਵਾਲੀਆ ਬਿਲਗਾ, ਅਕਲ ਚੰਦ ਸਿੰਘ ਚੁਣੇ ਗਏ।

ਲੋਕ ਸਭਾ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਨੂੰ ਝਟਕਾ

ਫਗਵਾੜਾ (ਡਾ. ਰਮਨ)- ਲੋਕ ਸਭਾ ਚੋਣਾਂ ਦਾ ਐਲਾਨ ਹੋਣ ਦੇ ਨਾਲ ਹੀ ਭਾਜਪਾ ਨੇ ਫਗਵਾੜਾ 'ਚ ਆਮ ਆਦਮੀ ਪਾਰਟੀ ਨੂੰ ਪਹਿਲਾ ਝਟਕਾ ਦਿੱਤਾ, ਜਦੋਂ ਆਪ ਦੇ ਸਾਬਕਾ ਬਲਾਕ ਸ਼ਹਿਰੀ ਪ੍ਰਧਾਨ ਵਿਸ਼ਾਲ ਵਾਲੀਆ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਦੀ ਹਾਜ਼ਰੀ 'ਚ ਭਾਜਪਾ ਵਿਚ ਸ਼ਾਮਲ ਹੋ ਗਏ। ਵਿਸ਼ਾਲ ਵਾਲੀਆ ਨੇ ਕਿਹਾ ਕਿ ਉਹ ਕੇਂਦਰ ਦੀ ਮੋਦੀ ਸਰਕਾਰ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਭਾਜਪਾ ਵਿਚ ਸ਼ਾਮਲ ਹੋ ਰਹੇ ਹਨ। ਉਨ੍ਹਾਂ ਮੰਤਰੀ ਸੋਮ ਪ੍ਰਕਾਸ਼ ਅਤੇ ਭਾਜਪਾ ਆਗੂਆਂ ਨੂੰ ਭਰੋਸਾ ਦਿੱਤਾ ਕਿ ਪਾਰਟੀ ਦੀ ਮਜ਼ਬੂਤੀ ਲਈ ਸਖ਼ਤ ਮਿਹਨਤ ਕਰਨਗੇ। ਪਾਰਟੀ ਵਲੋਂ ਲੋਕ ਸਭਾ ਚੋਣਾਂ ਵਿਚ ਜੋ ਵੀ ਜ਼ਿੰਮੇਵਾਰੀ ਦਿੱਤੀ ਜਾਵੇਗੀ, ਉਸ ਨੂੰ ਪੂਰੀ ਤਨਦੇਹੀ ਨਾਲ ਨਿਭਾਉਂਦੇ ਹੋਏ ਭਾਜਪਾ ਉਮੀਦਵਾਰਾਂ ਦੀ ਜਿੱਤ ਨੂੰ ਯਕੀਨੀ ਬਨਾਉਣਗੇ। ਉਨ੍ਹਾਂ ਮੋਦੀ ਸਰਕਾਰ ਦੀਆਂ 10 ਸਾਲ ਦੀਆਂ ਪ੍ਰਾਪਤੀਆਂ ਅਤੇ ਭਾਜਪਾ ਦੀਆਂ ਨੀਤੀਆਂ ਘਰ-ਘਰ ਪਹੁੰਚਾਉਣ ਅਤੇ ਵੱਧ ਤੋਂ ਵੱਧ ਲੋਕਾਂ ਨੂੰ ਭਾਜਪਾ ਨਾਲ ਜੋੜਨ ਦਾ ਭਰੋਸਾ ਵੀ ਦਿੱਤਾ। ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਨੇ ਭਾਜਪਾ ਦੇ ਚੋਣ ਨਿਸ਼ਾਨ ਕਮਲ ਦੇ ਫੁੱਲ ਵਾਲਾ ਪਰਨਾ ਗਲ 'ਚ ਪਹਿਨਾ ਕੇ ਵਿਸ਼ਾਲ ਵਾਲੀਆ ਦਾ ਸਵਾਗਤ ਕੀਤਾ ਅਤੇ ਕਿਹਾ ਕਿ ਨੌਜਵਾਨ ਹੀ ਭਾਜਪਾ ਦੀ ਅਸਲ ਤਾਕਤ ਹਨ ਅਤੇ ਉਨ੍ਹਾਂ ਨੂੰ ਵੀ ਪਾਰਟੀ ਵਿਚ ਪੂਰਾ ਮਾਣ ਸਤਿਕਾਰ ਦਿੱਤਾ ਜਾਵੇਗਾ। ਵਿਸ਼ਾਲ ਵਾਲੀਆ ਨੂੰ ਪਾਰਟੀ ਵਿਚ ਸ਼ਾਮਲ ਕਰਨ ਸਮੇਂ ਅਨੀਤਾ ਸੋਮ ਪ੍ਰਕਾਸ਼, ਸਾਬਕਾ ਮੇਅਰ ਅਰੁਣ ਖੋਸਲਾ, ਨਿਤਿਨ ਚੱਢਾ ਅਤੇ ਮਹਿਲਾ ਮੋਰਚਾ ਆਗੂ ਅੰਜੂ ਖੁਰਾਣਾ ਵੀ ਮੌਜੂਦ ਰਹੇ।

ਸੁਸ਼ੀਲ ਕੁਮਾਰ ਰਿੰਕੂ ਹੋਏ ਗੁਰੂ ਘਰ ਨਤਮਸਤਕ

ਜਲੰਧਰ (ਸ਼ੈਲੀ ਐਲਬਰਟ)- ਆਮ ਆਦਮੀ ਪਾਰਟੀ ਵਲੋਂ ਟਿਕਟ ਘੋਸ਼ਤ ਹੋਏ ਲੋਕ ਸਭਾ ਉਮੀਦਵਾਰ ਸੁਸ਼ੀਲ ਕੁਮਾਰ ਰਿੰਕੂ ਗੁਰੂ ਘਰ ਨਤਮਸਤਕ ਹੋਏ। ਟਿਕਟ ਮਿਲਣ 'ਤੇ ਰਿੰਕੂ ਵਲੋਂ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਸੀ ਐੱਮ ਭਗਵੰਤ ਮਾਨ, ਸੰਦੀਪ ਪਾਠਕ ਰਾਜ ਸਭਾ ਮੈਂਬਰ ਦਾ ਧੰਨਵਾਦ ਕੀਤਾ। ਉਨ੍ਹਾ ਕਿਹਾ ਕਿ ਮੈਂ ਜਿੱਤ ਕੇ ਸੀਟ ਪਾਰਟੀ ਦੀ ਝੋਲੀ ਪਾਵਾਂਗਾ। ਇਸ ਮੌਕੇ ਵਰਕਰਾਂ ਵਲੋਂ ਉਨ੍ਹਾ ਦਾ ਸੁਆਗਤ ਫੁੱਲਮਾਲਾ ਭੇਟ ਕਰਕੇ ਕੀਤਾ ਗਿਆ। ਗੁਰੂ ਘਰ ਵਿੱਚ ਮੱਥਾ ਟੇਕਣ ਤੋਂ ਬਾਅਦ ਉਨ੍ਹਾ ਕਿਹਾ ਕਿ ਆਮ ਆਦਮੀ ਪਾਰਟੀ ਦੇ ਕੰਮਾਂ ਨੂੰ ਲੋਕ ਪਸੰਦ ਕਰ ਰਹੇ ਨੇ ਜਿਸ ਦਾ ਫਾਇਦਾ ਲੋਕ ਸਭਾ ਚੋਣਾਂ ਦੌਰਾਨ ਮਿਲੇਗਾ ।

ਉਨ੍ਹਾ ਕਿਹਾ ਕਿ ਜਲੰਧਰ ਲੋਕ ਸਭਾ ਦੀ ਜਿੱਤ ਪਹਿਲਾਂ ਨਾਲੋਂ ਵੀ ਵੱਡੇ ਫਾਸਲੇ ਨਾਲ ਹੋਵੇਗੀ। ਇਸ ਮੌਕੇ ਲੋਕਲ ਮੰਤਰੀ ਬਲਕਾਰ ਸਿੰਘ, ਐਮ ਐਲ ਏ ਸ਼ੀਤਲ ਅੰਗੁਰਾਲ ਜਲੰਧਰ ਵੈਸਟ, ਰਮਨ ਅਰੋੜਾ ਐੱਮ ਐਲ ਏ ਜਲੰਧਰ ਸੈਂਟਰਲ, ਹਲਕਾ ਲੋਕ ਸਭਾ ਇੰਚਾਰਜ ਅਸ਼ਵਨੀ ਅਗਰਵਾਲ, ਰਾਜਵਿੰਦਰ ਕੌਰ ਸੂਬਾ ਸਕੱਤਰ, ਮੰਗਲ ਸਿੰਘ ਬੱਸੀ ਚੇਅਰਮੈਨ ਪੰਜਾਬ ਏਗਰੋ, ਜ਼ਿਲ੍ਹਾ ਪ੍ਰਧਾਨ ਜਲੰਧਰ ਸਹਿਰੀ ਅੰਮ੍ਰਿਤ ਪਾਲ ਸਿੰਘ, ਜ਼ਿਲ੍ਹਾ ਪ੍ਰਧਾਨ ਜਲੰਧਰ ਦਿਹਾਤੀ ਸਟੀਵਨ ਕਲੇਰ, ਲੱਕੀ ਰੰਧਾਵਾ ਸੂਬਾ ਵਾਈਸ ਪ੍ਰਧਾਨ ਯੂਥ ਵਿੰਗ, ਮੁਹਿੰਦਰ ਭਗਤ, ਸੁਰਿੰਦਰ ਸਿੰਘ ਸੋਢੀ ਹਲਕਾ ਇੰਚਾਰਜ ਜਲੰਧਰ ਕੇਂਟ, ਦਿਨੇਸ਼ ਢੱਲ ਹਲਕਾ ਇੰਚਾਰਜ ਜਲੰਧਰ ਨੌਰਥ, ਗੁਰਿੰਦਰ ਸਿੰਘ ਗਿੰਦਾ ਜ਼ਿਲ੍ਹਾ ਸਕੱਤਰ ਜਲੰਧਰ ਸ਼ਹਿਰੀ, ਆਤਮ ਪ੍ਰਕਾਸ਼ ਸਿੰਘ ਬੱਬਲੂ ਸੂਬਾ ਜੁਆਇੰਟ ਸਕੱਤਰ, ਹਰਚਰਨ ਸਿੰਘ ਸੰਧੂ ਸੂਬਾ ਜੁਆਇੰਟ ਸਕੱਤਰ, ਇੰਦਰਵੰਸ਼ ਚੱਢਾ ਜ਼ਿਲ੍ਹਾ ਜਲੰਧਰ

19-MAR-PAGE-10.qxd 3/18/2024 10:43 PM Page 1

ਇਸਤਰੀ ਅਕਾਲੀ ਦਲ ਵੱਲੋਂ ਸਰਕਾਰ ਵਿਰੁੱਧ ਵਿਸ਼ਾਲ ਰੋਸ ਪ੍ਰਦਰਸ਼ਨ

■ ਔਰਤਾਂ ਨੇ 'ਆਪ' ਦੇ ਝੂਠੇ ਲਾਰਿਆਂ ਦੀ ਠੀਕਰੀ ਵਾਲਾ ਚੌਕ 'ਚ ਫੂਕੀ ਪੰਡ

ਮਾਨਸਾ (ਆਤਮਾ ਸਿੰਘ ਪਮਾਰ)-ਸ਼੍ਰੋਮਣੀ ਅਕਾਲੀ ਦਲ ਇਸਤਰੀ ਵਿੰਗ ਵੱਲੋਂ ਕੌਮੀ ਪ੍ਰਧਾਨ ਹਰਗੋਬਿੰਦ ਕੌਰ ਦੀ ਅਗਵਾਈ ਹੇਠ ਮਾਨਸਾ ਵਿਖੇ ਪੰਜਾਬ ਸਰਕਾਰ ਖਿਲਾਫ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਗਿਆ, ਜਿਸ ਦੌਰਾਨ ਵੱਡੀ ਗਿਣਤੀ ਵਿੱਚ ਔਰਤਾਂ ਨੇ ਸ਼ਮੂਲੀਅਤ ਕੀਤੀ। ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਹਰਗੋਬਿੰਦ ਕੌਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਝੂਠੇ ਲਾਰਿਆਂ ਵਾਲੀ ਪਾਰਟੀ ਹੈ ਤੇ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਤੋਂ ਪੂਰੀ ਤਰ੍ਹਾਂ ਭੱਜ ਚੁੱਕੀ ਹੈ, ਜਿਸ ਕਰਕੇ ਲੋਕ ਆਪਣੇ ਆਪ ਨੂੰ ਲੁੱਟੇ ਹੋਏ ਮਹਿਸੂਸ ਕਰ ਰਹੇ ਹਨ, ਪਰ ਹੁਣ ਲੋਕ ਆਮ ਆਦਮੀ ਪਾਰਟੀ ਦੀਆਂ ਚਾਲਾਂ ਵਿੱਚ ਨਹੀਂ ਆਉਣਗੇ। ਉਨ੍ਹਾ ਕਿਹਾ ਕਿ ਆਮ ਆਦਮੀ ਪਾਰਟੀ ਨੇ ਔਰਤਾਂ ਨਾਲ ਵਾਅਦਾ ਕੀਤਾ ਕਿ ਸਾਡੀ ਸਰਕਾਰ ਆਉਣ 'ਤੇ ਅਸੀਂ ਹਰ ਔਰਤ ਨੂੰ ਹਜ਼ਾਰ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਵਾਂਗੇ, ਪ੍ਰੰਤੂ 24 ਮਹੀਨੇ ਬੀਤ ਗਏ ਹਨ, ਔਰਤਾਂ ਨੂੰ ਇੱਕ ਰੁਪਿਆ ਵੀ ਨਹੀਂ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਔਰਤਾਂ ਨੂੰ 24 ਹਜ਼ਾਰ ਰੁਪਿਆ ਬਕਾਏ ਸਮੇਤ ਹਜ਼ਾਰ ਰੁਪਏ ਦੀ ਰਾਸ਼ੀ ਹਰ ਮਹੀਨੇ ਦੇਣੀ ਯਕੀਨੀ ਬਣਾਈ ਜਾਵੇ। ਉਨ੍ਹਾ ਕਿਹਾ ਕਿ ਸਰਕਾਰ ਵੱਲੋਂ ਲੱਖਾਂ ਲੋੜਵੰਦ ਲੋਕਾਂ ਦੇ ਰਾਸ਼ਨ ਕਾਰਡ ਕੱਟ ਦਿੱਤੇ ਗਏ ਹਨ, ਪਿਛਲੇ ਛੇ-ਸੱਤ ਸਾਲ ਦੇ ਸਮੇਂ ਤੋਂ ਨਵੇਂ ਪਰਿਵਾਰਕ ਮੈਂਬਰਾਂ ਨੂੰ ਰਾਸ਼ਨ ਕਾਰਡ ਵਿੱਚ ਦਰਜ ਨਹੀਂ ਕੀਤਾ ਜਾ ਰਿਹਾ ਅਤੇ ਨਾ ਹੀ ਨਵੇਂ ਰਾਸ਼ਨ ਕਾਰਡ ਬਣਾਏ ਜਾ ਰਹੇ ਹਨ। ਰਾਸ਼ਨ ਵੀ ਸਰਕਾਰੀ ਹਦਾਇਤਾਂ ਅਨੁਸਾਰ ਪੂਰਾ ਨਹੀਂ ਦਿੱਤਾ ਜਾ ਰਿਹਾ। ਉਨ੍ਹਾਂ ਕਿਹਾ ਕਿ ਕੱਟੇ ਗਏ ਰਾਸ਼ਨ ਕਾਰਡ ਤੁਰੰਤ ਬਹਾਲ ਕੀਤੇ ਜਾਣ, ਨਵੇਂ ਜੀਆਂ ਨੂੰ ਰਾਸ਼ਨ ਕਾਰਡ ਵਿੱਚ ਦਰਜ ਕੀਤਾ ਜਾਵੇ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ 600 ਯੂਨਿਟ ਬਿਜਲੀ ਮੁਆਫ ਕੀਤੀ ਗਈ ਹੈ, ਪ੍ਰੰਤੂ ਖਾਸ ਕਰਕੇ ਗਰੀਬ ਵਰਗ ਦੇ ਬਿੱਲ ਹਜ਼ਾਰਾਂ ਤੋਂ ਲੈ ਕੇ ਲੱਖਾਂ ਰੁਪਏ ਵਿੱਚ ਆ ਰਹੇ ਹਨ। ਇਨ੍ਹਾਂ ਗਰੀਬ ਲੋਕਾਂ ਦੇ ਬਿੱਲ ਤੁਰੰਤ ਮੁਆਫ ਕੀਤੇ ਜਾਣ ਤੇ ਇਸ ਗੱਲ ਦੀ ਜਾਂਚ ਹੋਣੀ ਚਾਹੀਦੀ ਹੈ ਕਿ ਇਨ੍ਹਾਂ ਨੂੰ ਇਹ ਬਿਲ ਕਿਉਂ ਆ ਰਹੇ ਹਨ? ਇਸੇ ਤਰ੍ਹਾਂ ਲੋੜਵੰਦ ਗਰੀਬ ਪਰਿਵਾਰਾਂ ਦੀਆਂ ਲੜਕੀਆਂ ਨੂੰ ਦਿੱਤੀ ਜਾ ਰਹੀ ਸ਼ਗਨ ਸਕੀਮ ਪਿਛਲੇ ਛੇ ਸਾਲਾਂ ਤੋਂ ਬੰਦ ਪਈ ਹੈ। ਇਹ ਸ਼ਗਨ ਸਕੀਮ ਦੀ ਰਾਸ਼ੀ ਤੁਰੰਤ ਜਾਰੀ ਕੀਤੀ ਜਾਵੇ। ਗਰੀਬ ਘਰਾਂ ਦੇ ਬੱਚਿਆਂ ਨੂੰ ਖਾਸ ਕਰਕੇ ਲੜਕੀਆਂ ਨੂੰ ਦਿੱਤੇ ਜਾਣ ਵਾਲੇ ਵਜ਼ੀਫੇ ਜੋ ਪਿਛਲੇ ਸਮੇਂ ਤੋਂ ਬੰਦ ਹਨ, ਇਹ ਵਜ਼ੀਫੇ ਦਿੱਤੇ ਜਾਣ।

ਔਰਤਾਂ ਨੇ ਇਸ ਮੌਕੇ ਪੰਜਾਬ ਸਰਕਾਰ ਖਿਲਾਫ ਜ਼ੋਰਦਾਰ ਨਾਹਰੇਬਾਜ਼ੀ ਕਰਦਿਆਂ ਬਜ਼ਾਰ ਵਿੱਚ ਰੋਸ ਮਾਰਚ ਵੀ ਕੀਤਾ ਤੇ ਪੰਜਾਬ ਸਰਕਾਰ ਦੀ ਲਾਰਿਆਂ ਦੀ ਪੰਡ ਵੀ ਫੂਕੀ। ਅਨੇਕਾਂ ਔਰਤਾਂ ਬਿਜਲੀ ਦੇ ਬਿੱਲ ਵੀ ਨਾਲ ਲੈ ਕੇ ਆਈਆਂ ਸਨ। ਇਸ ਮੌਕੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੇ ਨਾਮ ਡਿਪਟੀ ਕਮਿਸ਼ਨਰ ਮਾਨਸਾ ਨੂੰ ਮੰਗ ਪੱਤਰ ਵੀ ਦਿੱਤਾ ਗਿਆ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਪ੍ਰੇਮ ਕੁਮਾਰ ਅਰੋੜਾ, ਇਸਤਰੀ ਅਕਾਲੀ ਦਲ ਦੀ ਜ਼ਿਲ੍ਹਾ ਪ੍ਰਧਾਨ ਕਰਮਜੀਤ ਕੌਰ ਸਮਾਓਂ, ਗੁਰਪ੍ਰੀਤ ਕੌਰ ਮੂਸਾ, ਸੁਖਵਿੰਦਰ ਕੌਰ ਸੁੱਖੀ, ਚਰਨਜੀਤ ਕੌਰ, ਸੁਖਦੀਪ ਕੌਰ, ਗੁਰਪ੍ਰੀਤ ਕੌਰ, ਸੁਖਜੀਤ ਕੌਰ, ਸਰਬਜੀਤ ਕੌਰ, ਹਰਬੰਸ ਕੌਰ, ਮਲੀਕਾ, ਅਮਨਪ੍ਰੀਤ ਕੌਰ ਤੇ ਲਾਭ ਕੌਰ ਤੋਂ ਇਲਾਵਾ ਰੰਗੀ ਸਿੰਘ ਖਾਰਾ, ਭੋਲਾ ਸਿੰਘ ਮਾਨਸਾ ਆਦਿ ਆਗੂ ਮੌਜੂਦ ਸਨ।

ਅਹਿਮਦਪੁਰ ਦੋਹਰੇ ਕਤਲ ਕਾਂਡ ਮਾਮਲੇ 'ਚ ਪੁਲਸ ਦੇ ਹੱਥ ਖਾਲੀ, ਲੋਕਾਂ ਵੱਲੋਂ ਥਾਣੇ ਅੱਗੇ ਧਰਨਾ

ਬੁਢਲਾਡਾ (ਅਸ਼ੋਕ ਲਾਕੜਾ)

ਇਥੋਂ ਨਜ਼ਦੀਕ ਅਹਿਮਦਪੁਰ ਵਿਖੇ ਦੋਹਰੇ ਕਤਲ ਕਾਂਡ ਦੇ ਮਾਮਲੇ 'ਚ 2 ਮਹੀਨੇ ਬੀਤ ਜਾਣ ਦੇ ਬਾਵਜੂਦ ਪੁਲਸ ਵੱਲੋਂ ਕਾਤਲਾਂ ਨੂੰ ਨਾ ਕਾਬੂ ਕੀਤੇ ਜਾਣ ਦੇ ਰੋਸ ਵਜੋਂ ਪਿੰਡ ਦੇ ਲੋਕਾਂ ਵੱਲੋਂ ਸਿਟੀ ਥਾਣੇ ਦੇ ਬਾਹਰ ਧਰਨਾ ਦੇ ਕੇ ਪ੍ਰਸ਼ਾਸਨ ਖਿਲਾਫ ਨਾਅਰੇਬਾਜ਼ੀ ਕੀਤੀ ਗਈ। ਉਨ੍ਹਾ ਦੱਸਿਆ ਕਿ ਇਸ ਕਤਲ ਕਾਂਡ ਨੂੰ ਕਰੀਬ ਦੋ ਮਹੀਨੇ ਬੀਤ ਜਾਣ ਦੇ ਬਾਵਜੂਦ ਪੁਲਸ ਕਾਤਲਾਂ ਤੱਕ ਨਹੀਂ ਪਹੁੰਚ ਸਕੀ। ਇਸ ਸੰਬੰਧੀ ਜਥੇਬੰਦੀ ਨੇ ਦੋ ਵਾਰ ਪੁਲਸ ਅਧਿਕਾਰੀਆਂ ਨੂੰ ਮਿਲ ਚੁੱਕੇ ਹਨ, ਪ੍ਰੰਤੂ ਮਸਲਾ ਉਥੇ ਦੀ ਉਥੇ ਹੀ ਹੈ। ਉਨ੍ਹਾ ਐਲਾਨ ਕੀਤਾ ਕਿ ਜੇਕਰ ਉਨ੍ਹਾਂ ਦੀ ਸੁਣਵਾਈ ਨਾ ਕੀਤੀ ਗਈ ਤਾਂ ਉਹ ਰੇਲਾਂ ਦਾ ਚੱਕਾ ਜਾਮ ਕਰਨਗੇ। ਇਸ ਮੌਕੇ ਪੁਲਸ ਅਧਿਕਾਰੀਆਂ ਨੇ ਵਿਸ਼ਵਾਸ ਦਿਵਾਇਆ ਕਿ ਅਸੀਂ ਛੇਤੀ ਹੀ ਕਾਤਲਾਂ ਦਾ ਪਤਾ ਲਗਾ ਕੇ ਮਸਲਾ ਹੱਲ ਕੀਤਾ ਜਾਵੇਗਾ। ਉਨ੍ਹਾ 25 ਮਾਰਚ ਤੱਕ ਦਾ ਸਮਾਂ ਦਿੰਦਿਆਂ ਕਿਹਾ ਕਿ ਉਸ ਤੋਂ ਬਾਅਦ ਥਾਣਾ ਸਿਟੀ ਦੇ ਅੱਗੇ ਪੱਕਾ ਮੋਰਚਾ ਲਾਇਆ ਜਾਵੇਗਾ। ਇਸ ਮੌਕੇ ਵੱਡੀ ਗਿਣਤੀ 'ਚ ਕਿਸਾਨ ਯੂਨੀਅਨ ਦੇ ਆਗੂ ਤੇ ਪਿੰਡ ਵਾਸੀ ਮੌਜੂਦ ਸਨ।

ਮਿਸਟਰ ਇੰਡੀਆ ਬਾਡੀ ਬਿਲਡਿੰਗ ਮੁਕਾਬਲੇ 'ਚ ਹਰਮਨ ਖੱਤਰੀ ਦੂਜੇ ਸਥਾਨ 'ਤੇ

ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)-ਫਿਟਨੈੱਸ ਇੰਟਰਨੈਸ਼ਨਲ ਫੈਡਰੇਸ਼ਨ (ਐੱਫ ਆਈ ਐੱਫ) ਵੱਲੋਂ ਗੁਰੂ ਨਗਰੀ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਗੁਰੂ ਨਾਨਕ ਭਵਨ ਵਿੱਚ ਕਰਵਾਏ ਗਏ ਮਿਸਟਰ ਇੰਡੀਆ ਬਾਡੀ ਬਿਲਡਿੰਗ ਮੁਕਾਬਲਿਆਂ ਵਿੱਚ ਗੁਰੂ ਹਰਸਹਾਏ ਤੋਂ ਅਲਫਾ ਜਿੰਮ ਦੇ ਕੋਚ ਹਰਮਨ ਖੱਤਰੀ ਨੇ 80 ਕਿੱਲੋ ਵਰਗ ਭਾਰ ਵਿੱਚ ਦੂਜੀ ਪੁਜ਼ੀਸ਼ਨ ਹਾਸਲ ਕਰਕੇ ਪੂਰੇ ਇਲਾਕੇ ਨੂੰ ਮਾਣ ਬਖਸ਼ਿਆ ਹੈ, ਜਿਸ 'ਤੇ ਹਰਮਨ ਖੱਤਰੀ ਨੂੰ ਪਿਆਰ ਕਰਨ ਵਾਲਿਆਂ ਵਿੱਚ ਖੁਸ਼ੀ ਦੀ ਲਹਿਰ ਹੈ। ਹਰਮਨ ਖੱਤਰੀ ਨੂੰ ਇਸ ਜਿੱਤ ਦੀਆਂ ਹਰ ਪਾਸੋਂ ਵਧਾਈਆਂ ਮਿਲ ਰਹੀਆਂ ਹਨ। ਜਦੋਂ ਇਸ ਸਬੰਧੀ ਹਰਮਨ ਖੱਤਰੀ ਨਾਲ ਗੱਲਬਾਤ ਕੀਤੀ ਤਾਂ ਉਨ੍ਹਾ ਕਿਹਾ ਕਿ ਇਹ ਸਭ ਕੁਝ ਮੈਨੂੰ ਮੇਰੀ ਮਿਹਨਤ ਸਦਕਾ ਹੀ ਹਾਸਲ ਹੋਇਆ ਹੈ। ਉਸ ਨੇ ਕਿਹਾ ਕਿ ਮੈਨੂੰ ਪੂਰੀ ਆਸ ਸੀ ਕਿ ਮੈਂ ਇਸ ਮੁਕਾਬਲੇ ਵਿੱਚ ਮਿਸਟਰ ਇੰਡੀਆ ਬਣ ਕੇ ਆਪਣੇ ਇਲਾਕੇ ਤੇ ਪੰਜਾਬ ਦਾ ਮਾਣ ਬਣਾਂਗਾ, ਪਰ ਥੋੜ੍ਹੀ ਮਿਹਨਤ ਘੱਟ ਹੋਣ ਕਰਕੇ ਹੀ ਮੈਂ ਦੂਜੀ ਪੁਜ਼ੀਸ਼ਨ 'ਤੇ ਰਿਹਾ ਹਾਂ। ਮੈਂ ਅਗਲੀ ਵਾਰ ਇਸ ਮੁਕਾਮ ਤੱਕ ਪਹੁੰਚ ਕੇ ਰਹਾਂਗਾ ਤੇ ਮਿਸਟਰ ਇੰਡੀਆ ਬਣਨ ਲਈ ਹੋਰ ਮਿਹਨਤ ਕਰਾਂਗਾ।

'ਜ਼ਿੰਦਗੀਨਾਮਾ' ਲੋਕ ਅਰਪਣ 24 ਨੂੰ



ਸੰਗਰੂਰ (ਪ੍ਰਵੀਨ ਸਿੰਘ)-ਮਾਲਵਾ ਲਿਖਾਰੀ ਸਭਾ ਸੰਗਰੂਰ (ਰਜਿ:) ਵੱਲੋਂ 24 ਮਾਰਚ ਨੂੰ ਸਹੀ 10:00 ਵਜੇ ਹੋਟਲ ਈਟਿੰਗ ਮਾਲ, ਨੇੜੇ ਬਰਨਾਲਾ ਕੈਂਚੀਆਂ ਵਿਖੇ ਮਹੀਨਾਵਾਰ ਸਾਹਿਤਕ ਸਮਾਗਮ ਕਰਾਇਆ ਜਾ ਰਿਹਾ ਹੈ, ਜਿਸ ਵਿੱਚ ਉੱਭਰਦੀ ਲੇਖਿਕਾ ਕਾਜਲ ਮਹਿਰਾ ਦੀ ਵਾਰਤਕ ਦੀ ਪਲੇਠੀ ਪੁਸਤਕ 'ਜ਼ਿੰਦਗੀਨਾਮਾ' ਲੋਕ ਅਰਪਣ ਕੀਤੀ ਜਾਵੇਗੀ। ਸਮਾਗਮ ਦੀ ਪ੍ਰਧਾਨਗੀ ਨਾਮਵਰ ਨਾਵਲਕਾਰ ਸ੍ਰੀਮਤੀ ਹਰਜੀਤ ਕੌਰ ਵਿਰਕ ਕਰਨਗੇ ਤੇ ਮੁੱਖ ਮਹਿਮਾਨ ਵਜੋਂ ਉੱਘੇ ਕ੍ਰਾਂਤੀਕਾਰੀ ਕਵੀ ਅਮਨਦੀਪ ਦਰਦੀ ਸ਼ਾਮਲ ਹੋਣਗੇ। ਸਭਾ ਦੇ ਪ੍ਰੈੱਸ ਸਕੱਤਰ ਅਮਨ ਜੱਖਲਾਂ ਨੇ ਦੱਸਿਆ ਕਿ ਇਸ ਮੌਕੇ ਸ਼ਹੀਦ ਭਗਤ ਸਿੰਘ ਨੂੰ ਸਮਰਪਤ ਕਵੀ ਦਰਬਾਰ ਵੀ ਹੋਵੇਗਾ।

ਅਸਲਾ ਧਾਰਕ ਆਪਣਾ ਅਸਲਾ ਨਜ਼ਦੀਕੀ ਥਾਣੇ ਜਾਂ ਚੌਕੀ 'ਚ ਜਮ੍ਹਾਂ ਕਰਵਾਉਣ : ਐੱਸ ਐੱਸ ਪੀ

■ ਅਸਲਾ ਜਮ੍ਹਾਂ ਨਾ ਕਰਵਾਉਣ ਵਾਲਿਆਂ 'ਤੇ ਹੋਵੇਗੀ ਕਾਨੂੰਨੀ ਕਾਰਵਾਈ

ਜਗਰਾਉਂ (ਅਮਿਤ ਖੰਨਾ)

ਮਾਨਯੋਗ ਚੋਣ ਕਮਿਸ਼ਨਰ ਤੇ ਪੁਲਸ ਜ਼ਿਲ੍ਹਾ ਲੁਧਿਆਣਾ ਦਿਹਾਤੀ ਦੇ ਐੱਸ ਐੱਸ ਪੀ ਨਵਨੀਤ ਸਿੰਘ ਬੈਂਸ ਵੱਲੋਂ ਹਦਾਇਤਾਂ ਜਾਰੀ ਕਰ ਦਿੱਤੀਆਂ ਗਈਆਂ ਹਨ ਕਿ ਲਾਈਸੈਂਸ ਧਾਰਕ ਆਪਣਾ ਅਸਲਾ ਨਜ਼ਦੀਕੀ ਥਾਣੇ ਜਾਂ ਪੁਲਸ ਚੌਕੀ ਵਿੱਚ ਜਮ੍ਹਾਂ ਕਰਵਾਉਣ। ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਐੱਸ ਐੱਸ ਪੀ ਨਵਨੀਤ ਸਿੰਘ ਬੈਂਸ ਨੇ ਕਿਹਾ ਕਿ ਚੋਣਾਂ ਦੇ ਮੱਦੇਨਜ਼ਰ ਅਮਨ ਕਾਨੂੰਨ ਦੀ ਸਥਿਤੀ ਨੂੰ ਕਾਇਮ ਰੱਖਣ ਲਈ ਇਹ ਫੈਸਲਾ ਲਿਆ ਗਿਆ ਹੈ। ਜਾਣਕਾਰੀ ਦਿੰਦਿਆਂ ਉਨ੍ਹਾਂ ਕਿਹਾ ਕਿ ਮੁੱਖ ਚੋਣ ਕਮਿਸ਼ਨਰ ਤੇ ਪੁਲਸ ਮੁਖੀਆਂ ਵੱਲੋਂ ਮਿਲੀਆਂ ਹਦਾਇਤਾਂ ਦੇ ਤਹਿਤ ਜਗਰਾਉਂ ਇਲਾਕੇ ਤੇ ਪਿੰਡਾਂ ਦੇ ਸਮੂਹ ਲਾਇਸੈਂਸ ਧਾਰਕਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪਣਾ ਅਸਲਾ ਨਜ਼ਦੀਕੀ ਥਾਣੇ ਜਾਂ ਪੁਲਸ ਚੌਕੀ ਵਿੱਚ ਜਮ੍ਹਾਂ ਕਰਵਾ ਕੇ ਕਾਨੂੰਨ ਦੀ ਪਾਲਣਾ ਕਰਨ। ਇਸ ਮੌਕੇ ਉਨ੍ਹਾਂ ਦੱਸਿਆ ਕਿ ਇਲਾਕੇ ਦੇ ਲੋਕਾਂ ਦੀ ਸੁਰੱਖਿਆ ਦੀ ਜ਼ਿੰਮੇਵਾਰੀ ਪੰਜਾਬ ਪੁਲਸ ਵੱਲੋਂ ਪੂਰੀ ਤਨਦੇਹੀ ਨਾਲ ਨਿਭਾਈ ਜਾਂਦੀ ਹੈ ਅਤੇ ਇਸੇ ਤਰ੍ਹਾਂ ਹੀ ਸੇਵਾ ਨਿਭਾਉਂਦੀ ਰਹੇਗੀ ਤਾਂ ਜੋ ਇਲਾਕੇ ਦੇ ਵਸਨੀਕ ਅਮਨ ਅਮਾਨ ਦੀ ਜ਼ਿੰਦਗੀ ਬਤੀਤ ਕਰ ਸਕਣ। ਜਮ੍ਹਾਂ ਕੀਤਾ ਹੋਇਆ ਅਸਲਾ ਚੋਣਾਂ ਤੋਂ ਬਾਅਦ ਵਾਪਸ ਕਰ ਦਿੱਤਾ ਜਾਵੇਗਾ। ਇਸ ਲਈ ਜਲਦ ਤੋਂ ਜਲਦ ਆਪਣਾ ਅਸਲਾ ਜਮ੍ਹਾਂ ਕਰਵਾਇਆ ਜਾਵੇ ਤਾਂ ਜੋ ਕਿਸੇ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਉਨ੍ਹਾ ਇਹ ਤਾੜਨਾ ਵੀ ਕੀਤੀ ਕਿ ਅਸਲਾ ਜਮ੍ਹਾਂ ਨਾ ਕਰਵਾਉਣ ਵਾਲੇ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ਅਤੇ ਲਾਇਸੈਂਸ ਕੈਂਸਲ ਕਰਨ ਦੀ ਸਿਫਾਰਸ਼ ਵੀ ਕੀਤੀ ਜਾਵੇਗੀ।

ਕਲਗੀਧਰ ਟਰੱਸਟ ਵੱਲੋਂ ਗੁਰਦਵਾਰਾ ਨਾਨਕਸਰ ਸਾਹਿਬ ਦੀ ਨਵੀਂ ਇਮਾਰਤ ਸ਼੍ਰੋਮਣੀ ਕਮੇਟੀ ਸਪੁਰਦ

ਚੀਮਾ ਮੰਡੀ (ਰਵਿੰਦਰ ਚੀਮਾ)-20ਵੀਂ ਸਦੀ ਵਿੱਚ ਗੁਰਮਤਿ ਪ੍ਰਚਾਰ ਦੀ ਅਦੁੱਤੀ ਲਹਿਰ ਚਲਾ ਕੇ ਲੱਖਾਂ ਪ੍ਰਾਣੀਆਂ ਨੂੰ ਗੁਰੂ ਦੇ ਲੜ ਲਾਉਣ ਵਾਲੇ ਮਹਾਨ ਸ਼੍ਰੋਮਣੀ ਸੰਤ ਬਾਬਾ ਅਤਰ ਸਿੰਘ ਜੀ ਮਸਤੂਆਣੇ ਵਾਲਿਆਂ ਦੇ 158ਵੇਂ ਜਨਮ ਦਿਹਾੜੇ ਨੂੰ ਸਮਰਪਤ ਸਵੇਰੇ ਅੰਮ੍ਰਿਤ ਵੇਲੇ 1 ਵਜੇ ਸੰਤ ਜੀ ਮਹਾਰਾਜ ਦੇ ਜਨਮ ਸਮੇਂ ਅਖੰਡ ਪਾਠ ਦੇ ਭੋਗ ਪਾਏ ਗਏ। ਉਪਰੰਤ ਆਰਤੀ ਤੇ ਅਰਦਾਸ ਕੀਤੀ ਗਈ।ਇਸ ਸੰਤ ਸਮਾਗਮ ਵਿੱਚ ਸਵੇਰੇ ਅੰਮ੍ਰਿਤ ਵੇਲੇ ਤੋਂ ਸ਼ਾਮ ਤੱਕ 'ਧਾਰਮਿਕ ਦੀਵਾਨ' ਸਜਾਏ ਗਏ, ਜਿਸ ਵਿੱਚ ਅਨੇਕਾਂ ਕਵੀਸ਼ਰੀ ਤੇ ਢਾਡੀ ਜਥਿਆਂ ਵੱਲੋਂ ਹਾਜ਼ਰੀ ਭਰੀ ਗਈ।ਸ਼੍ਰੋਮਣੀ ਗੁਰਦੁਵਾਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਵਾਰਾ ਨਾਨਕਸਰ ਸਾਹਿਬ ਦੀ ਉਸਾਰੀ ਦੀ ਸੇਵਾ ਸੰਨ 2019 ਵਿੱਚ ਕਲਗੀਧਰ ਟਰੱਸਟ ਦੀ ਝੋਲੀ ਪਾਈ ਗਈ ਸੀ।ਗੁਰਦਵਾਰਾ ਸਾਹਿਬ ਦੀ ਇਮਾਰਤ ਦੀ ਉਸਾਰੀ ਨੂੰ ਕੋਵਿਡ ਮਹਾਮਾਰੀ ਦੇ ਸਮੇਂ ਰੋਕਿਆ ਗਿਆ, ਜਿਸ ਕਾਰਨ ਕੰਮ ਵਿੱਚ ਵਿਘਨ ਪੈਣ ਕਰਕੇ ਇਸ ਦੀ ਉਸਾਰੀ ਵਿੱਚ ਸਮਾਂ ਲੱਗਾ, ਜੋ ਕਿ ਸਾਲ 2024 ਦੇ ਮਾਰਚ ਮਹੀਨੇ ਤੱਕ ਪੂਰਾ ਕਰ ਦਿੱਤਾ ਗਿਆ।ਅੱਜ 17 ਮਾਰਚ 2024 ਨੂੰ ਗੁਰਦੁਵਾਰਾ ਨਾਨਕਸਰ ਸਾਹਿਬ ਦੀ ਵਿਲੱਖਣ ਇਮਾਰਤ ਨੂੰ ਕਲਗੀਧਰ ਟਰੱਸਟ ਦੇ ਪ੍ਰਧਾਨ ਡਾ: ਦਵਿੰਦਰ ਸਿੰਘ, ਜਗਜੀਤ ਸਿੰਘ ਕਾਕਾ ਵੀਰ ਮੁੱਖ ਸੇਵਾਦਾਰ ਗੁਰਦਵਾਰਾ ਜਨਮ ਅਸਥਾਨ ਤੇ ਟਰੱਸਟ ਦੇ ਸੇਵਾਦਾਰਾਂ ਵੱਲੋਂ ਐੱਸ.ਜੀ.ਪੀ.ਸੀ. ਦੇ ਅੰਤਰਿਗ ਕਮੇਟੀ ਮੈਂਬਰ ਜਥੇਦਾਰ ਗੁਰਲਾਲ ਸਿੰਘ ਫਤਿਹਗੜ੍ਹ, ਜਥੇਦਾਰ ਤੇਜਾ ਸਿੰਘ ਕਮਾਲਪੁਰ ਨੂੰ ਸਪੁਰਦ ਕੀਤਾ ਗਿਆ।ਇਸ ਮੌਕੇ ਵਿਨਰਜੀਤ ਸਿੰਘ ਗੋਲਡੀ ਹਲਕਾ ਇੰਚਾਰਜ ਸੰਗਰੂਰ, ਤੇਜਿੰਦਰ ਸਿੰਘ ਸੰਗਰੇੜੀ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਗੁਰਲਾਲ ਸਿੰਘ ਹਲਕਾ ਇੰਚਾਰਜ ਦਿੜ੍ਹਬਾ, ਬਾਬੂ ਰਾਜਿੰਦਰ ਦੀਪਾ ਹਲਕਾ ਇੰਚਾਰਜ ਸੁਨਾਮ, ਜਥੇਦਾਰ ਉਦੇ ਸਿੰਘ ਲੌਂਗੋਵਾਲ, ਭਾਈ ਗੋਬਿੰਦ ਸਿੰਘ ਲੌਂਗੋਵਾਲ ਸਾਬਕਾ ਪ੍ਰਧਾਨ ਐੱਸ.ਜੀ.ਪੀ.ਸੀ, ਇਕਬਾਲ ਸਿੰਘ ਪਾਰਲੀਮੈਂਟ ਹਲਕਾ ਇੰਚਾਰਜ ਸੰਗਰੂਰ ਤੇ ਹੋਰ ਮੌਜੂਦ ਸਨ।ਇਸ ਸਮਾਗਮ ਵਿੱਚ ਰਾਜਸੀ ਸ਼ਖਸੀਅਤਾਂ ਸੁਖਦੇਵ ਸਿੰਘ ਢੀਂਡਸਾ, ਪਰਮਿੰਦਰ ਸਿੰਘ ਢੀਂਡਸਾ, ਅਮਨਬੀਰ ਸਿੰਘ ਚੈਰੀ, ਰਾਜਿੰਦਰ ਸਿੰਘ ਗਜ਼ਾ ਤੇ ਜਸਵਿੰਦਰ ਸਿੰਘ ਧੀਮਾਨ ਵੱਲੋਂ ਹਾਜ਼ਰੀ ਲਗਵਾਈ ਗਈ।ਇਸ ਮੌਕੇ ਡਾ: ਦਵਿੰਦਰ ਸਿੰਘ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸੰਤ ਅਤਰ ਸਿੰਘ ਜੀ ਮਹਾਰਾਜ ਵੱਲੋਂ ਜੋ ਵਿੱਦਿਆ ਦੀ ਸੇਵਾ ਆਪਣੇ ਉੱਪਰ ਲਈ ਸੀ, ਉਨ੍ਹਾ ਦੇ ਪਰਮ ਪਿਆਰੇ ਸੇਵਕ ਸੰਤ ਤੇਜਾ ਸਿੰਘ ਜੀ ਤੇ ਸੰਤ ਬਾਬਾ ਇਕਬਾਲ ਸਿੰਘ ਜੀ ਮਹਾਰਾਜ ਨੇ ਉਸ ਨੂੰ ਪ੍ਰਫੁਲਤ ਕੀਤਾ ਹੈ।ਇਹ ਧਾਰਮਿਕ ਦੀਵਾਨ ਗੁਰਦੁਆਰਾ ਜਨਮ ਅਸਥਾਨ ਕਲਗੀਧਰ ਟਰੱਸਟ ਬੜੂ ਸਾਹਿਬ, ਗੁਰਦਵਾਰਾ ਨਾਨਕਸਰ ਸਾਹਿਬ ਚੀਮਾ ਸਾਹਿਬ ਤੇ ਇਲਾਕੇ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਕਰਵਾ

19-March-PAGE-11-Majha.qxd 3/18/2024 11:13 PM Page 1

ਬੈਂਕ ਪ੍ਰਬੰਧਕਾਂ ਨੂੰ ਚੋਣਾਂ ਦੌਰਾਨ ਕੈਸ਼ ਦੀ ਜਮ੍ਹਾ/ਨਿਕਾਸੀ ਸਮੇਂ ਚੌਕੰਨੇ ਰਹਿਣ ਦੀਆਂ ਹਦਾਇਤਾਂ

ਗੁਰਦਾਸਪੁਰ, (ਦਿਨੇਸ਼ ਕੁਮਾਰ/ਜਕ ਮਹਾਜਨ)- ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਗੁਰਦਾਸਪੁਰ ਡਾ. ਹਿਮਾਂਸ਼ੂ ਅਗਰਵਾਲ ਨੇ ਬੈਂਕ ਪ੍ਰਬੰਧਕਾਂ ਨੂੰ ਲੋਕ ਸਭਾ ਚੋਣਾਂ-2024 ਮੱਦੇਨਜ਼ਰ ਚੁਸਤ-ਦਰੁਸਤ ਰਹਿਣ ਦੀ ਤਾਕੀਦ ਕਰਦਿਆਂ ਕਿਹਾ ਕਿ ਵੋਟਾਂ ਵਿੱਚ ਉਮੀਦਵਾਰਾਂ ਅਤੇ ਰਾਜਸੀ ਪਾਰਟੀਆਂ ਵੱਲੋਂ ਅਥਾਹ ਗੈਰ-ਕਾਨੂੰਨੀ ਖਰਚਾ ਰੋਕਣ ਵਿੱਚ ਬੈਂਕਾਂ ਬਹੁਤ ਵੱਡਾ ਯੋਗਦਾਨ ਪਾ ਸਕਦੀਆਂ ਹਨ। ਉਹ ਸਥਾਨਕ ਪੰਚਾਇਤ ਭਵਨ ਵਿਖੇ ਬੈਂਕ ਮੈਨੇਜਰਾਂ ਨਾਲ ਰੱਖੀ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਸਨ।

ਡਾ. ਹਿਮਾਂਸ਼ੂ ਕਿਹਾ ਕਿ ਸਮੂਹ ਬੈਂਕ ਆਪਣੀਆਂ ਬਰਾਂਚਾਂ ਨੂੰ ਪਾਬੰਦ ਕਰਨਗੇ ਕਿ ਉਹ ਉਮੀਦਵਾਰਾਂ ਦੇ ਚੋਣਾਂ ਸਬੰਧੀ ਬੈਂਕ ਖਾਤਿਆਂ ਨੂੰ ਖੋਲ੍ਹਣ ਦੀ ਲੋੜੀਂਦੀ ਸਹੂਲਤ ਪਹਿਲੇ ਦੇ ਆਧਾਰ ਉੱਪਰ ਮੁਹੱਈਆ ਕਰਾਉਣ।

10 ਹਜ਼ਾਰ ਰੁਪਏ ਤੋਂ ਵੱਧ ਦਾ ਕੋਈ ਵੀ ਖਰਚਾ ਚੈੱਕ, ਡਰਾਫਟ, ਆਰਟੀਜੀਐੱਸ ਰਾਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਚੋਣ ਪ੍ਰਕਿਰਿਆ ਦੌਰਾਨ ਕਿਸੇ ਰਾਜਨੀਤਿਕ ਪਾਰਟੀ ਜਾਂ ਉਨ੍ਹਾਂ ਦੇ ਰਿਸ਼ਤੇਦਾਰ ਜਾਂ ਸਪਾਊਸ ਦੇ ਖਾਤੇ ਵਿੱਚੋਂ ਇੱਕ ਲੱਖ ਰੁਪਏ ਤੋਂ ਵੱਧ ਦੀ ਜਮ੍ਹਾ ਰੁਪਏ ਜਾਂ ਨਿਕਾਸੀ ਜੋ ਕਿ ਅਸਾਧਾਰਨ ਜਾਂ ਸ਼ੱਕੀ ਲੱਗਦੀ ਹੋਵੇ, ਦੀ ਸੂਚਨਾ ਤੁਰੰਤ ਜ਼ਿਲ੍ਹਾ ਚੋਣ ਦਫਤਰ ਨੂੰ ਦਿੱਤੀ ਜਾਵੇ। ਆਊਟਸੋਰਸਡ ਏਜੰਸੀਜ਼/ਕੰਪਨੀਜ਼ ਦੀਆਂ ਕੈਸ਼ ਵੈਨਜ਼ ਦੇ ਅਧਿਕਾਰੀਆਂ/ਕਰਮਚਾਰੀਆਂ ਨੂੰ ਉਨ੍ਹਾਂ ਦੀ ਸਬੰਧਿਤ ਏਜੰਸੀਜ਼ ਬਕਾਇਦਾ ਤੌਰ 'ਤੇ ਸ਼ਨਾਖਤੀ ਕਾਰਡ ਜਾਰੀ ਕੀਤੇ ਜਾਣਗੇ। ਮੀਟਿੰਗ ਵਿੱਚ ਹਾਜ਼ਰ ਸਮੂਹ ਬੈਂਕ ਪ੍ਰਬੰਧਕਾਂ ਨੇ ਜ਼ਿਲ੍ਹਾ ਚੋਣ ਅਫਸਰ ਨੂੰ ਹਰ ਸਹਿਯੋਗ ਕਰਨ ਦਾ ਭਰੋਸਾ ਦਿੱਤਾ।

ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਜ) ਸੁਭਾਸ਼ ਚੰਦਰ, ਐੱਸਡੀਐੱਮ ਕਲਾਨੌਰ-ਕਮ-ਈਆਰਓ ਵਿਧਾਨ ਸਭਾ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਜਿਓਤਸਨਾ, ਤਹਿਸੀਲਦਾਰ ਚੋਣਾਂ ਮਨਜਿੰਦਰ ਸਿੰਘ ਬਾਜਵਾ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

ਸਿੱਖਿਆ ਤਹਿਤ ਅਧਿਆਪਕਾਂ ਦਾ 2 ਰੋਜ਼ਾ ਸੈਮੀਨਾਰ

ਪੰਜਾਬ ਸਰਕਾਰ ਗੁਣਾਤਮਕ ਸਿੱਖਿਆ ਲਈ ਵਚਨਬੱਧ : ਬੀ ਪੀ ਈ ਓ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦੇ ਆਦੇਸ਼ਾਂ ਤਹਿਤ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀ: ਮੈਡਮ ਪਰਮਜੀਤ ਅਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀ: ਪ੍ਰਕਾਸ਼ ਜੋਸ਼ੀ ਦੇ ਸਹਿਯੋਗ ਨਾਲ ਜ਼ਿਲ੍ਹਾ ਗੁਰਦਾਸਪੁਰ ਵਿੱਚ ਅਧਿਆਪਕਾਂ ਦੇ ਮਿਸ਼ਨ ਸਮਰੱਥ ਸਿੱਖਿਆ ਤਹਿਤ ਸੈਮੀਨਾਰ ਲਗਾਏ ਜਾ ਰਹੇ ਹਨ।ਇਸੇ ਲੜੀ ਦੇ ਤਹਿਤ ਬਲਾਕ ਡੇਰਾ ਬਾਬਾ ਨਾਨਕ -1 ਦੇ ਬੀਪੀਈਓ ਭਾਰਤ ਰਤਨ ਦੀ ਯੋਗ ਅਗਵਾਈ ਹੇਠ ਬਲਾਕ ਡੇਰਾ ਬਾਬਾ ਨਾਨਕ -1 ਦੇ ਅਧਿਆਪਕਾਂ ਦੇ -2 ਰੋਜ਼ਾ ਸੈਮੀਨਾਰ ਬਲਾਕ ਪ੍ਰਾਇਮਰੀ ਸਿੱਖਿਆਂ ਦਫਤਰ ਡੇਰਾ ਬਾਬਾ ਨਾਨਕ ਵਿਖੇ ਲਗਾਏ ਜਾ ਰਹੇ ਹਨ, ਜਿਸ ਵਿੱਚ ਬਲਾਕ ਦੇ ਸਮੂਹ ਸੈਟਰ ਮੁੱਖ ਅਧਿਆਪਕ, ਮੁੱਖ ਅਧਿਆਪਕ, ਈਟੀਟੀ ਅਧਿਆਪਕ, ਐਸੋਸੀਏਟ ਅਧਿਆਪਕ ਤੇ ਪ੍ਰੀ-ਪ੍ਰਾਇਮਰੀ ਅਧਿਆਪਕ ਸੈਮੀਨਾਰ ਵਿੱਚ ਹਿੱਸਾ ਲੈ ਰਹੇ ਹਨ।ਇਸ ਮੌਕੇ ਪਹਿਲੇ ਗੇੜ ਦੇ ਸੈਮੀਨਾਰ ਦੌਰਾਨ ਲਗਭਗ 27 ਦੇ ਕਰੀਬ ਅਧਿਆਪਕਾਂ ਨੇ ਭਾਗ ਲਿਆ ।ਅੱਜ ਦੂਜੇ ਗੇੜ ਦੇ ਪਹਿਲੇ ਦਿਨ ਕਰੀਬ 37 ਅਧਿਆਪਕਾ ਨੇ ਸੈਮੀਨਾਰ ਵਿੱਚ ਭਾਗ ਲਿਆ। ਇਸ ਮੌਕੇ ਡੇਰਾ ਬਾਬਾ ਨਾਨਕ ਬਲਾਕ -1 ਦੇ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਭਾਰਤ ਰਤਨ ਵੱਲੋਂ ਅੱਜ ਵਿਸ਼ੇਸ਼ ਤੌਰ 'ਤੇ ਵਿਜ਼ਟ ਕਰਕੇ ਚੈਕਿੰਗ ਦੌਰਾਨ ਅਧਿਆਪਕਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ ਗਏ। ਇਸ ਮੌਕੇ ਸੰਬੋਧਨ ਕਰਦਿਆਂ ਬੀਪੀਈਓ ਭਾਰਤ ਰਤਨ ਨੇ ਕਿਹਾ ਕਿ ਵਿਦਿਆਰਥੀਆਂ ਦਾ ਸਾਰੇ ਵਿਸ਼ਿਆਂ ਵਿੱਚ ਪਰਪੱਕ ਹੋਣਾ ਜ਼ਰੂਰੀ ਹੈ।ਇਸ ਲਈ ਪੰਜਾਬੀ, ਗਣਿਤ ਅਤੇ ਅੰਗ੍ਰੇਜ਼ੀ ਵਿੱਚ ਹਰ ਪੱਖੋਂ ਪਰਪੱਕ ਕਰਨ ਲਈ ਅਧਿਆਪਕਾਂ ਨੂੰ ਵਿਸ਼ੇਸ਼ ਤੌਰ ਤੇ ਟ੍ਰੇਂਡ ਕੀਤਾ ਜਾ ਰਿਹਾ ਹੈ।ਇਸ ਦੌਰਾਨ ਵੱਖ-ਵੱਖ ਗਤੀਵਿਧੀਆਂ ਵੀ ਕਰਵਾਈਆਂ ਜਾ ਰਹੀਆਂ ਹਨ ਤਾਂ ਜੋ ਬੱਚਾ ਖੇਡ ਖੇਡ ਵਿੱਚ ਗਿਆਨ ਹਾਸਲ ਕਰ ਸਕੇ।ਉਨ੍ਹਾਂ ਦੱਸਿਆ ਕਿ ਪ੍ਰਾਇਮਰੀ ਪੱਧਰ ਤੇ ਇਹ ਸੈਮੀਨਾਰ ਦੂਸਰੀ ਤੋਂ ਪੰਜਵੀਂ ਜਮਾਤ ਤੱਕ ਲਗਾਏ ਜਾ ਰਹੇ ਹਨ।ਉਨ੍ਹਾਂ ਜਾਣਕਾਰੀ ਦਿੱਤੀ ਕਿ ਪੰਜਾਬ ਸਰਕਾਰ ਸਿੱਖਿਆ ਦੀ ਗੁਣਵੱਤਾ ਵਿੱਚ ਸੁਧਾਰ ਲਿਆਉਣ ਲਈ ਸੁਹਿਰਦਤਾ ਨਾਲ ਕੰਮ ਕਰ ਰਹੀ ਹੈ।

ਇਸ ਦੌਰਾਨ ਬਲਾਕ ਰਿਸੋਰਸਪਰਸਨ ਲਵਪ੍ਰੀਤ ਸਿੰਘ, ਬਲਾਕ ਰਿਸੋਰਸਪਰਸਨ ਗੁਰਮੁੱਖ ਸਿੰਘ, ਬਲਾਕ ਰਿਸੋਰਸਪਰਸਨ ਰੂਪ ਚੰਦ ਅਤੇ ਬਲਾਕ ਰਿਸੋਰਸਪਰਸਨ ਰਾਜ ਸੁਖਵਿੰਦਰ ਵੱਲੋਂ ਅਧਿਆਪਕਾਂ ਨਾਲ ਵੱਖ-ਵੱਖ ਵਿਸ਼ਿਆਂ ਸੰਬੰਧੀ ਵਿਸਥਾਰ ਸਹਿਤ ਗੱਲਬਾਤ ਕੀਤੀ ਗਈ ਅਤੇ ਅਧਿਆਪਕਾਂ ਨੂੰ ਪ੍ਰੋਜੈਕਟਰ ਰਾਹੀਂ ਸਕੂਲਾਂ ਵਿੱਚ ਜਾ ਕੇ ਬੱਚਿਆਂ ਨੂੰ ਕਰਵਾਈਆਂ ਜਾਣ ਵਾਲੀਆਂ ਵੱਖ-ਵੱਖ ਗਤੀਵਿਧੀਆਂ ਦੀ ਭਰਪੂਰ ਜਾਣਕਾਰੀ ਦਿੱਤੀ ਗਈ । ਇਸ ਮੌਕੇ ਸੈਟਰ ਮੁੱਖ ਅਧਿਆਪਕਾਂ ਮੈਡਮ ਮਮਤਾ ਕੁਮਾਰੀ, ਕਲਰਕ ਦਿਲਰਾਜ ਬੀਰ ਸਿੰਘ, ਰਘਬੀਰ ਸਿੰਘ, ਮੈਡਮ ਰੁਪਿੰਦਰ ਕੌਰ, ਡੀ. ਪੀ. ਮੈਡਮ ਪ੍ਰਭਜੋਤ ਕੌਰ ਆਦਿ ਤੋਂ ਇਲਾਵਾ ਅਧਿਆਪਕ ਹਾਜ਼ਰ ਸਨ।

ਅਣਪਛਾਤੇ ਵਾਹਨ ਦੀ ਟੱਕਰ ਵੱਜਣ ਨਾਲ ਮੋਟਰਸਾਈਕਲ ਸਵਾਰ ਦੀ ਮੌਤ

ਗੁਰਦਾਸਪੁਰ (ਜਨਕ ਮਹਾਜਨ)-ਥਾਣਾ ਕਲਾਨੌਰ ਪੁਲਸ ਨੇ ਨਾ-ਮਾਲੂਮ ਵਾਹਨ ਚਾਲਕ ਵੱਲੋਂ ਮੋਟਰਸਾਈਕਲ ਨੂੰ ਟੱਕਰ ਮਾਰਨ 'ਤੇ ਮੋਟਰਸਾਈਕਲ ਸਵਾਰ ਦੀ ਮੌਤ ਹੋ ਗਈ। ਇਸ 'ਤੇ ਕਾਰਵਾਈ ਕਰਦਿਆਂ ਪੁਲਿਸ ਨੇ ਨਾ-ਮਾਲੂਮ ਵਿਅਕਤੀ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਅਮਰੀਕ ਚੰਦ ਪੁੱਤਰ ਜਗੀਰ ਚੰਦ ਵਾਸੀ ਗੱਡੀਆਂ ਕਲਾਂ ਨੇ ਦੱਸਿਆ ਕਿ 17 ਮਾਰਚ ਨੂੰ ਮੇਰੇ ਤਾਏ ਦਾ ਲੜਕਾ ਜਗਰੂਪ ਚੰਦ ਪੁੱਤਰ ਬਲਬੀਰ ਚੰਦ ਵਾਸੀ ਗੱਡੀਆਂ ਕਲਾਂ ਆਪਣੇ ਮੋਟਰਸਾਈਕਲ ਨੰਬਰ ਪੀਬੀ 02.ਏ.ਵਾਏ 0401 'ਤੇ ਸਵਾਰ ਹੋ ਕੇ ਰਾਊਵਾਲ ਦੀ ਚਰਚ ਵਿੱਚ ਜਾ ਰਿਹਾ ਸੀ।

ਕੋਟਲੀ ਰੋਡ ਖੂਹ ਵਾਲਿਆਂ ਦੇ ਡੇਰਿਆਂ ਨਜ਼ਦੀਕ ਪੁੱਜਾ ਤਾਂ ਕਿਸੇ ਨਾ-ਮਲੂਮ ਵਾਹਨ ਚਾਲਕ ਨੇ ਜਗਰੂਪ ਚੰਦ ਦੇ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤੀ ਜਿਸ ਨਾਲ ਜਗਰੂਪ ਚੰਦ ਦੀ ਮੌਕੇ 'ਤੇ ਹੀ ਮੌਤ ਹੋ ਗਈ ਅਤੇ ਮੋਟਰਸਾਈਕਲ ਦਾ ਵੀ ਕਾਫੀ ਨੁਕਸਾਨ ਹੋਇਆ। ਥਾਣਾ ਕਲਾਨੌਰ ਪੁਲਸ ਨੇ ਨਾ-ਮਾਲੂਮ ਵਾਹਨ ਚਾਲਕ ਖ਼ਿਲਾਫ਼ ਜ਼ੇਰੇ ਧਾਰਾ 304 ਏ, 279 ਅਤੇ 427 ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

ਮਾਨਸਿਕ ਸਿਹਤ ਜਾਗਰੂਕਤਾ ਸੰਬੰਧੀ ਖਾਲਸਾ ਕਾਲਜ 'ਚ ਸੈਮੀਨਾਰ ਕਰਵਾਇਆ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)

ਖ਼ਾਲਸਾ ਕਾਲਜ ਆਫ਼ ਫ਼ਾਰਮੇਸੀ ਵਿਖੇ ਮਾਨਸਿਕ ਸਿਹਤ ਜਾਗਰੂਕਤਾ ਸਬੰਧੀ ਸੈਮੀਨਾਰ ਕਰਵਾਇਆ ਗਿਆ। ਕਾਲਜ ਡਾਇਰੈਕਟਰ-ਕਮ-ਪ੍ਰਿੰਸੀਪਲ ਡਾ. ਆਰ. ਕੇ. ਧਵਨ ਦੇ ਦਿਸ਼ਾ ਨਿਰਦੇਸ਼ਾਂ 'ਤੇ ਆਦਿਤਿਆ ਬਿਰਲਾ ਐਜੂਕੇਸ਼ਨ ਟਰੱਸਟ ਦੇ ਸਹਿਯੋਗ ਨਾਲ ਕਰਵਾਏ ਇਸ ਸੈਮੀਨਾਰ ਮੌਕੇ ਸ੍ਰੀਮਤੀ ਜੋਤੀ ਬਾਵਾ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕਰਦਿਆਂ ਮਾਨਸਿਕ ਸਿਹਤ ਸਮੱਸਿਆਵਾਂ, ਉਦਾਸੀ, ਮਨੋਵਿਗਿਆਨ, ਮਨੋਰੋਗ, ਖੁਸ਼ੀ ਅਤੇ ਅੰਤਿਮ ਟੀਚਾ ਅਤੇ ਸਕਾਰਾਤਮਕਤਾ ਬਾਰੇ ਵਿਦਿਆਰਥੀਆਂ ਨੂੰ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਸ਼੍ਰੀਮਤੀ ਬਾਵਾ ਨੇ ਗੱਲਬਾਤ ਕਰਦਿਆਂ ਕਿਹਾ ਕਿ ਵਿਸ਼ਵ ਭਰ 'ਚ ਮਾਨਸਿਕ ਸਿਹਤ ਮਸਲਿਆਂ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਸਮਰਥਨ 'ਚ ਯਤਨਾਂ ਨੂੰ ਜੁਟਾਉਣਾ ਵਿਸ਼ਵ ਮਾਨਸਿਕ ਸਿਹਤ ਦਿਵਸ ਦਾ ਸਮੁੱਚਾ ਉਦੇਸ਼ ਹੈ। ਉਨ੍ਹਾਂ ਕਿਹਾ ਕਿ ਜੇਕਰ ਸਮੇਂ ਨੂੰ ਪਛਾਣਿਆ ਜਾਂ ਮਹਿਸੂਸ ਨਾ ਕੀਤਾ ਜਾਵੇ ਤਾਂ ਇਹ ਭਾਵਨਾਵਾਂ ਮਾਨਸਿਕ ਬਿਮਾਰੀ ਦਾ ਕਾਰਨ ਬਣ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਹਰੇਕ ਮਨੁੱਖ ਨੂੰ ਮਾਨਸਿਕ ਰਹਿਤ ਰਹਿਣ ਲਈ ਆਪਣੇ ਰੁਝੇਵੇਂ ਭਰੇ ਸਮੇਂ 'ਚੋਂ ਸੈਰ ਅਤੇ ਕਸਰਤ ਨੂੰ ਪਹਿਲ ਦੇਣੀ ਚਾਹੀਦਾ ਹੈ, ਜਿਸ ਨਾਲ ਉਹ ਹਮੇਸ਼ਾ ਸਿਹਤਮੰਦ ਅਤੇ ਤਣਾਅ ਮੁਕਤ ਹੋ ਕੇ ਮਾਨਸਿਕ ਬਿਮਾਰੀਆਂ ਤੋਂ ਬਚ ਸਕਦਾ ਹੈ। ਇਸ ਦੌਰਾਨ ਡਾ. ਧਵਨ ਨੇ ਬਾਵਾ ਵੱਲੋਂ ਮਾਨਸਿਕਤਾ ਸਬੰਧੀ ਪ੍ਰਦਾਨ ਕੀਤੀ ਜਾਣਕਾਰੀ ਲਈ ਧੰਨਵਾਦ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਲਈ ਇਹ ਗਿਆਨ ਭਵਿੱਖ 'ਚ ਲਾਹੇਵੰਦ ਸਾਬਿਤ ਹੋਵੇਗਾ ਅਤੇ ਉਹ ਮਾਨਸਿਕ ਦਾ ਸ਼ਿਕਾਰ ਹੋਣ ਬਚ ਸਕਣ। ਉਨ੍ਹਾਂ ਕਿਹਾ ਕਿ ਵਧੇਰੇ ਕਰਕੇ ਕਿਸ਼ੋਰ ਸੰਘਰਸ਼ਾਂ, ਕੁਦਰਤੀ ਆਫ਼ਤਾਂ ਅਤੇ ਮਹਾਂਮਾਰੀ ਤੋਂ ਪ੍ਰਭਾਵਿਤ ਮਨੁੱਖੀ ਸੰਕਟਕਾਲਾਂ ਖੇਤਰਾਂ 'ਚ ਵੀ ਰਹਿ ਰਹੇ ਹਨ। ਜਿਸ ਨਾਲ ਨੌਜਵਾਨ ਖਾਸ ਤੌਰ 'ਤੇ ਮਾਨਸਿਕ ਪ੍ਰੇਸ਼ਾਨੀ ਅਤੇ ਬੀਮਾਰੀਆਂ ਦਾ ਸ਼ਿਕਾਰ ਹੁੰਦੇ ਹਨ। ਉਨ੍ਹਾਂ ਕਿਹਾ ਕਿ ਮਾਨਸਿਕ ਸਿਹਤ ਸਬੰਧੀ ਜ਼ਿਕਰ ਕੀਤੇ ਬਿਨ੍ਹਾਂ ਸਿਹਤ ਅਤੇ ਤੰਦਰੁਸਤੀ ਬਾਰੇ ਚਰਚਾ ਕਰਨਾ ਅਸੰਭਵ ਹੈ। ਡਾ. ਧਵਨ ਨੇ ਕਿਹਾ ਕਿ ਸੰਯੁਕਤ ਰਾਜ 'ਚ ਲਗਭਗ 5 'ਚੋਂ ਇਕ ਬਾਲਗ ਨੂੰ ਮਾਨਸਿਕ ਬਿਮਾਰੀ ਜਾਂ ਮਾਨਸਿਕ ਸਿਹਤ ਸਥਿਤੀ ਹੈ। ਉਨ੍ਹਾਂ ਕਿਹਾ ਕਿ ਮਾਨਸਿਕ ਸਿਹਤ ਵਿਗਾੜਾਂ ਨਾਲ ਨਜਿੱਠਣ ਵਾਲੇ ਲੋਕਾਂ ਲਈ ਸਿਰਫ਼ ਗੱਲਬਾਤ ਨਹੀਂ ਹੈ। ਇਹ ਸਾਡੀ ਸਮਾਜਿਕ, ਭਾਵਨਾਤਮਕ, ਸਰੀਰਕ ਅਤੇ ਬੋਧਾਤਮਕ ਤੰਦਰੁਸਤੀ ਨੂੰ ਪ੍ਰਭਾਵਿਤ ਕਰਦਾ ਹੈ।

ਲਾਇਸੰਸੀ ਅਸਲਾ ਧਾਰਕਾਂ ਨੂੰ ਹਥਿਆਰ ਜਮ੍ਹਾ ਕਰਵਾਉਣ ਦੇ ਹੁਕਮ ਜਾਰੀ

ਬਟਾਲਾ, (ਡਾ. ਮਲਵਿੰਦਰ ਸਿੰਘ)-ਲੋਕ ਸਭਾ ਚੋਣਾਂ 2024 ਦੀ ਪ੍ਰਕਿਰਿਆ ਸ਼ੁਰੂ ਹੋ ਚੁੱਕੀ ਹੈ। ਚੋਣਾਂ ਦੌਰਾਨ ਲੜਾਈ-ਝਗੜੇ ਦੇ ਅੰਦੇਸ਼ੇ ਅਤੇ ਕਿਸੇ ਅਣਸੁਖਾਵੀਂ ਘਟਨਾ ਨੂੰ ਵਾਪਰਨ ਤੋਂ ਰੋਕਣ ਅਤੇ ਜ਼ਿਲ੍ਹੇ ਅੰਦਰ ਅਮਨ ਅਤੇ ਕਾਨੂੰਨ ਦੀ ਸਥਿਤੀ ਨੂੰ ਕਾਇਮ ਰੱਖਣ ਲਈ ਚੋਣ ਕਮਿਸ਼ਨ ਦੀਆਂ ਹਦਾਇਤਾਂ ਤਹਿਤ ਡਾ. ਹਿਮਾਂਸ਼ੂ ਅਗਰਵਾਲ, ਆਈਏਐੱਸ., ਜ਼ਿਲ੍ਹਾ ਮੈਜਿਸਟਰੇਟ, ਗੁਰਦਾਸਪੁਰ ਨੇ ਜ਼ਾਬਤਾ ਫੌਜਦਾਰੀ 1973 ਦੀ ਧਾਰਾ 144 ਅਧੀਨ ਜ਼ਿਲ੍ਹੇ ਦੇ ਸਮੂਹ ਅਸਲਾ ਲਾਇਸੈਂਸ ਧਾਰਕਾਂ ਨੂੰ ਹੁਕਮ ਕੀਤਾ ਹੈ ਕਿ ਉਹ ਆਪਣੇ ਲਾਇਸੈਂਸੀ ਹਥਿਆਰ 5 ਅਪ੍ਰੈਲ 2024 ਤੱਕ ਆਪਣੇ ਨੇੜਲੇ ਪੁਲਸ ਸਟੇਸ਼ਨ ਜਾਂ ਮਨਜ਼ੂਰਸ਼ੁਦਾ ਅਸਲਾ ਡੀਲਰ ਪਾਸ ਜਮ੍ਹਾ ਕਰਾਉਣੇ ਯਕੀਨੀ ਬਣਾਉਣਗੇ। ਇਹ ਹੁਕਮ ਚੋਣਾਂ ਦੀ ਪ੍ਰਕਿਰਿਆ ਖਤਮ ਹੋਣ ਤੱਕ ਲਾਗੂ ਰਹਿਣਗੇ। ਉਨ੍ਹਾਂ ਕਿਹਾ ਕਿ ਇਨ੍ਹਾਂ ਹੁਕਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਪਾਕਿ ਵੱਲੋਂ ਡਰੋਨ ਰਾਹੀਂ ਸੁੱਟੀ 2 ਕਿੱਲੋ 996 ਗ੍ਰਾਮ ਹੈਰੋਇਨ ਬਰਾਮਦ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)- ਪਾਕਿਸਤਾਨੀ ਡਰੋਨ ਰਾਹੀਂ ਭਾਰਤੀ ਸਰਹੱਦ ਅੰਦਰ ਭੇਜੀ 2 ਕਿੱਲੋ 996 ਗ੍ਰਾਮ ਹੈਰੋਇਨ ਦੀ ਖੇਪ ਖੇਮਕਰਨ ਪੁਲਸ ਤੇ ਬੀਐੱਸਐੱਫ ਨੇ ਸਾਂਝੇ ਸਰਚ ਅਭਿਆਨ ਦੌਰਾਨ ਭਾਰਤ-ਪਾਕਿਸਤਾਨ ਸਰਹੱਦ ਨਾਲ ਲੱਗਦੇ ਪਿੰਡ ਮਹਿਦੀਪੁਰ 'ਚੋਂ ਬਰਾਮਦ ਕਰ ਲਈ ਹੈ।

ਇਸ ਸੰਬੰਧੀ ਜਾਣਕਾਰੀ ਦਿੰਦਿਆਂ ਥਾਣਾ ਖੇਮਕਰਨ ਦੇ ਮੁਖੀ ਇੰਸਪੈਕਟਰ ਸ਼ਮਸ਼ੇਰ ਸਿੰਘ ਨੇ ਦੱਸਿਆ ਕਿ ਬੀਤੀ ਰਾਤ ਥਾਣਾ ਖੇਮਕਰਨ ਦੀ ਪੁਲਸ ਅਤੇ ਬੀਐੱਸਐੱਫ ਵੱਲੋਂ ਚਲਾਏ ਜਾ ਰਹੇ ਸਾਂਝੇ ਸਰਚ ਅਪਰੇਸ਼ਨ ਦੌਰਾਨ ਪੀਰ ਬਾਬਾ ਬੋਤਲ ਸ਼ਾਹ ਪਿੰਡ ਮਹਿਦੀਪੁਰ ਦੀ ਜਗ੍ਹਾ ਤੇ ਇੱਕ ਕਾਲੇ ਰੰਗ ਦਾ ਬੈਗ ਮਿਲਿਆ। ਜਦੋਂ ਪੁਲਸ ਅਤੇ ਬੀਐੱਸਐੱਫ ਵੱਲੋਂ ਉਕਤ ਬੈਗ ਦੀ ਤਲਾਸ਼ੀ ਲਈ ਗਈ ਤਾਂ ਉਸ ਵਿੱਚੋਂ ਛੇ ਪੈਕਟ ਹੈਰੋਇਨ ਬਰਾਮਦ ਹੋਈ, ਜਿਸ ਦਾ ਕੁੱਲ ਵਜ਼ਨ 2 ਕਿੱਲੋ 996 ਗ੍ਰਾਮ ਹੈਰੋਇਨ ਹੋਇਆ ।ਥਾਣਾ ਮੁਖੀ ਨੇ ਦੱਸਿਆ ਕਿ ਇਸ ਮਾਮਲੇ ਸਬੰਧੀ ਥਾਣਾ ਖੇਮਕਰਨ ਵਿੱਚ ਐੱਫਆਈਆਰ ਨੰਬਰ 30, ਜੁਰਮ 21ਸੀ 61/85 ਐੱਨਡੀਪੀਐੱਸ ਐਕਟ ਤੇ 10/11/12 ਏਅਰਕਰਾਫਟ ਐਕਟ ਅਧੀਨ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਆਰੰਭ ਕਰ ਦਿੱਤੀ ਹੈ ਅਤੇ ਡਰੋਨ ਦੀ ਭਾਲ ਜਾਰੀ ਹੈ।

ਫੌਜੀ ਜਵਾਨ ਦਾ ਸੈਨਿਕ ਸਨਮਾਨਾਂ ਨਾਲ ਅੰਤਿਮ ਸੰਸਕਾਰ

ਗੁਰਦਾਸਪੁਰ(ਦਿਨੇਸ਼ ਕੁਮਾਰ)-ਨੇੜਲੇ ਪਿੰਡ ਬਲਗਾਨ ਵਿਖੇ ਪਿਛਲੇ ਦਿਨੀਂ ਇੱਕ ਸੜਕ ਹਾਦਸੇ ਦਾ ਸ਼ਿਕਾਰ ਹੋਏ ਫੌਜੀ ਜਵਾਨ ਹਵਲਦਾਰ ਹਰਦੀਪ ਸਿੰਘ ਦਾ ਅੰਤਿਮ ਸੰਸਕਾਰ ਸਰਕਾਰੀ ਸਨਮਾਨਾਂ ਨਾਲ ਕੀਤਾ ਗਿਆ।ਮ੍ਰਿਤਕ ਜਵਾਨ ਦੇ ਦੋ ਛੋਟੇ ਬੱਚੇ ਹਨ।ਮ੍ਰਿਤਕ ਦੇ ਭਰਾ ਕੁਲਦੀਪ ਸਿੰਘ ਨੇ ਦੱਸਿਆ ਕਿ ਹਰਦੀਪ ਸਿੰਘ ਛੁੱਟੀਆਂ ਮਨਾਉਣ ਘਰ ਆਇਆ ਸੀ ਅਤੇ ਸ੍ਰੀ ਆਨੰਦਪੁਰ ਸਾਹਿਬ ਦੇ

19-MAR-PAGE-12.qxd 3/18/2024 10:50 PM Page 1

ਦੇਸ਼ ਭਗਤ ਯਾਦਗਾਰ ਹਾਲ ਦੇ ਗ਼ਦਰੀ ਪਾਰਕ ਦਾ ਉਦਘਾਟਨ 23 ਨੂੰ

ਜਲੰਧਰ (ਕੇਸਰ)—ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ ਅਤੇ ਸਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਦੱਸਿਆ ਕਿ 23 ਮਾਰਚ ਸਵੇਰੇ 10 ਵਜੇ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਦੇ ਜੀ. ਟੀ. ਰੋਡ ਤਰਫ਼ ਵੱਲ ਸ਼ਹੀਦ ਊਧਮ ਸਿੰਘ ਵੈਲਫੇਅਰ ਟਰੱਸਟ ਅਤੇ ਸ਼ਹੀਦ ਊਧਮ ਸਿੰਘ ਸੈਂਟਰ ਦੀ ਵਿਸ਼ੇਸ਼ ਸਹਾਇਤਾ ਨਾਲ਼ ਬਣਨ ਵਾਲੇ ਗ਼ਦਰੀ ਪਾਰਕ ਦਾ ਉਦਘਾਟਨ 23 ਮਾਰਚ ਦੇ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਦੇ ਸ਼ਹੀਦੀ ਦਿਹਾੜੇ ਮੌਕੇ ਕੀਤਾ ਜਾਏਗਾ।ਇਸ ਪਾਰਕ 'ਚ ਗ਼ਦਰ ਲਹਿਰ ਦੀ ਕਹਾਣੀ ਤਸਵੀਰਾਂ ਦੀ ਜ਼ੁਬਾਨੀ ਪੇਸ਼ ਕੀਤੀ ਜਾਏਗੀ। ਇਸ ਤੋਂ ਇਲਾਵਾ ਇਸ ਪਾਰਕ 'ਚ ਫੁੱਲ ਬੂਟਿਆਂ ਤੋਂ ਇਲਾਵਾ ਦਰਖ਼ਤਾਂ ਨਾਲ਼ ਕਿਤਾਬਾਂ ਦੇ ਆਲ੍ਹਣੇ ਵੀ ਬਣਾਏ ਜਾਣਗੇ। ਇਨ੍ਹਾਂ ਆਲ੍ਹਣਿਆਂ ਵਿੱਚੋਂ ਲੋੜਵੰਦ ਪਾਠਕ ਕਿਤਾਬਾਂ ਸੇਵਾ ਰਾਸ਼ੀ ਦੇ ਕੇ ਲਿਜਾ ਸਕਣਗੇ। ਪਾਰਕ ਵਿੱਚ ਲਾਈਟ ਐਂਡ ਸਾਊਂਡ ਦਾ ਵੀ ਦਿਲਕਸ਼ ਪ੍ਰਬੰਧ ਕੀਤਾ ਜਾਏਗਾ ਜਿਸ ਵਿਚ ਗ਼ਦਰੀ ਗੂੰਜਾਂ ਅਤੇ ਦੇਸ਼ ਭਗਤੀ ਦਾ ਸੰਗੀਤ ਲੋਕਾਂ ਨੂੰ ਆਪਣੀ ਮਹਾਨ ਇਤਿਹਾਸਕ ਵਿਰਾਸਤ ਨਾਲ਼ ਜੋੜੇਗਾ ਅਤੇ ਅਜੋਕੇ ਸਮੇਂ ਵਿਰਾਸਤ ਦੀ ਪ੍ਰਸੰਗਿਕਤਾ ਅਤੇ ਸਾਰਥਕਤਾ ਉਭਾਰਨ ਦਾ ਕੰਮ ਕਰੇਗੀ।ਜ਼ਿਕਰਯੋਗ ਹੈ ਕਿ ਇਸ ਉਦਘਾਟਨੀ ਸਮਾਰੋਹ ਵਿੱਚ ਸ਼ਹੀਦ ਊਧਮ ਸਿੰਘ ਵੈਲਫੇਅਰ ਟਰੱਸਟ ਅਤੇ ਸ਼ਹੀਦ ਊਧਮ ਸਿੰਘ ਸੈਂਟਰ ਸੰਸਥਾਵਾਂ ਵੱਲੋਂ ਕੁਲਬੀਰ ਸਿੰਘ ਸੰਘੇੜਾ, ਸੁਰਿੰਦਰ ਕੌਰ ਸੰਘੇੜਾ,ਅਵਤਾਰ ਅਟਵਾਲ, ਸ਼ੀਰਾ ਜੌਹਲ, ਭਗਵੰਤ ਸਮਰਾਲਾ, ਕੁਲਵੰਤ ਸਿੰਘ ਕਮਲ ਮਾਓ ਸਾਹਿਬ, ਸੁਰਿੰਦਰ ਪਾਲ ਵਿਰਦੀ ਕੋਟ ਗਰੇਵਾਲ, ਰਤਨ ਪਾਲ ਮਹਿਮੀ ਸੁੱਜੋਂ, ਕਨੇਡਾ ਤੋਂ ਬਲਦੇਵ ਰਹਿਪਾ ਸਮੇਤ ਕਿੰਨੇ ਹੀ ਸਰਗਰਮ ਕਾਮੇ ਸ਼ਿਰਕਤ ਕਰ ਰਹੇ ਹਨ। ਇਹਨਾਂ ਤੋਂ ਇਲਾਵਾ ਦੇਸ਼ ਭਗਤ ਯਾਦਗਾਰ ਕਮੇਟੀ ਦੇ ਮੈਂਬਰ ਵੀ ਸ਼ਾਮਲ ਹੋਣਗੇ।

ਹੋਲਾ-ਮਹੱਲਾ ਮੌਕੇ ਗਰੇਵਾਲ ਤੇ ਹੁੰਦਲ ਨੇ ਡੇਰਾ ਮੁਖੀਆਂ ਤੋਂ ਮੰਗਿਆ ਸਹਿਯੋਗ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)-ਵਧੀਕ ਡਿਪਟੀ ਕਮਿਸ਼ਨਰ ਪੂਜਾ ਸਿਆਲ ਗਰੇਵਾਲ ਅਤੇ ਐਸ.ਪੀ ਰਾਜਪਾਲ ਸਿੰਘ ਹੁੰਦਲ ਨੇ ਹੋਲਾ ਮਹੱਲਾ ਦੇ ਤਿਉਹਾਰ ਮੌਕੇ ਸਥਾਨਕ ਡੇਰਾ ਮੁਖੀਆਂ/ਪ੍ਰਬੰਧਕਾਂ ਨਾਲ ਇੱਕ ਵਿਸੇਸ਼ ਮੀਟਿੰਗ ਕੀਤੀ ਅਤੇ ਹੋਲਾ ਮਹੱਲਾ ਦੌਰਾਨ ਉਨ੍ਹਾਂ ਤੋਂ ਸਹਿਯੋਗ ਦੀ ਮੰਗ ਕੀਤੀ। ਮੀਟਿੰਗ ਵਿਚ ਸਥਾਨਕ ਡੇਰਿਆਂ ਦੇ ਮੁਖੀ, ਸੇਵਾਦਾਰ/ਪ੍ਰਬੰਧਕ ਵੱਡੀ ਗਿਣਤੀ ਵਿਚ ਹਾਜ਼ਰ ਸਨ। ਜਿਨ੍ਹਾਂ ਵਿਚ ਮੁੱਖ ਤੌਰ 'ਤੇ ਬਾਬਾ ਅਵਤਾਰ ਸਿੰਘ ਹੈਡ ਦਰਬਾਰ ਕੋਟ ਪ੍ਰਾਣ ਟਿੱਬੀ ਸਾਹਿਬ, ਬਾਬਾ ਹਰਬੰਸ ਸਿੰਘ ਡੇਰਾ ਨਾਨਕ ਰਾਏ, ਬਾਬਾ ਬੱਲਮ ਸਿੰਘ ਡੇਰਾ ਸ਼ਹੀਦ ਭਾਈ ਉਦੇ ਸਿੰਘ ਗੁਰਦੁਆਰਾ ਥੜ੍ਹਾ ਸਾਹਿਬ, ਬਾਬਾ ਮੇਜਰ ਸਿੰਘ ਗੁ.ਅਨੰਦਪੁਰ ਸਾਹਿਬ ਲੋਪੋਵਾਲਾ, ਬਾਬਾ ਖੜਕ ਸਿੰਘ ਡੇਰਾ ਗੁਪਤਸਰ ਪਿੰਡ ਲੋਦੀਪੁਰ, ਬਾਬਾ ਅਮਰਜੀਤ ਸਿੰਘ ਸ੍ਰੀ ਹਰਗੋਬਿੰਦ ਸਾਹਿਬ ਰਣਜੀਤ, ਬਾਬਾ ਮੇਜਰ ਸਿੰਘ- ਬਾਬਾ ਸੁਲੱਖਣ ਸਿੰਘ ਲੋਧੀਪੁਰ, ਬਾਬਾ ਦਵਿੰਦਰ ਸਿੰਘ ਲੰਗਰ ਗੁ. ਰਾਮਪੁਰ ਖੰਨਾ ਹੁਸ਼ਿਆਰਪੁਰ, ਬਾਬਾ ਗੁਰਤੇਜ ਸਿੰਘ ਗੁ. ਬੋਹੜ ਸਾਹਿਬ ਪਾਤਸ਼ਾਹੀ 6ਵੀਂ, ਸੰਤ ਬਾਬਾ ਨਰਿੰਦਰ ਸਿੰਘ ਬੁੰਗਾ- ਸੰਤ ਹਰੀ ਸਿੰਘ ਕਹਾੜਪੁਰੀ, ਬਾਬਾ ਪੂਰਨ ਸਿੰਘ- ਬਾਬਾ ਸ੍ਰੀ ਚੰਦ ਬਾਬਾ ਬਲਕਾਰ ਸਿੰਘ, ਡੇਰਾ ਸੰਤ ਘਨੱਇਆ ਸਿੰਘ-ਵੈਦ ਜੁਗਿੰਦਰ ਸਿੰਘ, ਸ.ਆਤਮਾ ਸਿੰਘ ਡੇਰਾ ਡੂਮੇਲੀਵਾਲੇ, ਬਾਬਾ ਅਰਜਨ ਸਿੰਘ ਗ੍ਰੰਥੀ ਗੁ.ਦਸ਼ਮੇਸ਼ ਬੰਗਾ ਪਰਿਵਾਰ ਵਿਛੋੜਾ, ਬਾਬਾ ਗੁਰਨੈਬ ਸਿੰਘ ਸ੍ਰੀ ਅਨੰਦਪੁਰ ਸਾਹਿਬ-ਨੂਰਪੁਰਬੇਦੀ, ਬਾਬਾ ਕੁਲਦੀਪ ਸਿੰਘ ਸੈਕੂਪੁਰ, ਬਾਬਾ ਤਰਨਪਾਲ ਸਿੰਘ ਗੁ.ਸੰਤ ਬਾਬਾ ਕਰਮ ਸਿੰਘ ਰਾੜਾ ਸਾਹਿਬ, ਬਾਬਾ ਗੁਰਦਿਤਾ ਸਿੰਘ ਗੁ. ਅੰਗੀਠਾ ਸਾਹਿਬ ਅਤੇ ਹੋਰ ਡੇਰਿਆਂ ਦੇ ਮੁਖੀਆਂ, ਪ੍ਰਬੰਧਕਾਂ ਤੇ ਸੇਵਾਦਾਰਾਂ ਤੋਂ ਇਲਾਵਾ ਮੇਲਾ ਅਫ਼ਸਰ ਐਸ.ਡੀ.ਐਮ ਕਮ ਉਪ ਮੰਡਲ ਮੈਜਿਸਟੇਟ ਰਾਜਪਾਲ ਸਿੰਘ ਸੇਖੋਂ, ਡੀ.ਐਸ.ਪੀ ਅਜੇ ਸਿੰਘ ਆਦਿ ਹਾਜ਼ਰ ਸਨ।

ਬਲੱਡ ਡੋਨਰ ਕੈਂਪ ਦੌਰਾਨ 40 ਨੌਜਵਾਨਾਂ ਨੇ ਖ਼ੂਨਦਾਨ ਕੀਤਾ

ਟਾਂਡਾ ਉੜਮੁੜ (ਜਸਵਿੰਦਰ ਸੰਧੂ ਉਂਕਾਰ ਸਿੰਘ)-ਗੁਰਮਤਿ ਪ੍ਰਚਾਰ ਸੇਵਾ ਸਿਮਰਨ ਸੁਸਾਇਟੀ ਟਾਂਡਾ ਵੱਲੋਂ ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਟਾਂਡਾ ਨਜਦੀਕ ਕਰਵਾਏ ਗਏ ਸਮਾਗਮ ਮੌਕੇ ਵੱਖ-ਵੱਖ ਸਿਹਤ ਸਬੰਧੀ ਹਸਪਤਾਲਾਂ ਤੇ ਸੰਸਥਾਵਾਂ ਵੱਲੋਂ ਮਨੁੱਖਤਾ ਦੀ ਸੇਵਾ ਹਿੱਤ ਮੁਫਤ ਅੱਖਾਂ, ਮੁਫ਼ਤ ਮੈਡੀਕਲ ਕੈਂਪ ਤੇ ਖ਼ੂਨਦਾਨ ਕੈਂਪ ਲਗਾਇਆ ਗਿਆ । ਇਸ ਮੌਕੇ ਰੇਖੀ ਹਰਬੰਸ ਹਸਪਤਾਲ ਟਾਂਡਾ ਵੱਲੋਂ ਅੱਖਾਂ ਦਾ ਮੁਫਤ ਜਾਂਚ ਕੈਂਪ ਲਗਾਇਆ ਗਿਆ। ਅੱਖਾਂ ਦੇ ਮਾਹਿਰ ਡਾ. ਸ਼ਿਵਰਾਜ ਰੇਖੀ ਦੀ ਅਗਵਾਈ ਵਿੱਚ ਲਗਾਏ ਗਏ ਇਸ ਕੈਂਪ ਦਾ ਉਦਘਾਟਨ ਸੇਵਾ ਸਿਮਰਨ ਸੁਸਾਇਟੀ ਦੇ ਮੁੱਖ ਸੇਵਾਦਾਰ ਜਗਮੋਹਨ ਸਿੰਘ ਨੇ ਕੀਤਾ। ਜਦਕਿ ਕੈਂਪ ਦੌਰਾਨ ਮਾਹਿਰ ਡਾਕਟਰੀ ਟੀਮ ਲੋਕਾਂ ਦੀਆਂ ਅੱਖਾਂ ਦਾ ਮੁਆਇਨਾ ਕੀਤਾ ਗਿਆ ਤੇ ਲੋੜਵੰਦ ਮਰੀਜ਼ਾਂ ਨੂੰ ਮੁਫਤ ਦਵਾਈਆਂ ਦਿੱਤੀਆਂ ਗਈਆਂ ।ਇਸ ਤੋਂ ਇਲਾਵਾ ਬੀ.ਆਰ ਕਾਜਲ ਹਸਪਤਾਲ ਟਾਂਡਾ ਤੇ ਵੇਵਜ ਹਸਪਤਾਲ ਟਾਂਡਾ ਵੱਲੋਂ ਸਾਂਝੇ ਤੌਰ 'ਤੇ ਲਗਾਏ ਗਏ ਜਨਰਲ ਬਿਮਾਰੀਆਂ ਦੇ ਮੁਫਤ ਜਾਂਚ ਕੈਂਪ ਦਾ ਉਦਘਾਟਨ ਸੁਸਾਇਟੀ ਦੇ ਜਨਰਲ ਸਕੱਤਰ ਕਿਰਪਾਲ ਸਿੰਘ ਪੰਡੋਰੀ ਤੇ ਮੀਡੀਆ ਇੰਚਾਰਜ ਜਥੇਦਾਰ ਪਰਮਜੀਤ ਸਿੰਘ ਖਾਲਸਾ ਨੇ ਸਾਂਝੇ ਤੌਰ 'ਤੇ ਉਦਘਾਟਨ ਕੀਤਾ । ਸੇਵਾ ਮੁਕਤ ਡਿਪਟੀ ਡਾਇਰੈਕਟਰ ਡਾ. ਕੇਵਲ ਸਿੰਘ ਤੇ ਡਾ. ਲਵਪ੍ਰੀਤ ਸਿੰਘ ਪਾਬਲਾ ਦੀ ਅਗਵਾਈ ਵਿੱਚ ਕਰੀਬ 280 ਤੋਂ ਮਰੀਜ਼ਾਂ ਦੀ ਸਿਹਤ ਸਬੰਧੀ ਜਾਂਚ ਕੀਤੀ ਗਈ ਤੇ ਲੋੜਵੰਦ ਮਰੀਜ਼ਾਂ ਨੂੰ ਮੁਫਤ ਦਵਾਈਆਂ ਦਿੱਤੀਆਂ ਗਈਆਂ। ਇਸੇ ਤਰ੍ਹਾਂ ਹੀ ਮਾਨਵਤਾ ਦੀ ਸੇਵਾ ਨੂੰ ਮੁੱਖ ਰੱਖਦਿਆਂ ਗੰਗਾ ਬਲੱਡ ਬੈਂਕ ਜਲੰਧਰ ਵੱਲੋਂ ਵਿਸ਼ਾਲ ਖ਼ੂਨਦਾਨ ਕੈਂਪ ਲਗਾਇਆ ਗਿਆ ।ਜਿਸ ਦਾ ਉਦਘਾਟਨ ਸੋਸਾਇਟੀ ਦੇ ਪ੍ਰਚਾਰ ਸਕੱਤਰ ਗਿਆਨੀ ਕੇਵਲ ਸਿੰਘ ਤੇ ਬਲੱਡ ਡੋਨਰ ਜਗਦੀਪ ਸਿੰਘ ਮਾਨ ਨੇ ਸਾਂਝੇ ਤੌਰ 'ਤੇ ਕੀਤਾ । ਖ਼ੂਨਦਾਨ ਕੈਂਪ ਦੌਰਾਨ ਕਰੀਬ 40 ਨੌਜਵਾਨਾਂ ਨੇ ਖ਼ੂਨਦਾਨ ਕੀਤਾ । ਇਹਨਾਂ ਸਮੁੱਚੇ ਕੈਂਪਾਂ ਦੀ ਸਮਾਪਤੀ ਤੇ ਸੋਸਾਇਟੀ ਵੱਲੋਂ ਕੈਂਪ ਦੇ ਪ੍ਰਬੰਧਕਾਂ ਦਾ ਸਨਮਾਨ ਵੀ ਕੀਤਾ ਗਿਆ।

ਪੇਡ ਖਬਰਾਂ 'ਤੇ ਨਜ਼ਰ ਰੱਖਣ ਲਈ ਮੀਡੀਆ ਸਰਟੀਫਿਕੇਸ਼ਨ ਤੇ ਮੋਨੀਟਰਿੰਗ ਕਮੇਟੀ ਹੋਈ ਕਾਰਜਸ਼ੀਲ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-ਅਗਾਮੀ ਲੋਕ ਸਭਾ ਚੋਣਾਂ-2024 ਦੇ ਮੱਦੇਨਜ਼ਰ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਗਠਿਤ ਕੀਤੀ ਗਈ ਜ਼ਿਲ੍ਹਾ ਪੱਧਰੀ ਮੀਡੀਆ ਸਰਟੀਫਿਕੇਸ਼ਨ ਅਤੇ ਮੋਨੀਟਰਿੰਗ ਕਮੇਟੀ ਕਾਰਜਸ਼ੀਲ ਹੋ ਗਈ ਹੈ, ਜਿਸ ਵੱਲੋਂ ਚੋਣ ਜ਼ਾਬਤੇ ਦੌਰਾਨ ਪ੍ਰਿੰਟ, ਇਲੈਕਟ੍ਰਾਨਿਕ ਅਤੇ ਸੋਸ਼ਲ ਮੀਡੀਆ ਰਾਹੀਂ ਕੀਤੀ ਜਾਣ ਵਾਲੀ ਇਸ਼ਤਿਹਾਰਬਾਜ਼ੀ, ਪੇਡ ਖਬਰਾਂ/ਸ਼ੱਕੀ ਪੇਡ ਖਬਰਾਂ 'ਤੇ ਲਗਾਤਾਰ ਨਜ਼ਰ ਰੱਖੀ ਜਾਵੇਗੀ।

ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫਸਰ ਕੋਮਲ ਮਿੱਤਲ ਨੇ ਅੱਜ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਵਿਖੇ ਸਥਾਪਤ ਕੀਤੇ ਮੀਡੀਆ ਮੋਨੀਟਰਿੰਗ ਸੈੱਲ ਦਾ ਜਾਇਜ਼ਾ ਲੈਣ ਮੌਕੇ ਕੀਤਾ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਚੋਣ ਅਫਸਰ ਦੀ ਅਗਵਾਈ 'ਚ ਗਠਿਤ ਇਸ ਕਮੇਟੀ ਵਿਚ ਵਧੀਕ ਡਿਪਟੀ ਕਮਿਸ਼ਨਰ-ਕਮ-ਵਧੀਕ ਜ਼ਿਲ੍ਹਾ ਚੋਣ ਅਫਸਰ ਰਾਹੁਲ ਚਾਬਾ ਨੂੰ ਨੋਡਲ ਅਫਸਰ, ਜ਼ਿਲ੍ਹਾ ਲੋਕ ਸੰਪਰਕ ਅਫਸਰ ਹਰਦੇਵ ਸਿੰਘ ਨੂੰ ਮੈਂਬਰ ਸਕੱਤਰ ਅਤੇ ਜ਼ਿਲ੍ਹਾ ਸਿਸਟਮ ਮੈਨੇਜਰ ਚਰਨ ਕਮਲ ਸਿੰਘ, ਸੰਜੀਵ ਕੁਮਾਰ ਬਖਸ਼ੀ (ਪ੍ਰਸਾਰ ਭਾਰਤੀ) ਤੇ ਸੰਜੀਵ ਸੂਦ (ਪੀ.ਟੀ.ਆਈ) ਨੂੰ ਮੈਂਬਰਾਂ ਵਜੋਂ ਸਾਮਿਲ ਕੀਤਾ ਗਿਆ ਹੈ । ਇਸ ਤੋਂ ਇਲਾਵਾ ਮੀਡੀਆ ਮੋਨੀਟਰਿੰਗ ਸੈੱਲ ਵਿਚ 20 ਦੇ ਕਰੀਬ ਕਰਮਚਾਰੀਆਂ ਨੂੰ ਵੱਖ-ਵੱਖ ਨਿਊਜ਼ ਚੈਨਲਾਂ, ਸੋਸ਼ਲ ਮੀਡੀਆ ਉੱਪਰ ਪ੍ਰਚਾਰ ਤੇ ਨਿਗਰਾਨੀ ਲਈ ਵੀ ਤਾਇਨਾਤ ਕੀਤਾ ਗਿਆ ਹੈ । ਉਨ੍ਹਾਂ ਦੱਸਿਆ ਕਿ ਇਸ ਸੈੱਲ ਵੱਲੋਂ ਆਪਣਾ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ, ਜਿਸ ਵਿਚ ਸ਼ਾਮਲ ਵੱਖ-ਵੱਖ ਵਿਭਾਗਾਂ ਦੇ ਕਰਮਚਾਰੀਆਂ ਵੱਲੋਂ ਲਗਾਤਾਰ ਨਿਊਜ਼ ਚੈਨਲਾਂ, ਸੋਸ਼ਲ ਮੀਡੀਆ ਅਤੇ ਪ੍ਰਿੰਟ ਮੀਡੀਆ ਵਿਚ ਨਸ਼ਰ ਹੋਣ ਵਾਲੀਆਂ ਖਬਰਾਂ ਦੀ ਨਜ਼ਰਸਾਨੀ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਚੋਣ ਲੜਨ ਵਾਲੇ ਉਮੀਦਵਾਰਾਂ ਵੱਲੋਂ ਦਿੱਤੇ ਜਾਣ ਵਾਲੇ ਇਸ਼ਤਿਹਾਰਾਂ ਅਤੇ ਪ੍ਰਚਾਰ ਸਮੱਗਰੀ ਦੇ ਕੰਟੈਂਟ ਦੀ ਪ੍ਰੀ-ਸਰਟੀਫਿਕੇਸ਼ਨ ਵੀ ਕੀਤੀ ਜਾਵੇਗੀ। ਇਸ ਤੋਂ ਇਲਾਵਾ ਪੇਡ ਨਿਊਜ਼ ਤੇ ਸ਼ੱਕੀ ਪੇਡ ਨਿਊਜ਼ ਦੇ ਮਾਮਲੇ ਵੀ ਵਿਚਾਰੇ ਜਾਣਗੇ। ਇਸ ਮੌਕੇ ਵਧੀਕ ਜ਼ਿਲਾ ਚੋਣ ਅਫਸਰ ਰਾਹੁਲ ਚਾਬਾ ਸਹਾਇਕ ਕਮਿਸ਼ਨਰ ਦਿਵਿਆ ਪੀ, ਜ਼ਿਲ੍ਹਾ ਲੋਕ ਸੰਪਰਕ ਅਫਸਰ ਹਰਦੇਵ ਸਿੰਘ ਆਸੀ, ਤਹਿਸੀਲਦਾਰ ਚੋਣਾਂ ਸਰਬਜੀਤ ਸਿੰਘ, ਸਹਾਇਕ ਲੋਕ ਸੰਪਰਕ ਅਫਸਰ ਲੋਕੇਸ਼ ਕੁਮਾਰ, ਚੋਣ ਕਾਨੂੰਗੋ ਦੀਪਕ ਕੁਮਾਰ ਤੇ ਹੋਰ ਹਾਜ਼ਰ ਸਨ।

ਬਾਦਲ ਪਰਵਾਰ ਨੇ ਨਿੱਜੀ ਗਰਜ਼ਾਂ ਲਈ ਪੰਥਕ ਸਿਆਸਤ ਦਾ ਘਾਣ ਕੀਤਾ : ਪ੍ਰੋਫੈਸਰ ਮਹਿੰਦਰ ਪਾਲ ਸਿੰਘ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਕਾਂਗਰਸ ਨੂੰ ਦਰਬਾਰ ਸਾਹਿਬ 'ਤੇ ਹਮਲਾ ਕਰਨ ਲਈ ਉਕਸਾਉਣ ਵਾਲੇ ਪਾਰਟੀ ਭਾਜਪਾ ਨਾਲ ਮਰਹੂਮ ਆਗੂ ਪ੍ਰਕਾਸ਼ ਸਿੰਘ ਬਾਦਲ ਵੱਲੋਂ ਨਿੱਜੀ ਗਰਜ਼ਾਂ ਅਤੇ ਸਿਆਸੀ ਹਿੱਤਾਂ ਲਈ ਪਿਛਲੇ ਸਮੇਂ ਬਿਨਾਂ ਸ਼ਰਤ ਸਮਝੌਤੇ ਕਰਕੇ ਬਾਦਲ ਪਰਵਾਰ ਨੇ ਪੰਥਕ ਸਿਆਸਤ ਦਾ ਘਾਣ ਕੀਤਾ ਅਤੇ ਹੁਣ ਉਨਾਂ ਦੇ ਪੁੱਤਰ ਸੁਖਬੀਰ ਬਾਦਲ "ਪੰਜਾਬ ਬਚਾਓ ਯਾਤਰਾ" ਕੱਢ ਕੇ ਪੰਥ ਅਤੇ ਪੰਜਾਬ ਨੂੰ ਬਚਾਉਣ ਦੀ ਡਰਾਮੇਬਾਜ਼ੀ ਕਰ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪ੍ਰੋਫੈਸਰ ਮਹਿੰਦਰ ਪਾਲ ਸਿੰਘ ਜਰਨਲ ਸਕੱਤਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਟਾਂਡਾ ਅਨਾਜ ਮੰਡੀ ਵਿਖੇ ਪੱਤਰਕਾਰ ਪ੍ਰੀਤ ਸਿੰਘ ਸੈਣੀ ਦੀ ਅੰਤਿਮ ਅਰਦਾਸ ਦੇ ਸਮਾਗਮ ਵਿੱਚ ਸ਼ਮੂਲੀਅਤ ਤੋਂ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਤੇ ਕਰਦੇ ਹੋਏ ਕੀਤਾ। ਉਨ੍ਹਾ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਆਪਣੇ ਪਿਤਾ ਦੇ ਮਾਰਗ 'ਤੇ ਚੱਲਦਿਆਂ ਹੋਇਆਂ ਸਿੱਖ ਕੌਮ ਦਾ ਘਾਣ ਕਰਨ ਅਤੇ ਕਰਾਉਣ ਵਾਲੀ ਪਾਰਟੀ ਭਾਜਪਾ ਨਾਲ ਸਮਝੌਤਾ ਕਰਨ ਲਈ ਪੱਬਾਂ ਭਾਰ ਹੋਈ ਫਿਰਦੇ ਹਨ ਪਰ ਪੰਜਾਬ ਦੇ ਲੋਕ ਇਨ੍ਹਾਂ ਦੀਆਂ ਲੂੰਬੜ ਚਾਲਾਂ ਨੂੰ ਸਮਝ ਚੁੱਕੇ ਹਨ ਤੇ ਇਨ੍ਹਾਂ ਨੂੰ ਕਦੇ ਵੀ ਮੂੰਹ ਨਹੀਂ ਲਗਾਉਣਗੇ ਅਤੇ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਸਿੱਖ ਕੌਮ ਅਤੇ ਪੰਜਾਬ ਘਾਣ ਕਰਨ ਵਾਲਿਆਂ ਨੂੰ ਲੱਕ ਤੋੜਵੀਂ ਹਾਰ ਦੇ ਕੇ ਸਬਕ ਸਿਖਾਉਣਗੇ। ਇਸ ਸਮੇਂ ਹਾਈਕੋਰਟ ਦੇ ਵਕੀਲ ਸਿਮਰਨਜੀਤ ਸਿੰਘ, ਗੁਰਦੀਪ ਸਿੰਘ ਖੁਣਖੁਣ, ਮਾਸਟਰ ਕੁਲਦੀਪ ਸਿੰਘ ਮਸੀਤੀ, ਗੁਰਨਾਮ ਸਿੰਘ ਸਿੰਗੜੀਵਾਲਾ, ਸੰਦੀਪ ਸਿੰਘ ਖਾਲਸਾ ਟਾਂਡਾ, ਗੁਰਮੇਲ ਸਿੰਘ ਆਦਿ ਹਾਜ਼ਰ ਸਨ।

ਡਾ. ਮਨੀ ਛਾਬੜਾ ਨੂੰ ਬੈਸਟ ਪ੍ਰੋਗਰਾਮ ਅਫਸਰ ਦਾ ਖ਼ਿਤਾਬ

ਸੁਲਤਾਨਪੁਰ ਲੋਧੀ, (ਹਨੀ) ਯੁਵਕ ਸੇਵਾਵਾਂ ਵਿਭਾਗ, ਪੰਜਾਬ ਵੱਲੋਂ ਐਮਿਟੀ ਯੂਨੀਵਰਸਿਟੀ, ਮੋਹਾਲੀ ਵਿਖੇ ਰੈੱਡ ਰਿਬਨ ਕਲੱਬਾਂ ਦੇ 'ਰਾਜ ਪੱਧਰੀ ਮੈਗਾ ਈਵੈਂਟ 2023-24' ਦਾ ਆਯੋਜਨ ਕੀਤਾ ਗਿਆ । ਜਿਸ ਵਿੱਚ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ ਦੇ ਰੈੱਡ ਰਿਬਨ ਕਲੱਬ ਦੇ ਪ੍ਰੋਗਰਾਮ ਅਫ਼ਸਰ ਡਾ. ਮਨੀ ਛਾਬੜਾ ਨੂੰ ਬੈਸਟ ਪ੍ਰੋਗਰਾਮ ਅਫ਼ਸਰ ਦਾ ਮਾਨ ਮਿਲਿਆ। ਧਿਆਨਯੋਗ ਹੈ ਕਿ ਪੰਜਾਬ ਦੇ 23 ਜ਼ਿਲ੍ਹਿਆਂ ਦੇ ਕਾਲਜਾਂ ਰੈੱਡ ਰਿਬਨ ਕਲੱਬਾਂ ਵਿੱਚੋਂ ਹਰੇਕ ਜ਼ਿਲ੍ਹੇ ਦੇ ਦੋ ਬੈਸਟ ਰੈੱਡ ਰਿਬੱਨ ਪ੍ਰੋਗਰਾਮ ਅਫ਼ਸਰ ਅਤੇ ਸਹਾਇਕ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਜਾਣਾ ਸੀ। ਕਪੂਰਥਲਾ ਜ਼ਿਲ੍ਹੇ ਦੇ ਸਾਰੇ ਕਾਲਜਾਂ ਵਿੱਚੋਂ ਸਥਾਨਕ ਗੁਰੂ ਨਾਨਕ ਖਾਲਸਾ ਕਾਲਜ ਨੂੰ ਇਹ ਮਾਣ ਪ੍ਰਾਪਤ ਹੋਇਆ ਹੈ। ਰਮਨਜੀਤ ਕੌਰ ਵਿਦਿਆਰਥੀ ਐੱਮ. ਕਾਮ. ਸਮੈਸਟਰ ਚੌਥਾ ਨੂੰ ਬੈਸਟ ਵਲੰਟੀਅਰ ਦਾ ਸਨਮਾਨ ਮਿਲਿਆ। ਹਰ ਸਾਲ ਜ਼ਿਲ੍ਹਾ ਪੱਧਰੀ ਸਨਮਾਨ ਹਾਸਲ ਕਰਨ ਵਾਲੇ ਕਾਲਜ ਦੇ ਰੈੱਡ ਰਿਬਨ ਕਲੱਬ ਨੂੰ ਕਾਲਜ ਦੀ ਮੈਨੇਜਿੰਗ ਕਮੇਟੀ ਦੇ ਪ੍ਰਧਾਨ ਇੰਜ. ਸਵਰਨ ਸਿੰਘ ਤੇ ਕਾਰਜਕਾਰੀ ਪ੍ਰਿੰਸੀਪਲ ਪ੍ਰੋ. ਜਸਬੀਰ ਕੌਰ ਨੇ ਵਧ